# ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

## ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧॥

ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ ॥੧॥ ਤੇਰੇ ਗੁਣ ਗਾਵਾ ਦੇਹਿ ਬੁਝਾਈ ॥ ਜੈਸੇ ਸਚ ਮਹਿ ਰਹਉ ਰਜਾਈ ॥੧॥ ਰਹਾਉ ॥ ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ ॥ ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ ॥੨॥ ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ ॥ ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ ॥੩॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥ ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ ॥੪॥੧॥ ਬਿਲਾਵਲੁ ਮਹਲਾ ੧ ॥ ਮਨੁ ਮੰਦਰੁ ਤਨੁ ਵੇਸ ਕਲੰਦਰੁ ਘਟ ਹੀ ਤੀਰਥਿ ਨਾਵਾ ॥ ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ ਬਾਹੁੜਿ ਜਨਮਿ ਨ ਆਵਾ ॥੧॥ ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ ॥ ਕਉਣੁ ਜਾਣੈ ਪੀਰ ਪਰਾਈ ॥ ਹਮ ਨਾਹੀ ਚਿੰਤ ਪਰਾਈ ॥੧॥ ਰਹਾਉ ॥ ਅਗਮ ਅਗੋਚਰ ਅਲਖ ਅਪਾਰਾ ਚਿੰਤਾ ਕਰਹੁ ਹਮਾਰੀ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਘਟਿ ਘਟਿ ਜੋਤਿ ਤੁਮ੍ਾਰੀ ॥੨॥ ਸਿਖ ਮਤਿ ਸਭ ਬੁਧਿ ਤੁਮ੍ਾਰੀ ਮੰਦਿਰ ਛਾਵਾ ਤੇਰੇ ॥ ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ ॥੩॥ ਜੀਅ ਜੰਤ ਸਭਿ ਸਰਣਿ ਤੁਮ੍ਾਰੀ ਸਰਬ ਚਿੰਤ ਤੁਧੁ ਪਾਸੇ ॥ ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ ॥੪॥੨॥ ਬਿਲਾਵਲੁ ਮਹਲਾ ੧ ॥ ਆਪੇ ਸਬਦੁ ਆਪੇ ਨੀਸਾਨੁ ॥ ਆਪੇ ਸੁਰਤਾ ਆਪੇ ਜਾਨੁ ॥ ਆਪੇ ਕਰਿ ਕਰਿ ਵੇਖੈ ਤਾਣੁ ॥ ਤੂ ਦਾਤਾ

ਨਾਮੁ ਪਰਵਾਣੁ ॥੧॥ ਐਸਾ ਨਾਮੁ ਨਿਰੰਜਨ ਦੇਉ ॥ ਹਉ ਜਾਚਿਕੁ ਤੂ ਅਲਖ ਅਭੇਉ ॥੧॥ ਰਹਾਉ ॥ ਮਾਇਆ ਮੋਹੁ ਧਰਕਟੀ ਨਾਰਿ ॥ ਭੂੰਡੀ ਕਾਮਣਿ ਕਾਮਣਿਆਰਿ ॥ ਰਾਜੁ ਰੂਪੁ ਝੂਠਾ ਦਿਨ ਚਾਰਿ ॥ ਨਾਮੁ ਮਿਲੈ ਚਾਨਣੁ ਅੰਧਿਆਰਿ ॥੨॥ ਚਖਿ ਛੋਡੀ ਸਹਸਾ ਨਹੀ ਕੋਇ ॥ ਬਾਪੁ ਦਿਸੈ ਵੇਜਾਤਿ ਨ ਹੋਇ ॥ ਏਕੇ ਕਉ ਨਾਹੀ ਭਉ ਕੋਇ ॥ ਕਰਤਾ ਕਰੇ ਕਰਾਵੈ ਸੋਇ ॥੩॥ ਸਬਦਿ ਮੁਏ ਮਨੁ ਮਨ ਤੇ ਮਾਰਿਆ ॥ ਠਾਕਿ ਰਹੇ ਮਨੁ ਸਾਚੈ ਧਾਰਿਆ ॥ ਅਵਰੁ ਨ ਸੂਝੈ ਗੁਰ ਕਉ ਵਾਰਿਆ ॥ ਨਾਨਕ ਨਾਮਿ ਰਤੇ ਨਿਸਤਾਰਿਆ ॥੪॥੩॥ ਬਿਲਾਵਲੁ ਮਹਲਾ ੧ ॥ ਗੁਰ ਬਚਨੀ ਮਨੁ ਸਹਜ ਧਿਆਨੇ ॥ ਹਰਿ ਕੈ ਰੰਗਿ ਰਤਾ ਮਨੁ ਮਾਨੇ ॥ ਮਨਮੁਖ ਭਰਮਿ ਭੁਲੇ ਬਉਰਾਨੇ ॥ ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ ॥੧॥ ਬਿਨੁ ਦਰਸਨ ਕੈਸੇ ਜੀਵਉ ਮੇਰੀ ਮਾਈ ॥ ਹਰਿ ਬਿਨੁ ਜੀਅਰਾ ਰਹਿ ਨ ਸਕੈ ਖਿਨੁ ਸਤਿਗੁਰਿ ਬੂਝ ਬੁਝਾਈ ॥੧॥ ਰਹਾਉ ॥ ਮੇਰਾ ਪ੍ਰਭੁ ਬਿਸਰੈ ਹਉ ਮਰਉ ਦੁਖਾਲੀ ॥ ਸਾਸਿ ਗਿਰਾਸਿ ਜਪਉ ਅਪੁਨੇ ਹਰਿ ਭਾਲੀ ॥ ਸਦ ਬੈਰਾਗਨਿ ਹਰਿ ਨਾਮੁ ਨਿਹਾਲੀ ॥ ਅਬ ਜਾਨੇ ਗੁਰਮੁਖਿ ਹਰਿ ਨਾਲੀ ॥੨॥ ਅਕਥ ਕਥਾ ਕਹੀਐ ਗੁਰ ਭਾਇ ॥ ਪ੍ਰਭੁ ਅਗਮ ਅਗੋਚਰੁ ਦੇਇ ਦਿਖਾਇ ॥ ਬਿਨੁ ਗੁਰ ਕਰਣੀ ਕਿਆ ਕਾਰ ਕਮਾਇ ॥ ਹਉਮੈ ਮੇਟਿ ਚਲੈ ਗੁਰ ਸਬਦਿ ਸਮਾਇ ॥੩॥ ਮਨਮੁਖੁ ਵਿਛੁੜੈ ਖੋਟੀ ਰਾਸਿ ॥ ਗੁਰਮੁਖਿ ਨਾਮਿ ਮਿਲੈ ਸਾਬਾਸਿ ॥ ਹਰਿ ਕਿਰਪਾ ਧਾਰੀ ਦਾਸਨਿ ਦਾਸ ॥ ਜਨ ਨਾਨਕ ਹਰਿ ਨਾਮ ਧਨੁ ਰਾਸਿ ॥੪॥੪॥

ਬਿਲਾਵਲੁ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਧ੍ਰਿਗੁ ਧ੍ਰਿਗੁ ਖਾਇਆ ਧ੍ਰਿਗੁ ਧ੍ਰਿਗੁ ਸੋਇਆ ਧ੍ਰਿਗੁ ਧ੍ਰਿਗੁ ਕਾਪੜੁ ਅੰਗਿ ਚੜਾਇਆ ॥ ਧ੍ਰਿਗੁ ਸਰੀਰੁ ਕੁਟੰਬ ਸਹਿਤ ਸਿਉ ਜਿਤੁ ਹੁਣਿ ਖਸਮੁ ਨ ਪਾਇਆ ॥ ਪਉੜੀ ਛੁੜਕੀ ਫਿਰਿ ਹਾਥਿ ਨ ਆਵੈ ਅਹਿਲਾ ਜਨਮੁ ਗਵਾਇਆ ॥੧॥ ਦੂਜਾ ਭਾਉ ਨ ਦੇਈ ਲਿਵ ਲਾਗਣਿ ਜਿਨਿ ਹਰਿ ਕੇ ਚਰਣ ਵਿਸਾਰੇ ॥ ਜਗਜੀਵਨ ਦਾਤਾ ਜਨ ਸੇਵਕ ਤੇਰੇ ਤਿਨ ਕੇ ਤੈ ਦੂਖ ਨਿਵਾਰੇ ॥੧॥ ਰਹਾਉ ॥ ਤੂ ਦਇਆਲੁ ਦਇਆਪਤਿ ਦਾਤਾ ਕਿਆ ਏਹਿ ਜੰਤ ਵਿਚਾਰੇ ॥ ਮੁਕਤ ਬੰਧ ਸਭਿ ਤੁਝ ਤੇ ਹੋਏ ਐਸਾ ਆਖਿ ਵਖਾਣੇ ॥ ਗੁਰਮੁਖਿ ਹੋਵੈ ਸੋ ਮੁਕਤੁ ਕਹੀਐ ਮਨਮੁਖ ਬੰਧ ਵਿਚਾਰੇ ॥੨॥ ਸੋ ਜਨੁ ਮੁਕਤੁ ਜਿਸੁ ਏਕ ਲਿਵ ਲਾਗੀ ਸਦਾ ਰਹੈ ਹਰਿ ਨਾਲੇ ॥ ਤਿਨ ਕੀ ਗਹਣ ਗਤਿ ਕਹੀ ਨ ਜਾਈ ਸਚੈ ਆਪਿ

ਸਵਾਰੇ ॥ ਭਰਮਿ ਭੁਲਾਣੇ ਸਿ ਮਨਮੁਖ ਕਹੀਅਹਿ ਨਾ ਉਰਵਾਰਿ ਨ ਪਾਰੇ ॥੩॥ ਜਿਸ ਨੋ ਨਦਰਿ ਕਰੇ ਸੋਈ ਜਨੁ ਪਾਏ ਗੁਰ ਕਾ ਸਬਦੁ ਸਮ੍ਹਾਲੇ ॥ ਹਰਿ ਜਨ ਮਾਇਆ ਮਾਹਿ ਨਿਸਤਾਰੇ ॥ ਨਾਨਕ ਭਾਗੁ ਹੋਵੈ ਜਿਸੁ ਮਸਤਕਿ ਕਾਲਹਿ ਮਾਰਿ ਬਿਦਾਰੇ ॥੪॥੧॥ ਬਿਲਾਵਲੁ ਮਹਲਾ ੩ ॥ ਅਤੁਲੁ ਕਿਉ ਤੋਲਿਆ ਜਾਇ ॥ ਦੂਜਾ ਹੋਇ ਤ ਸੋਝੀ ਪਾਇ ॥ ਤਿਸ ਤੇ ਦੂਜਾ ਨਾਹੀ ਕੋਇ ॥ ਤਿਸ ਦੀ ਕੀਮਤਿ ਕਿਕੂ ਹੋਇ ॥੧॥ ਗੁਰ ਪਰਸਾਦਿ ਵਸੈ ਮਨਿ ਆਇ ॥ ਤਾ ਕੋ ਜਾਣੈ ਦੁਬਿਧਾ ਜਾਇ ॥੧॥ ਰਹਾਉ ॥ ਆਪਿ ਸਰਾਫੁ ਕਸਵਟੀ ਲਾਏ ॥ ਆਪੇ ਪਰਖੇ ਆਪਿ ਚਲਾਏ ॥ ਆਪੇ ਤੋਲੇ ਪੂਰਾ ਹੋਇ ॥ ਆਪੇ ਜਾਣੈ ਏਕੋ ਸੋਇ ॥੨॥ ਮਾਇਆ ਕਾ ਰੂਪੁ ਸਭੁ ਤਿਸ ਤੇ ਹੋਇ ॥ ਜਿਸ ਨੋ ਮੇਲੇ ਸੁ ਨਿਰਮਲੁ ਹੋਇ ॥ ਜਿਸ ਨੋ ਲਾਏ ਲਗੈ ਤਿਸੁ ਆਇ ॥ ਸਭੁ ਸਚੁ ਦਿਖਾਲੇ ਤਾ ਸਚਿ ਸਮਾਇ ॥੩॥ ਆਪੇ ਲਿਵ ਧਾਤੁ ਹੈ ਆਪੇ ॥ ਆਪਿ ਬੁਝਾਏ ਆਪੇ ਜਾਪੇ ॥ ਆਪੇ ਸਤਿਗੁਰੁ ਸਬਦੁ ਹੈ ਆਪੇ ॥ ਨਾਨਕ ਆਖਿ ਸੁਣਾਏ ਆਪੇ ॥੪॥੨॥ ਬਿਲਾਵਲੁ ਮਹਲਾ ੩ ॥ ਸਾਹਿਬ ਤੇ ਸੇਵਕੁ ਸੇਵ ਸਾਹਿਬ ਤੇ ਕਿਆ ਕੋ ਕਹੈ ਬਹਾਨਾ ॥ ਐਸਾ ਇਕੁ ਤੇਰਾ ਖੇਲੁ ਬਨਿਆ ਹੈ ਸਭ ਮਹਿ ਏਕੁ ਸਮਾਨਾ ॥੧॥ ਸਤਿਗੁਰਿ ਪਰਚੈ ਹਰਿ ਨਾਮਿ ਸਮਾਨਾ ॥ ਜਿਸੁ ਕਰਮੁ ਹੋਵੈ ਸੋ ਸਤਿਗੁਰੁ ਪਾਏ ਅਨਦਿਨੁ ਲਾਗੈ ਸਹਜ ਧਿਆਨਾ ॥੧॥ ਰਹਾਉ ॥ ਕਿਆ ਕੋਈ ਤੇਰੀ ਸੇਵਾ ਕਰੇ ਕਿਆ ਕੋ ਕਰੇ ਅਭਿਮਾਨਾ ॥ ਜਬ ਅਪੁਨੀ ਜੋਤਿ ਖਿੰਚਹਿ ਤੂ ਸੁਆਮੀ ਤਬ ਕੋਈ ਕਰਉ ਦਿਖਾ ਵਖਿਆਨਾ ॥੨॥ ਆਪੇ ਗੁਰੁ ਚੇਲਾ ਹੈ ਆਪੇ ਆਪੇ ਗੁਣੀ ਨਿਧਾਨਾ ॥ ਜਿਉ ਆਪਿ ਚਲਾਏ ਤਿਵੈ ਕੋਈ ਚਾਲੈ ਜਿਉ ਹਰਿ ਭਾਵੈ ਭਗਵਾਨਾ ॥੩॥ ਕਹਤ ਨਾਨਕੁ ਤੂ ਸਾਚਾ ਸਾਹਿਬੁ ਕਉਣੁ ਜਾਣੈ ਤੇਰੇ ਕਾਮਾਂ ॥ ਇਕਨਾ ਘਰ ਮਹਿ ਦੇ ਵਡਿਆਈ ਇਕਿ ਭਰਮਿ ਭਵਹਿ ਅਭਿਮਾਨਾ ॥੪॥੩॥ ਬਿਲਾਵਲੁ ਮਹਲਾ ੩ ॥ ਪੂਰਾ ਥਾਟੁ ਬਣਾਇਆ ਪੂਰੈ ਵੇਖਹੁ ਏਕ ਸਮਾਨਾ ॥ ਇਸੁ ਪਰਪੰਚ ਮਹਿ ਸਾਚੇ ਨਾਮ ਕੀ ਵਡਿਆਈ ਮਤੁ ਕੋ ਧਰਹੁ ਗੁਮਾਨਾ ॥੧॥ ਸਤਿਗੁਰ ਕੀ ਜਿਸ ਨੋ ਮਤਿ ਆਵੈ ਸੋ ਸਤਿਗੁਰ ਮਾਹਿ ਸਮਾਨਾ ॥ ਇਹ ਬਾਣੀ ਜੋ ਜੀਅਹੁ ਜਾਣੈ ਤਿਸੁ ਅੰਤਰਿ ਰਵੈ ਹਰਿ ਨਾਮਾ ॥੧॥ ਰਹਾਉ ॥ ਚਹੁ ਜੁਗਾ ਕਾ ਹੁਣਿ ਨਿਬੇੜਾ ਨਰ ਮਨੁਖਾ ਨੋ ਏਕੁ ਨਿਧਾਨਾ ॥ ਜਤੁ ਸੰਜਮ ਤੀਰਥ ਓਨਾ ਜੁਗਾ ਕਾ ਧਰਮੁ ਹੈ ਕਲਿ ਮਹਿ ਕੀਰਤਿ ਹਰਿ ਨਾਮਾ ॥੨॥ ਜੁਗਿ ਜੁਗਿ ਆਪੋ ਆਪਣਾ ਧਰਮੁ ਹੈ ਸੋਧਿ ਦੇਖਹੁ ਬੇਦ ਪੁਰਾਨਾ ॥ ਗੁਰਮੁਖਿ ਜਿਨੀ ਧਿਆਇਆ ਹਰਿ ਹਰਿ

ਜਗਿ ਤੇ ਪੂਰੇ ਪਰਵਾਨਾ ॥੩॥ ਕਹਤ ਨਾਨਕੁ ਸਚੇ ਸਿਉ ਪ੍ਰੀਤਿ ਲਾਏ ਚੂਕੈ ਮਨਿ ਅਭਿਮਾਨਾ ॥ ਕਹਤ ਸੁਣਤ ਸਭੇ ਸੁਖ ਪਾਵਹਿ ਮਾਨਤ ਪਾਹਿ ਨਿਧਾਨਾ ॥੪॥੪॥ ਬਿਲਾਵਲੁ ਮਹਲਾ ੩ ॥ ਗੁਰਮੁਖਿ ਪ੍ਰੀਤਿ ਜਿਸ ਨੋ ਆਪੇ ਲਾਏ ॥ ਤਿਤੁ ਘਰਿ ਬਿਲਾਵਲੁ ਗੁਰ ਸਬਦਿ ਸੁਹਾਏ ॥ ਮੰਗਲੁ ਨਾਰੀ ਗਾਵਹਿ ਆਏ ॥ ਮਿਲਿ ਪ੍ਰੀਤਮ ਸਦਾ ਸੁਖੁ ਪਾਏ ॥੧॥ ਹਉ ਤਿਨ ਬਲਿਹਾਰੈ ਜਿਨ੍ ਹਰਿ ਮੰਨਿ ਵਸਾਏ ॥ ਹਰਿ ਜਨ ਕਉ ਮਿਲਿਆ ਸੁਖੁ ਪਾਈਐ ਹਰਿ ਗੁਣ ਗਾਵੈ ਸਹਜਿ ਸੁਭਾਏ ॥੧॥ ਰਹਾਉ ॥ ਸਦਾ ਰੰਗਿ ਰਾਤੇ ਤੇਰੈ ਚਾਏ ॥ ਹਰਿ ਜੀਉ ਆਪਿ ਵਸੈ ਮਨਿ ਆਏ ॥ ਆਪੇ ਸੋਭਾ ਸਦ ਹੀ ਪਾਏ ॥ ਗੁਰਮੁਖਿ ਮੇਲੈ ਮੇਲਿ ਮਿਲਾਏ ॥੨॥ ਗੁਰਮੁਖਿ ਰਾਤੇ ਸਬਦਿ ਰੰਗਾਏ ॥ ਨਿਜ ਘਰਿ ਵਾਸਾ ਹਰਿ ਗੁਣ ਗਾਏ ॥ ਰੰਗਿ ਚਲੂਲੈ ਹਰਿ ਰਸਿ ਭਾਏ ॥ ਇਹੁ ਰੰਗੁ ਕਦੇ ਨ ਉਤਰੈ ਸਾਚਿ ਸਮਾਏ ॥੩॥ ਅੰਤਰਿ ਸਬਦੁ ਮਿਟਿਆ ਅਗਿਆਨੁ ਅੰਧੇਰਾ ॥ ਸਤਿਗੁਰ ਗਿਆਨੁ ਮਿਲਿਆ ਪ੍ਰੀਤਮੁ ਮੇਰਾ ॥ ਜੋ ਸਚਿ ਰਾਤੇ ਤਿਨ ਬਹੁੜਿ ਨ ਫੇਰਾ ॥ ਨਾਨਕ ਨਾਮੁ ਦ੍ਰਿੜਾਏ ਪੂਰਾ ਗੁਰੁ ਮੇਰਾ ॥੪॥੫॥ ਬਿਲਾਵਲੁ ਮਹਲਾ ੩ ॥ ਪੂਰੇ ਗੁਰ ਤੇ ਵਡਿਆਈ ਪਾਈ ॥ ਅਚਿੰਤ ਨਾਮੁ ਵਸਿਆ ਮਨਿ ਆਈ ॥ ਹਉਮੈ ਮਾਇਆ ਸਬਦਿ ਜਲਾਈ ॥ ਦਰਿ ਸਾਚੈ ਗੁਰ ਤੇ ਸੋਭਾ ਪਾਈ ॥੧॥ ਜਗਦੀਸ ਸੇਵਉ ਮੈ ਅਵਰੁ ਨ ਕਾਜਾ ॥ ਅਨਦਿਨੁ ਅਨਦੁ ਹੋਵੈ ਮਨਿ ਮੇਰੈ ਗੁਰਮੁਖਿ ਮਾਗਉ ਤੇਰਾ ਨਾਮੁ ਨਿਵਾਜਾ ॥੧॥ ਰਹਾਉ ॥ ਮਨ ਕੀ ਪਰਤੀਤਿ ਮਨ ਤੇ ਪਾਈ ॥ ਪੂਰੇ ਗੁਰ ਤੇ ਸਬਦਿ ਬੁਝਾਈ ॥ ਜੀਵਣ ਮਰਣੁ ਕੋ ਸਮਸਰਿ ਵੇਖੈ ॥ ਬਹੁੜਿ ਨ ਮਰੈ ਨਾ ਜਮੁ ਪੇਖੈ ॥੨॥ ਘਰ ਹੀ ਮਹਿ ਸਭਿ ਕੋਟ ਨਿਧਾਨ ॥ ਸਤਿਗੁਰਿ ਦਿਖਾਏ ਗਇਆ ਅਭਿਮਾਨੁ ॥ ਸਦ ਹੀ ਲਾਗਾ ਸਹਜਿ ਧਿਆਨ ॥ ਅਨਦਿਨੁ ਗਾਵੈ ਏਕੋ ਨਾਮ ॥੩॥ ਇਸੁ ਜੁਗ ਮਹਿ ਵਡਿਆਈ ਪਾਈ ॥ ਪੂਰੇ ਗੁਰ ਤੇ ਨਾਮੁ ਧਿਆਈ ॥ ਜਹ ਦੇਖਾ ਤਹ ਰਹਿਆ ਸਮਾਈ ॥ ਸਦਾ ਸੁਖਦਾਤਾ ਕੀਮਤਿ ਨਹੀ ਪਾਈ ॥੪॥ ਪੂਰੈ ਭਾਗਿ ਗੁਰੁ ਪੂਰਾ ਪਾਇਆ ॥ ਅੰਤਰਿ ਨਾਮੁ ਨਿਧਾਨੁ ਦਿਖਾਇਆ ॥ ਗੁਰ ਕਾ ਸਬਦੁ ਅਤਿ ਮੀਠਾ ਲਾਇਆ ॥ ਨਾਨਕ ਤ੍ਰਿਸਨ ਬੁਝੀ ਮਨਿ ਤਨਿ ਸੁਖੁ ਪਾਇਆ ॥੫॥੬॥੪॥੬॥੧੦॥

ਰਾਗੁ ਬਿਲਾਵਲੁ ਮਹਲਾ ੪ ਘਰੁ ੩ ੴ ਸਤਿਗੁਰ ਪ੍ਰਸਾਦਿ ॥

ਉਦਮ ਮਤਿ ਪ੍ਰਭ ਅੰਤਰਜਾਮੀ ਜਿਉ ਪ੍ਰੇਰੇ ਤਿਉ ਕਰਨਾ ॥ ਜਿਉ ਨਟੂਆ ਤੰਤੁ ਵਜਾਏ ਤੰਤੀ ਤਿਉ ਵਾਜਹਿ ਜੰਤ

ਜਨਾ ॥੧॥ ਜਪਿ ਮਨ ਰਾਮ ਨਾਮੁ ਰਸਨਾ ॥ ਮਸਤਕਿ ਲਿਖਤ ਲਿਖੇ ਗੁਰੁ ਪਾਇਆ ਹਰਿ ਹਿਰਦੈ ਹਰਿ ਬਸਨਾ ॥੧॥ ਰਹਾਉ ॥ ਮਾਇਆ ਗਿਰਸਤਿ ਭ੍ਰਮਤੁ ਹੈ ਪ੍ਰਾਨੀ ਰਖਿ ਲੇਵਹੁ ਜਨੁ ਅਪਨਾ ॥ ਜਿਉ ਪ੍ਰਹਿਲਾਦੁ ਹਰਣਾਖਸਿ ਗ੍ਰਸਿਓ ਹਰਿ ਰਾਖਿਓ ਹਰਿ ਸਰਨਾ ॥੨॥ ਕਵਨ ਕਵਨ ਕੀ ਗਤਿ ਮਿਤਿ ਕਹੀਐ ਹਰਿ ਕੀਏ ਪਤਿਤ ਪਵੰਨਾ ॥ ਓਹੁ ਢੋਵੈ ਢੋਰ ਹਾਥਿ ਚਮੁ ਚਮਰੇ ਹਰਿ ਉਧਰਿਓ ਪਰਿਓ ਸਰਨਾ ॥੩॥ ਪ੍ਰਭ ਦੀਨ ਦਇਆਲ ਭਗਤ ਭਵ ਤਾਰਨ ਹਮ ਪਾਪੀ ਰਾਖੁ ਪਪਨਾ ॥ ਹਰਿ ਦਾਸਨ ਦਾਸ ਦਾਸ ਹਮ ਕਰੀਅਹੁ ਜਨ ਨਾਨਕ ਦਾਸ ਦਾਸੰਨਾ ॥੪॥੧॥ ਬਿਲਾਵਲੁ ਮਹਲਾ ੪ ॥ ਹਮ ਮੂਰਖ ਮੁਗਧ ਅਗਿਆਨ ਮਤੀ ਸਰਣਾਗਤਿ ਪੁਰਖ ਅਜਨਮਾ ॥ ਕਰਿ ਕਿਰਪਾ ਰਖਿ ਲੇਵਹੁ ਮੇਰੇ ਠਾਕੁਰ ਹਮ ਪਾਥਰ ਹੀਨ ਅਕਰਮਾ ॥੧॥ ਮੇਰੇ ਮਨ ਭਜੁ ਰਾਮ ਨਾਮੈ ਰਾਮਾ ॥ ਗੁਰਮਤਿ ਹਰਿ ਰਸੁ ਪਾਈਐ ਹੋਰਿ ਤਿਆਗਹੁ ਨਿਹਫਲ ਕਾਮਾ ॥੧॥ ਰਹਾਉ ॥ ਹਰਿ ਜਨ ਸੇਵਕ ਸੇ ਹਰਿ ਤਾਰੇ ਹਮ ਨਿਰਗੁਨ ਰਾਖੁ ਉਪਮਾ ॥ ਤੁਝ ਬਿਨੁ ਅਵਰੁ ਨ ਕੋਈ ਮੇਰੇ ਠਾਕੁਰ ਹਰਿ ਜਪੀਐ ਵਡੇ ਕਰੰਮਾ ॥੨॥ ਨਾਮਹੀਨ ਧ੍ਰਿਗੁ ਜੀਵਤੇ ਤਿਨ ਵਡ ਦੂਖ ਸਹੰਮਾ ॥ ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮੰਦਭਾਗੀ ਮੂੜ ਅਕਰਮਾ ॥੩॥ ਹਰਿ ਜਨ ਨਾਮੁ ਅਧਾਰੁ ਹੈ ਧੁਰਿ ਪੂਰਬਿ ਲਿਖੇ ਵਡ ਕਰਮਾ ॥ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਜਨ ਨਾਨਕ ਸਫਲੁ ਜਨੰਮਾ ॥੪॥੨॥ ਬਿਲਾਵਲੁ ਮਹਲਾ ੪ ॥ ਹਮਰਾ ਚਿਤੁ ਲੁਭਤ ਮੋਹਿ ਬਿਖਿਆ ਬਹੁ ਦੁਰਮਤਿ ਮੈਲੁ ਭਰਾ ॥ ਤੁਮ੍ਰੀ ਸੇਵਾ ਕਰਿ ਨ ਸਕਹ ਪ੍ਰਭ ਹਮ ਕਿਉ ਕਰਿ ਮੁਗਧ ਤਰਾ ॥੧॥ ਮੇਰੇ ਮਨ ਜਪਿ ਨਰਹਰ ਨਾਮੁ ਨਰਹਰਾ ॥ ਜਨ ਊਪਰਿ ਕਿਰਪਾ ਪ੍ਰਭਿ ਧਾਰੀ ਮਿਲਿ ਸਤਿਗੁਰ ਪਾਰਿ ਪਰਾ ॥੧॥ ਰਹਾਉ ॥ ਹਮਰੇ ਪਿਤਾ ਠਾਕੁਰ ਪ੍ਰਭ ਸੁਆਮੀ ਹਰਿ ਦੇਹੁ ਮਤੀ ਜਸੁ ਕਰਾ ॥ ਤੁਮ੍ਰੈ ਸੰਗਿ ਲਗੇ ਸੇ ਉਧਰੇ ਜਿਉ ਸੰਗਿ ਕਾਸਟ ਲੋਹ ਤਰਾ ॥੨॥ ਸਾਕਤ ਨਰ ਹੋਛੀ ਮਤਿ ਮਧਿਮ ਜਿਨ੍ ਹਰਿ ਹਰਿ ਸੇਵ ਨ ਕਰਾ ॥ ਤੇ ਨਰ ਭਾਗਹੀਨ ਦੁਹਚਾਰੀ ਓਇ ਜਨਮਿ ਮੁਏ ਫਿਰਿ ਮਰਾ ॥੩॥ ਜਿਨ ਕਉ ਤੁਮ੍ ਹਰਿ ਮੇਲਹੁ ਸੁਆਮੀ ਤੇ ਨ੍ਾਏ ਸੰਤੋਖ ਗੁਰ ਸਰਾ ॥ ਦੁਰਮਤਿ ਮੈਲੁ ਗਈ ਹਰਿ ਭਜਿਆ ਜਨ ਨਾਨਕ ਪਾਰਿ ਪਰਾ ॥੪॥੩॥ ਬਿਲਾਵਲੁ ਮਹਲਾ ੪ ॥ ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਕਥਾ ਕਰਹੁ ॥ ਹਰਿ ਹਰਿ ਨਾਮੁ ਬੋਹਿਥੁ ਹੈ ਕਲਜੁਗਿ ਖੇਵਟੁ ਗੁਰ ਸਬਦਿ ਤਰਹੁ ॥੧॥ ਮੇਰੇ ਮਨ ਹਰਿ ਗੁਣ ਹਰਿ ਉਚਰਹੁ ॥ ਮਸਤਕਿ ਲਿਖਤ ਲਿਖੇ ਗੁਨ ਗਾਏ ਮਿਲਿ

ਸੰਗਤਿ ਪਾਰਿ ਪਰਹੁ ॥੧॥ ਰਹਾਉ ॥ ਕਾਇਆ ਨਗਰ ਮਹਿ ਰਾਮ ਰਸੁ ਊਤਮੁ ਕਿਉ ਪਾਈਐ ਉਪਦੇਸੁ ਜਨ ਕਰਹੁ ॥ ਸਤਿਗੁਰੁ ਸੇਵਿ ਸਫਲ ਹਰਿ ਦਰਸਨੁ ਮਿਲਿ ਅੰਮ੍ਰਿਤੁ ਹਰਿ ਰਸੁ ਪੀਅਹੁ ॥੨॥ ਹਰਿ ਹਰਿ ਨਾਮੁ ਅੰਮ੍ਰਿਤੁ ਹਰਿ ਮੀਠਾ ਹਰਿ ਸੰਤਹੁ ਚਾਖਿ ਦਿਖਹੁ ॥ ਗੁਰਮਤਿ ਹਰਿ ਰਸੁ ਮੀਠਾ ਲਾਗਾ ਤਿਨ ਬਿਸਰੇ ਸਭਿ ਬਿਖ ਰਸਹੁ ॥੩॥ ਰਾਮ ਨਾਮੁ ਰਸੁ ਰਾਮ ਰਸਾਇਣੁ ਹਰਿ ਸੇਵਹੁ ਸੰਤ ਜਨਹੁ ॥ ਚਾਰਿ ਪਦਾਰਥ ਚਾਰੇ ਪਾਏ ਗੁਰਮਤਿ ਨਾਨਕ ਹਰਿ ਭਜਹੁ ॥੪॥੪॥ ਬਿਲਾਵਲੁ ਮਹਲਾ ੪ ॥ ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਕੋ ਜਾਪੈ ਹਰਿ ਮੰਤ੍ਰੁ ਜਪੈਨੀ ॥ ਗੁਰੁ ਸਤਿਗੁਰੁ ਪਾਰਬ੍ਰਹਮੁ ਕਰਿ ਪੂਜਹੁ ਨਿਤ ਸੇਵਹੁ ਦਿਨਸੁ ਸਭ ਰੈਨੀ ॥੧॥ ਹਰਿ ਜਨ ਦੇਖਹੁ ਸਤਿਗੁਰੁ ਨੈਨੀ ॥ ਜੋ ਇਛਹੁ ਸੋਈ ਫਲੁ ਪਾਵਹੁ ਹਰਿ ਬੋਲਹੁ ਗੁਰਮਤਿ ਬੈਨੀ ॥੧॥ ਰਹਾਉ ॥ ਅਨਿਕ ਉਪਾਵ ਚਿਤਵੀਅਹਿ ਬਹੁਤੇਰੇ ਸਾ ਹੋਵੈ ਜਿ ਬਾਤ ਹੋਵੈਨੀ ॥ ਅਪਨਾ ਭਲਾ ਸਭੁ ਕੋਈ ਬਾਛੈ ਸੋ ਕਰੇ ਜਿ ਮੇਰੈ ਚਿਤਿ ਨ ਚਿਤੈਨੀ ॥੨॥ ਮਨ ਕੀ ਮਤਿ ਤਿਆਗਹੁ ਹਰਿ ਜਨ ਏਹਾ ਬਾਤ ਕਠੈਨੀ ॥ ਅਨਦਿਨੁ ਹਰਿ ਹਰਿ ਨਾਮੁ ਧਿਆਵਹੁ ਗੁਰ ਸਤਿਗੁਰ ਕੀ ਮਤਿ ਲੈਨੀ ॥੩॥ ਮਤਿ ਸੁਮਤਿ ਤੇਰੈ ਵਸਿ ਸੁਆਮੀ ਹਮ ਜੰਤ ਤੂ ਪੁਰਖੁ ਜੰਤੈਨੀ ॥ ਜਨ ਨਾਨਕ ਕੇ ਪ੍ਰਭ ਕਰਤੇ ਸੁਆਮੀ ਜਿਉ ਭਾਵੈ ਤਿਵੈ ਬੁਲੈਨੀ ॥੪॥੫॥ ਬਿਲਾਵਲੁ ਮਹਲਾ ੪ ॥ ਅਨਦ ਮੂਲੁ ਧਿਆਇਓ ਪੁਰਖੋਤਮੁ ਅਨਦਿਨੁ ਅਨਦ ਅਨੰਦੇ ॥ ਧਰਮ ਰਾਇ ਕੀ ਕਾਣਿ ਚੁਕਾਈ ਸਭਿ ਚੂਕੇ ਜਮ ਕੇ ਛੰਦੇ ॥੧॥ ਜਪਿ ਮਨ ਹਰਿ ਹਰਿ ਨਾਮੁ ਗੋੁਬਿੰਦੇ ॥ ਵਡਭਾਗੀ ਗੁਰੁ ਸਤਿਗੁਰੁ ਪਾਇਆ ਗੁਣ ਗਾਏ ਪਰਮਾਨੰਦੇ ॥੧॥ ਰਹਾਉ ॥ ਸਾਕਤ ਮੂੜ ਮਾਇਆ ਕੇ ਬਧਿਕ ਵਿਚਿ ਮਾਇਆ ਫਿਰਹਿ ਫਿਰੰਦੇ ॥ ਤ੍ਰਿਸਨਾ ਜਲਤ ਕਿਰਤ ਕੇ ਬਾਧੇ ਜਿਉ ਤੇਲੀ ਬਲਦ ਭਵੰਦੇ ॥੨॥ ਗੁਰਮੁਖਿ ਸੇਵ ਲਗੇ ਸੇ ਉਧਰੇ ਵਡਭਾਗੀ ਸੇਵ ਕਰੰਦੇ ॥ ਜਿਨ ਹਰਿ ਜਪਿਆ ਤਿਨ ਫਲੁ ਪਾਇਆ ਸਭਿ ਤੂਟੇ ਮਾਇਆ ਫੰਦੇ ॥੩॥ ਆਪੇ ਠਾਕੁਰੁ ਆਪੇ ਸੇਵਕੁ ਸਭੁ ਆਪੇ ਆਪਿ ਗੋਵਿੰਦੇ ॥ ਜਨ ਨਾਨਕ ਆਪੇ ਆਪਿ ਸਭੁ ਵਰਤੈ ਜਿਉ ਰਾਖੈ ਤਿਵੈ ਰਹੰਦੇ ॥੪॥੬॥

ੴ ਸਤਿਗੁਰ ਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੪ ਪੜਤਾਲ ਘਰੁ ੧੩॥ ਬੋਲਹੁ ਭਈਆ ਰਾਮ ਨਾਮੁ ਪਤਿਤ ਪਾਵਨੋ ॥ ਹਰਿ ਸੰਤ ਭਗਤ

ਤਾਰਨੋ ॥ ਹਰਿ ਭਰਿਪੁਰੇ ਰਹਿਆ ॥ ਜਲਿ ਥਲੇ ਰਾਮ ਨਾਮੁ ॥ ਨਿਤ ਗਾਈਐ ਹਰਿ ਦੂਖ ਬਿਸਾਰਨੋ ॥੧॥ ਰਹਾਉ ॥ ਹਰਿ ਕੀਆ ਹੈ ਸਫਲ ਜਨਮੁ ਹਮਾਰਾ ॥ ਹਰਿ ਜਪਿਆ ਹਰਿ ਦੂਖ ਬਿਸਾਰਨਹਾਰਾ ॥ ਗੁਰੁ ਭੇਟਿਆ ਹੈ ਮੁਕਤਿ ਦਾਤਾ ॥ ਹਰਿ ਕੀਈ ਹਮਾਰੀ ਸਫਲ ਜਾਤਾ ॥ ਮਿਲਿ ਸੰਗਤੀ ਗੁਨ ਗਾਵਨੋ ॥੧॥ ਮਨ ਰਾਮ ਨਾਮ ਕਰਿ ਆਸਾ ॥ ਭਾਉ ਦੂਜਾ ਬਿਨਸਿ ਬਿਨਾਸਾ ॥ ਵਿਚਿ ਆਸਾ ਹੋਇ ਨਿਰਾਸੀ ॥ ਸੋ ਜਨੁ ਮਿਲਿਆ ਹਰਿ ਪਾਸੀ ॥ ਕੋਈ ਰਾਮ ਨਾਮ ਗੁਨ ਗਾਵਨੋ ॥ ਜਨੁ ਨਾਨਕੁ ਤਿਸੁ ਪਗਿ ਲਾਵਨੋ ॥੨॥੧॥੭॥੪॥੬॥੭॥੧੭॥

ਰਾਗੁ ਬਿਲਾਵਲੁ ਮਹਲਾ ੫ ਚਉਪਦੇ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਨਦਰੀ ਆਵੈ ਤਿਸੁ ਸਿਉ ਮੋਹੁ ॥ ਕਿਉ ਮਿਲੀਐ ਪ੍ਰਭ ਅਬਿਨਾਸੀ ਤੋਹਿ ॥ ਕਰਿ ਕਿਰਪਾ ਮੋਹਿ ਮਾਰਗਿ ਪਾਵਹੁ ॥ ਸਾਧਸੰਗਤਿ ਕੈ ਅੰਚਲਿ ਲਾਵਹੁ ॥੧॥ ਕਿਉ ਤਰੀਐ ਬਿਖਿਆ ਸੰਸਾਰੁ ॥ ਸਤਿਗੁਰੁ ਬੋਹਿਥੁ ਪਾਵੈ ਪਾਰਿ ॥੧॥ ਰਹਾਉ ॥ ਪਵਨ ਝੁਲਾਰੇ ਮਾਇਆ ਦੇਇ ॥ ਹਰਿ ਕੇ ਭਗਤ ਸਦਾ ਥਿਰੁ ਸੇਇ ॥ ਹਰਖ ਸੋਗ ਤੇ ਰਹਹਿ ਨਿਰਾਰਾ ॥ ਸਿਰ ਊਪਰਿ ਆਪਿ ਗੁਰੂ ਰਖਵਾਰਾ ॥੨॥ ਪਾਇਆ ਵੇੜੁ ਮਾਇਆ ਸਰਬ ਭੁਇਅੰਗਾ ॥ ਹਉਮੈ ਪਚੇ ਦੀਪਕ ਦੇਖਿ ਪਤੰਗਾ ॥ ਸਗਲ ਸੀਗਾਰ ਕਰੇ ਨਹੀ ਪਾਵੈ ॥ ਜਾ ਹੋਇ ਕ੍ਰਿਪਾਲੁ ਤਾ ਗੁਰੂ ਮਿਲਾਵੈ ॥੩॥ ਹਉ ਫਿਰਉ ਉਦਾਸੀ ਮੈ ਇਕੁ ਰਤਨੁ ਦਸਾਇਆ ॥ ਨਿਰਮੋਲਕੁ ਹੀਰਾ ਮਿਲੈ ਨ ਉਪਾਇਆ ॥ ਹਰਿ ਕਾ ਮੰਦਰੁ ਤਿਸੁ ਮਹਿ ਲਾਲੁ ॥ ਗੁਰਿ ਖੋਲਿਆ ਪੜਦਾ ਦੇਖਿ ਭਈ ਨਿਹਾਲੁ ॥੪॥ ਜਿਨਿ ਚਾਖਿਆ ਤਿਸੁ ਆਇਆ ਸਾਦੁ ॥ ਜਿਉ ਗੂੰਗਾ ਮਨ ਮਹਿ ਬਿਸਮਾਦੁ ॥ ਆਨਦ ਰੂਪੁ ਸਭੁ ਨਦਰੀ ਆਇਆ ॥ ਜਨ ਨਾਨਕ ਹਰਿ ਗੁਣ ਆਖਿ ਸਮਾਇਆ ॥੫॥੧॥ ਬਿਲਾਵਲੁ ਮਹਲਾ ੫ ॥ ਸਰਬ ਕਲਿਆਣ ਕੀਏ ਗੁਰਦੇਵ ॥ ਸੇਵਕੁ ਅਪਨੀ ਲਾਇਓ ਸੇਵ ॥ ਬਿਘਨੁ ਨ ਲਾਗੈ ਜਪਿ ਅਲਖ ਅਭੇਵ ॥੧॥ ਧਰਤਿ ਪੁਨੀਤ ਭਈ ਗੁਨ ਗਾਏ ॥ ਦੁਰਤੁ ਗਇਆ ਹਰਿ ਨਾਮੁ ਧਿਆਏ ॥੧॥ ਰਹਾਉ ॥ ਸਭਨੀ ਥਾਂਈ ਰਵਿਆ ਆਪਿ ॥ ਆਦਿ ਜੁਗਾਦਿ ਜਾ ਕਾ ਵਡ ਪਰਤਾਪੁ ॥ ਗੁਰ ਪਰਸਾਦਿ ਨ ਹੋਇ ਸੰਤਾਪੁ ॥੨॥ ਗੁਰ ਕੇ ਚਰਨ ਲਗੇ ਮਨਿ ਮੀਠੇ ॥ ਨਿਰਬਿਘਨ ਹੋਇ ਸਭ ਥਾਂਈ ਵੂਠੇ ॥ ਸਭਿ ਸੁਖ ਪਾਏ ਸਤਿਗੁਰ ਤੂਠੇ ॥੩॥ ਪਾਰਬ੍ਰਹਮ ਪ੍ਰਭ ਭਏ ਰਖਵਾਲੇ ॥ ਜਿਥੈ ਕਿਥੈ ਦੀਸਹਿ ਨਾਲੇ ॥ ਨਾਨਕ ਦਾਸ ਖਸਮਿ ਪ੍ਰਤਿਪਾਲੇ ॥੪॥੨॥ ਬਿਲਾਵਲੁ ਮਹਲਾ ੫ ॥ ਸੁਖ ਨਿਧਾਨ

ਪ੍ਰੀਤਮ ਪ੍ਰਭ ਮੇਰੇ ॥ ਅਗਨਤ ਗੁਣ ਠਾਕੁਰ ਪ੍ਰਭ ਤੇਰੇ ॥ ਮੋਹਿ ਅਨਾਥ ਤੁਮਰੀ ਸਰਣਾਈ ॥ ਕਰਿ ਕਿਰਪਾ ਹਰਿ ਚਰਨ ਧਿਆਈ ॥੧॥ ਦਇਆ ਕਰਹੁ ਬਸਹੁ ਮਨਿ ਆਇ ॥ ਮੋਹਿ ਨਿਰਗੁਨ ਲੀਜੈ ਲੜਿ ਲਾਇ ॥ ਰਹਾਉ ॥ ਪ੍ਰਭੁ ਚਿਤਿ ਆਵੈ ਤਾ ਕੈਸੀ ਭੀੜ ॥ ਹਰਿ ਸੇਵਕ ਨਾਹੀ ਜਮ ਪੀੜ ॥ ਸਰਬ ਦੂਖ ਹਰਿ ਸਿਮਰਤ ਨਸੇ ॥ ਜਾ ਕੈ ਸੰਗਿ ਸਦਾ ਪ੍ਰਭੁ ਬਸੈ ॥੨॥ ਪ੍ਰਭ ਕਾ ਨਾਮੁ ਮਨਿ ਤਨਿ ਆਧਾਰੁ ॥ ਬਿਸਰਤ ਨਾਮੁ ਹੋਵਤ ਤਨੁ ਛਾਰੁ ॥ ਪ੍ਰਭ ਚਿਤਿ ਆਏ ਪੂਰਨ ਸਭ ਕਾਜ ॥ ਹਰਿ ਬਿਸਰਤ ਸਭ ਕਾ ਮੁਹਤਾਜ ॥੩॥ ਚਰਨ ਕਮਲ ਸੰਗਿ ਲਾਗੀ ਪ੍ਰੀਤਿ ॥ ਬਿਸਰਿ ਗਈ ਸਭ ਦੁਰਮਤਿ ਰੀਤਿ ॥ ਮਨ ਤਨ ਅੰਤਰਿ ਹਰਿ ਹਰਿ ਮੰਤ ॥ ਨਾਨਕ ਭਗਤਨ ਕੈ ਘਰਿ ਸਦਾ ਅਨੰਦ ॥੪॥੩॥

ਰਾਗੁ ਬਿਲਾਵਲੁ ਮਹਲਾ ੫ ਘਰੁ ੨ ਯਾਨੜੀਏ ਕੈ ਘਰਿ ਗਾਵਣਾ ੴ ਸਤਿਗੁਰ ਪ੍ਰਸਾਦਿ ॥

ਮੈ ਮਨਿ ਤੇਰੀ ਟੇਕ ਮੇਰੇ ਪਿਆਰੇ ਮੈ ਮਨਿ ਤੇਰੀ ਟੇਕ ॥ ਅਵਰ ਸਿਆਣਪਾ ਬਿਰਥੀਆ ਪਿਆਰੇ ਰਾਖਨ ਕਉ ਤੁਮ ਏਕ ॥੧॥ ਰਹਾਉ ॥ ਸਤਿਗੁਰੁ ਪੂਰਾ ਜੇ ਮਿਲੈ ਪਿਆਰੇ ਸੋ ਜਨੁ ਹੋਤ ਨਿਹਾਲਾ ॥ ਗੁਰ ਕੀ ਸੇਵਾ ਸੋ ਕਰੇ ਪਿਆਰੇ ਜਿਸ ਨੋ ਹੋਇ ਦਇਆਲਾ ॥ ਸਫਲ ਮੂਰਤਿ ਗੁਰਦੇਉ ਸੁਆਮੀ ਸਰਬ ਕਲਾ ਭਰਪੂਰੇ ॥ ਨਾਨਕ ਗੁਰੁ ਪਾਰਬ੍ਰਹਮੁ ਪਰਮੇਸਰੁ ਸਦਾ ਸਦਾ ਹਜੂਰੇ ॥੧॥ ਸੁਣਿ ਸੁਣਿ ਜੀਵਾ ਸੋਇ ਤਿਨਾ ਕੀ ਜਿਨ੍ ਅਪੁਨਾ ਪ੍ਰਭੁ ਜਾਤਾ ॥ ਹਰਿ ਨਾਮੁ ਅਰਾਧਹਿ ਨਾਮੁ ਵਖਾਣਹਿ ਹਰਿ ਨਾਮੇ ਹੀ ਮਨੁ ਰਾਤਾ ॥ ਸੇਵਕੁ ਜਨ ਕੀ ਸੇਵਾ ਮਾਗੈ ਪੂਰੈ ਕਰਮਿ ਕਮਾਵਾ ॥ ਨਾਨਕ ਕੀ ਬੇਨੰਤੀ ਸੁਆਮੀ ਤੇਰੇ ਜਨ ਦੇਖਣੁ ਪਾਵਾ ॥੨॥ ਵਡਭਾਗੀ ਸੇ ਕਾਢੀਅਹਿ ਪਿਆਰੇ ਸੰਤਸੰਗਤਿ ਜਿਨਾ ਵਾਸੋ ॥ ਅੰਮ੍ਰਿਤ ਨਾਮੁ ਅਰਾਧੀਐ ਨਿਰਮਲੁ ਮਨੈ ਹੋਵੈ ਪਰਗਾਸੋ ॥ ਜਨਮ ਮਰਣ ਦੁਖੁ ਕਾਟੀਐ ਪਿਆਰੇ ਚੂਕੈ ਜਮ ਕੀ ਕਾਣੇ ॥ ਤਿਨਾ ਪਰਾਪਤਿ ਦਰਸਨੁ ਨਾਨਕ ਜੋ ਪ੍ਰਭ ਅਪਣੇ ਭਾਣੇ ॥੩॥ ਊਚ ਅਪਾਰ ਬੇਅੰਤ ਸੁਆਮੀ ਕਉਣੁ ਜਾਣੈ ਗੁਣ ਤੇਰੇ ॥ ਗਾਵਤੇ ਉਧਰਹਿ ਸੁਣਤੇ ਉਧਰਹਿ ਬਿਨਸਹਿ ਪਾਪ ਘਨੇਰੇ ॥ ਪਸੂ ਪਰੇਤ ਮੁਗਧ ਕਉ ਤਾਰੇ ਪਾਹਨ ਪਾਰਿ ਉਤਾਰੈ ॥ ਨਾਨਕ ਦਾਸ ਤੇਰੀ ਸਰਣਾਈ ਸਦਾ ਸਦਾ ਬਲਿਹਾਰੈ ॥੪॥੧॥੪॥ ਬਿਲਾਵਲੁ ਮਹਲਾ ੫ ॥ ਬਿਖੈ ਬਨੁ ਫੀਕਾ ਤਿਆਗਿ ਰੀ ਸਖੀਏ ਨਾਮੁ ਮਹਾ ਰਸੁ ਪੀਓ ॥ ਬਿਨੁ ਰਸ ਚਾਖੇ ਬੁਡਿ ਗਈ ਸਗਲੀ ਸੁਖੀ ਨ ਹੋਵਤ ਜੀਓ ॥ ਮਾਨੁ ਮਹਤੁ ਨ ਸਕਤਿ ਹੀ

ਕਾਈ ਸਾਧਾ ਦਾਸੀ ਥੀਓ ॥ ਨਾਨਕ ਸੇ ਦਰਿ ਸੋਭਾਵੰਤੇ ਜੋ ਪ੍ਰਭਿ ਅਪੁਨੈ ਕੀਓ ॥੧॥ ਹਰਿਚੰਦਉਰੀ ਚਿਤ ਭ੍ਰਮੁ ਸਖੀਏ ਮ੍ਰਿਗ ਤ੍ਰਿਸਨਾ ਦ੍ਰੁਮ ਛਾਇਆ ॥ ਚੰਚਲਿ ਸੰਗਿ ਨ ਚਾਲਤੀ ਸਖੀਏ ਅੰਤਿ ਤਜਿ ਜਾਵਤ ਮਾਇਆ ॥ ਰਸਿ ਭੋਗਣ ਅਤਿ ਰੂਪ ਰਸ ਮਾਤੇ ਇਨ ਸੰਗਿ ਸੂਖੁ ਨ ਪਾਇਆ ॥ ਧੰਨਿ ਧੰਨਿ ਹਰਿ ਸਾਧ ਜਨ ਸਖੀਏ ਨਾਨਕ ਜਿਨੀ ਨਾਮੁ ਧਿਆਇਆ ॥੨॥ ਜਾਇ ਬਸਹੁ ਵਡਭਾਗਣੀ ਸਖੀਏ ਸੰਤਾ ਸੰਗਿ ਸਮਾਈਐ ॥ ਤਹ ਦੂਖ ਨ ਭੂਖ ਨ ਰੋਗੁ ਬਿਆਪੈ ਚਰਨ ਕਮਲ ਲਿਵ ਲਾਈਐ ॥ ਤਹ ਜਨਮ ਨ ਮਰਣੁ ਨ ਆਵਣ ਜਾਣਾ ਨਿਹਚਲੁ ਸਰਣੀ ਪਾਈਐ ॥ ਪ੍ਰੇਮ ਬਿਛੋਹੁ ਨ ਮੋਹੁ ਬਿਆਪੈ ਨਾਨਕ ਹਰਿ ਏਕੁ ਧਿਆਈਐ ॥੩॥ ਦ੍ਰਿਸਟਿ ਧਾਰਿ ਮਨੁ ਬੇਧਿਆ ਪਿਆਰੇ ਰਤੜੇ ਸਹਜਿ ਸੁਭਾਏ ॥ ਸੇਜ ਸੁਹਾਵੀ ਸੰਗਿ ਮਿਲਿ ਪ੍ਰੀਤਮ ਅਨਦ ਮੰਗਲ ਗੁਣ ਗਾਏ ॥ ਸਖੀ ਸਹੇਲੀ ਰਾਮ ਰੰਗਿ ਰਾਤੀ ਮਨ ਤਨ ਇਛ ਪੁਜਾਏ ॥ ਨਾਨਕ ਅਚਰਜੁ ਅਚਰਜ ਸਿਉ ਮਿਲਿਆ ਕਹਣਾ ਕਛੂ ਨ ਜਾਏ ॥੪॥੨॥੫॥

ਰਾਗੁ ਬਿਲਾਵਲੁ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥

ਏਕ ਰੂਪ ਸਗਲੋ ਪਾਸਾਰਾ ॥ ਆਪੇ ਬਨਜੁ ਆਪਿ ਬਿਉਹਾਰਾ ॥੧॥ ਐਸੋ ਗਿਆਨੁ ਬਿਰਲੋ ਈ ਪਾਏ ॥ ਜਤ ਜਤ ਜਾਈਐ ਤਤ ਦ੍ਰਿਸਟਾਏ ॥੧॥ ਰਹਾਉ ॥ ਅਨਿਕ ਰੰਗ ਨਿਰਗੁਨ ਇਕ ਰੰਗਾ ॥ ਆਪੇ ਜਲੁ ਆਪ ਹੀ ਤਰੰਗਾ ॥੨॥ ਆਪ ਹੀ ਮੰਦਰੁ ਆਪਹਿ ਸੇਵਾ ॥ ਆਪ ਹੀ ਪੂਜਾਰੀ ਆਪ ਹੀ ਦੇਵਾ ॥੩॥ ਆਪਹਿ ਜੋਗ ਆਪ ਹੀ ਜੁਗਤਾ ॥ ਨਾਨਕ ਕੇ ਪ੍ਰਭ ਸਦ ਹੀ ਮੁਕਤਾ ॥੪॥੧॥੬॥ ਬਿਲਾਵਲੁ ਮਹਲਾ ੫ ॥ ਆਪਿ ਉਪਾਵਨ ਆਪਿ ਸਧਰਨਾ ॥ ਆਪਿ ਕਰਾਵਨ ਦੋਸੁ ਨ ਲੈਨਾ ॥੧॥ ਆਪਨ ਬਚਨੁ ਆਪ ਹੀ ਕਰਨਾ ॥ ਆਪਨ ਬਿਭਉ ਆਪ ਹੀ ਜਰਨਾ ॥੧॥ ਰਹਾਉ ॥ ਆਪ ਹੀ ਮਸਟਿ ਆਪ ਹੀ ਬੁਲਨਾ ॥ ਆਪ ਹੀ ਅਛਲੁ ਨ ਜਾਈ ਛਲਨਾ ॥੨॥ ਆਪ ਹੀ ਗੁਪਤ ਆਪਿ ਪਰਗਟਨਾ ॥ ਆਪ ਹੀ ਘਟਿ ਘਟਿ ਆਪਿ ਅਲਿਪਨਾ ॥੩॥ ਆਪੇ ਅਵਿਗਤੁ ਆਪ ਸੰਗਿ ਰਚਨਾ ॥ ਕਹੁ ਨਾਨਕ ਪ੍ਰਭ ਕੇ ਸਭਿ ਜਚਨਾ ॥੪॥੨॥੭॥ ਬਿਲਾਵਲੁ ਮਹਲਾ ੫ ॥ ਭੂਲੇ ਮਾਰਗੁ ਜਿਨਹਿ ਬਤਾਇਆ ॥ ਐਸਾ ਗੁਰੁ ਵਡਭਾਗੀ ਪਾਇਆ ॥੧॥ ਸਿਮਰਿ ਮਨਾ ਰਾਮ ਨਾਮੁ ਚਿਤਾਰੇ ॥ ਬਸਿ ਰਹੇ ਹਿਰਦੈ

ਗੁਰ ਚਰਨ ਪਿਆਰੇ ॥੧॥ ਰਹਾਉ ॥ ਕਾਮਿ ਕ੍ਰੋਧਿ ਲੋਭਿ ਮੋਹਿ ਮਨੁ ਲੀਨਾ ॥ ਬੰਧਨ ਕਾਟਿ ਮੁਕਤਿ ਗੁਰਿ ਕੀਨਾ ॥੨॥ ਦੁਖ ਸੁਖ ਕਰਤ ਜਨਮਿ ਫੁਨਿ ਮੂਆ ॥ ਚਰਨ ਕਮਲ ਗੁਰਿ ਆਸ੍ਰਮੁ ਦੀਆ ॥੩॥ ਅਗਨਿ ਸਾਗਰ ਬੂਡਤ ਸੰਸਾਰਾ ॥ ਨਾਨਕ ਬਾਹ ਪਕਰਿ ਸਤਿਗੁਰਿ ਨਿਸਤਾਰਾ ॥੪॥੩॥੮॥ ਬਿਲਾਵਲੁ ਮਹਲਾ ੫ ॥ ਤਨੁ ਮਨੁ ਧਨੁ ਅਰਪਉ ਸਭੁ ਅਪਨਾ ॥ ਕਵਨ ਸੁ ਮਤਿ ਜਿਤੁ ਹਰਿ ਹਰਿ ਜਪਨਾ ॥੧॥ ਕਰਿ ਆਸਾ ਆਇਓ ਪ੍ਰਭ ਮਾਗਨਿ ॥ ਤੁਮ੍ ਪੇਖਤ ਸੋਭਾ ਮੇਰੈ ਆਗਨਿ ॥੧॥ ਰਹਾਉ ॥ ਅਨਿਕ ਜੁਗਤਿ ਕਰਿ ਬਹੁਤੁ ਬੀਚਾਰਉ ॥ ਸਾਧਸੰਗਿ ਇਸੁ ਮਨਹਿ ਉਧਾਰਉ ॥੨॥ ਮਤਿ ਬੁਧਿ ਸੁਰਤਿ ਨਾਹੀ ਚਤੁਰਾਈ ॥ ਤਾ ਮਿਲੀਐ ਜਾ ਲਏ ਮਿਲਾਈ ॥੩॥ ਨੈਨ ਸੰਤੋਖੇ ਪ੍ਰਭ ਦਰਸਨੁ ਪਾਇਆ ॥ ਕਹੁ ਨਾਨਕ ਸਫਲੁ ਸੋ ਆਇਆ ॥੪॥੪॥੯॥ ਬਿਲਾਵਲੁ ਮਹਲਾ ੫ ॥ ਮਾਤ ਪਿਤਾ ਸੁਤ ਸਾਥਿ ਨ ਮਾਇਆ ॥ ਸਾਧਸੰਗਿ ਸਭੁ ਦੂਖੁ ਮਿਟਾਇਆ ॥੧॥ ਰਵਿ ਰਹਿਆ ਪ੍ਰਭੁ ਸਭ ਮਹਿ ਆਪੇ ॥ ਹਰਿ ਜਪੁ ਰਸਨਾ ਦੁਖੁ ਨ ਵਿਆਪੇ ॥੧॥ ਰਹਾਉ ॥ ਤਿਖਾ ਭੂਖ ਬਹੁ ਤਪਤਿ ਵਿਆਪਿਆ ॥ ਸੀਤਲ ਭਏ ਹਰਿ ਹਰਿ ਜਸੁ ਜਾਪਿਆ ॥੨॥ ਕੋਟਿ ਜਤਨ ਸੰਤੋਖੁ ਨ ਪਾਇਆ ॥ ਮਨੁ ਤ੍ਰਿਪਤਾਨਾ ਹਰਿ ਗੁਣ ਗਾਇਆ ॥੩॥ ਦੇਹੁ ਭਗਤਿ ਪ੍ਰਭ ਅੰਤਰਜਾਮੀ ॥ ਨਾਨਕ ਕੀ ਬੇਨੰਤੀ ਸੁਆਮੀ ॥੪॥੫॥੧੦॥ ਬਿਲਾਵਲੁ ਮਹਲਾ ੫ ॥ ਗੁਰੁ ਪੂਰਾ ਵਡਭਾਗੀ ਪਾਈਐ ॥ ਮਿਲਿ ਸਾਧੂ ਹਰਿ ਨਾਮੁ ਧਿਆਈਐ ॥੧॥ ਪਾਰਬ੍ਰਹਮ ਪ੍ਰਭ ਤੇਰੀ ਸਰਨਾ ॥ ਕਿਲਬਿਖ ਕਾਟੈ ਭਜੁ ਗੁਰ ਕੇ ਚਰਨਾ ॥੧॥ ਰਹਾਉ ॥ ਅਵਰਿ ਕਰਮ ਸਭਿ ਲੋਕਾਚਾਰ ॥ ਮਿਲਿ ਸਾਧੂ ਸੰਗਿ ਹੋਇ ਉਧਾਰ ॥੨॥ ਸਿੰਮ੍ਰਿਤਿ ਸਾਸਤ ਬੇਦ ਬੀਚਾਰੇ ॥ ਜਪੀਐ ਨਾਮੁ ਜਿਤੁ ਪਾਰਿ ਉਤਾਰੇ ॥੩॥ ਜਨ ਨਾਨਕ ਕਉ ਪ੍ਰਭ ਕਿਰਪਾ ਕਰੀਐ ॥ ਸਾਧੂ ਧੂਰਿ ਮਿਲੈ ਨਿਸਤਰੀਐ ॥੪॥੬॥੧੧॥ ਬਿਲਾਵਲੁ ਮਹਲਾ ੫ ॥ ਗੁਰ ਕਾ ਸਬਦੁ ਰਿਦੇ ਮਹਿ ਚੀਨਾ ॥ ਸਗਲ ਮਨੋਰਥ ਪੂਰਨ ਆਸੀਨਾ ॥੧॥ ਸੰਤ ਜਨਾ ਕਾ ਮੁਖੁ ਊਜਲੁ ਕੀਨਾ ॥ ਕਰਿ ਕਿਰਪਾ ਅਪੁਨਾ ਨਾਮੁ ਦੀਨਾ ॥੧॥ ਰਹਾਉ ॥ ਅੰਧ ਕੂਪ ਤੇ ਕਰੁ ਗਹਿ ਲੀਨਾ ॥ ਜੈ ਜੈ ਕਾਰੁ ਜਗਤਿ ਪ੍ਰਗਟੀਨਾ ॥੨॥ ਨੀਚਾ ਤੇ ਊਚ ਊਨ ਪੂਰੀਨਾ ॥ ਅੰਮ੍ਰਿਤ ਨਾਮੁ ਮਹਾ ਰਸੁ ਲੀਨਾ ॥੩॥ ਮਨ ਤਨ ਨਿਰਮਲ ਪਾਪ ਜਲਿ ਖੀਨਾ ॥ ਕਹੁ ਨਾਨਕ ਪ੍ਰਭ ਭਏ ਪ੍ਰਸੀਨਾ ॥੪॥੭॥੧੨॥ ਬਿਲਾਵਲੁ ਮਹਲਾ ੫ ॥ ਸਗਲ ਮਨੋਰਥ ਪਾਈਅਹਿ ਮੀਤਾ ॥

ਚਰਨ ਕਮਲ ਸਿਉ ਲਾਈਐ ਚੀਤਾ ॥੧॥ ਹਉ ਬਲਿਹਾਰੀ ਜੋ ਪ੍ਰਭੂ ਧਿਆਵਤ ॥ ਜਲਨਿ ਬੁਝੈ ਹਰਿ ਹਰਿ ਗੁਨ ਗਾਵਤ ॥੧॥ ਰਹਾਉ ॥ ਸਫਲ ਜਨਮੁ ਹੋਵਤ ਵਡਭਾਗੀ ॥ ਸਾਧਸੰਗਿ ਰਾਮਹਿ ਲਿਵ ਲਾਗੀ ॥੨॥ ਮਤਿ ਪਤਿ ਧਨੁ ਸੁਖ ਸਹਜ ਅਨੰਦਾ ॥ ਇਕ ਨਿਮਖ ਨ ਵਿਸਰਹੁ ਪਰਮਾਨੰਦਾ ॥੩॥ ਹਰਿ ਦਰਸਨ ਕੀ ਮਨਿ ਪਿਆਸ ਘਨੇਰੀ ॥ ਭਨਤਿ ਨਾਨਕ ਸਰਣਿ ਪ੍ਰਭ ਤੇਰੀ ॥੪॥੮॥੧੩॥ ਬਿਲਾਵਲੁ ਮਹਲਾ ੫ ॥ ਮੋਹਿ ਨਿਰਗੁਨ ਸਭ ਗੁਣਹ ਬਿਹੂਨਾ ॥ ਦਇਆ ਧਾਰਿ ਅਪੁਨਾ ਕਰਿ ਲੀਨਾ ॥੧॥ ਮੇਰਾ ਮਨੁ ਤਨੁ ਹਰਿ ਗੋਪਾਲਿ ਸੁਹਾਇਆ ॥ ਕਰਿ ਕਿਰਪਾ ਪ੍ਰਭੁ ਘਰ ਮਹਿ ਆਇਆ ॥੧॥ ਰਹਾਉ ॥ ਭਗਤਿ ਵਛਲ ਭੈ ਕਾਟਨਹਾਰੇ ॥ ਸੰਸਾਰ ਸਾਗਰ ਅਬ ਉਤਰੇ ਪਾਰੇ ॥੨॥ ਪਤਿਤ ਪਾਵਨ ਪ੍ਰਭ ਬਿਰਦੁ ਬੇਦਿ ਲੇਖਿਆ ॥ ਪਾਰਬ੍ਰਹਮੁ ਸੋ ਨੈਨਹੁ ਪੇਖਿਆ ॥੩॥ ਸਾਧਸੰਗਿ ਪ੍ਰਗਟੇ ਨਾਰਾਇਣ ॥ ਨਾਨਕ ਦਾਸ ਸਭਿ ਦੂਖ ਪਲਾਇਣ ॥੪॥੯॥੧੪॥ ਬਿਲਾਵਲੁ ਮਹਲਾ ੫ ॥ ਕਵਨੁ ਜਾਨੈ ਪ੍ਰਭ ਤੁਮ੍ਰੀ ਸੇਵਾ ॥ ਪ੍ਰਭ ਅਵਿਨਾਸੀ ਅਲਖ ਅਭੇਵਾ ॥੧॥ ਗੁਣ ਬੇਅੰਤ ਪ੍ਰਭ ਗਹਿਰ ਗੰਭੀਰੇ ॥ ਊਚ ਮਹਲ ਸੁਆਮੀ ਪ੍ਰਭ ਮੇਰੇ ॥ ਤੂ ਅਪਰੰਪਰ ਠਾਕੁਰ ਮੇਰੇ ॥੧॥ ਰਹਾਉ ॥ ਏਕਸ ਬਿਨੁ ਨਾਹੀ ਕੋ ਦੂਜਾ ॥ ਤੁਮ੍ ਹੀ ਜਾਨਹੁ ਅਪਨੀ ਪੂਜਾ ॥੨॥ ਆਪਹੁ ਕਛੂ ਨ ਹੋਵਤ ਭਾਈ ॥ ਜਿਸੁ ਪ੍ਰਭੁ ਦੇਵੈ ਸੋ ਨਾਮੁ ਪਾਈ ॥੩॥ ਕਹੁ ਨਾਨਕ ਜੋ ਜਨੁ ਪ੍ਰਭ ਭਾਇਆ ॥ ਗੁਣ ਨਿਧਾਨ ਪ੍ਰਭੁ ਤਿਨ ਹੀ ਪਾਇਆ ॥੪॥੧੦॥੧੫॥ ਬਿਲਾਵਲੁ ਮਹਲਾ ੫ ॥ ਮਾਤ ਗਰਭ ਮਹਿ ਹਾਥ ਦੇ ਰਾਖਿਆ ॥ ਹਰਿ ਰਸੁ ਛੋਡਿ ਬਿਖਿਆ ਫਲੁ ਚਾਖਿਆ ॥੧॥ ਭਜੁ ਗੋਬਿਦ ਸਭ ਛੋਡਿ ਜੰਜਾਲ ॥ ਜਬ ਜਮੁ ਆਇ ਸੰਘਾਰੈ ਮੂੜੇ ਤਬ ਤਨੁ ਬਿਨਸਿ ਜਾਇ ਬੇਹਾਲ ॥੧॥ ਰਹਾਉ ॥ ਤਨੁ ਮਨੁ ਧਨੁ ਅਪਨਾ ਕਰਿ ਥਾਪਿਆ ॥ ਕਰਨਹਾਰੁ ਇਕ ਨਿਮਖ ਨ ਜਾਪਿਆ ॥੨॥ ਮਹਾ ਮੋਹ ਅੰਧ ਕੂਪ ਪਰਿਆ ॥ ਪਾਰਬ੍ਰਹਮੁ ਮਾਇਆ ਪਟਲਿ ਬਿਸਰਿਆ ॥੩॥ ਵਡੈ ਭਾਗਿ ਪ੍ਰਭ ਕੀਰਤਨੁ ਗਾਇਆ ॥ ਸੰਤਸੰਗਿ ਨਾਨਕ ਪ੍ਰਭੁ ਪਾਇਆ ॥੪॥੧੧॥੧੬॥ ਬਿਲਾਵਲੁ ਮਹਲਾ ੫ ॥ ਮਾਤ ਪਿਤਾ ਸੁਤ ਬੰਧਪ ਭਾਈ ॥ ਨਾਨਕ ਹੋਆ ਪਾਰਬ੍ਰਹਮੁ ਸਹਾਈ ॥੧॥ ਸੂਖ ਸਹਜ ਆਨੰਦ ਘਣੇ ॥ ਗੁਰੁ ਪੂਰਾ ਪੂਰੀ ਜਾ ਕੀ ਬਾਣੀ ਅਨਿਕ ਗੁਣਾ ਜਾ ਕੇ ਜਾਹਿ ਨ ਗਣੇ ॥੧॥ ਰਹਾਉ ॥ ਸਗਲ ਸਰੰਜਾਮ ਕਰੇ ਪ੍ਰਭੁ ਆਪੇ ॥ ਭਏ ਮਨੋਰਥ ਸੋ ਪ੍ਰਭੁ ਜਾਪੇ ॥੨॥ ਅਰਥ ਧਰਮ ਕਾਮ ਮੋਖ ਕਾ

ਦਾਤਾ ॥ ਪੂਰੀ ਭਈ ਸਿਮਰਿ ਸਿਮਰਿ ਬਿਧਾਤਾ ॥੩॥ ਸਾਧਸੰਗਿ ਨਾਨਕਿ ਰੰਗੁ ਮਾਣਿਆ ॥ ਘਰਿ ਆਇਆ ਪੂਰੈ ਗੁਰਿ ਆਣਿਆ ॥੪॥੧੨॥੧੭॥ ਬਿਲਾਵਲੁ ਮਹਲਾ ੫ ॥ ਸ੍ਰਬ ਨਿਧਾਨ ਪੂਰਨ ਗੁਰਦੇਵ ॥੧॥ ਰਹਾਉ ॥ ਹਰਿ ਹਰਿ ਨਾਮੁ ਜਪਤ ਨਰ ਜੀਵੇ ॥ ਮਰਿ ਖੁਆਰੁ ਸਾਕਤ ਨਰ ਥੀਵੇ ॥੧॥ ਰਾਮ ਨਾਮੁ ਹੋਆ ਰਖਵਾਰਾ ॥ ਝਖ ਮਾਰਉ ਸਾਕਤੁ ਵੇਚਾਰਾ ॥੨॥ ਨਿੰਦਾ ਕਰਿ ਕਰਿ ਪਚਹਿ ਘਨੇਰੇ ॥ ਮਿਰਤਕ ਫਾਸ ਗਲੈ ਸਿਰਿ ਪੈਰੇ ॥੩॥ ਕਹੁ ਨਾਨਕ ਜਪਹਿ ਜਨ ਨਾਮ ॥ ਤਾ ਕੇ ਨਿਕਟਿ ਨ ਆਵੈ ਜਾਮ ॥੪॥੧੩॥੧੮॥

ਰਾਗੁ ਬਿਲਾਵਲੁ ਮਹਲਾ ੫ ਘਰੁ ੪ ਦੁਪਦੇ ੴ ਸਤਿਗੁਰ ਪ੍ਰਸਾਦਿ ॥

ਕਵਨ ਸੰਜੋਗ ਮਿਲਉ ਪ੍ਰਭ ਅਪਨੇ ॥ ਪਲੁ ਪਲੁ ਨਿਮਖ ਸਦਾ ਹਰਿ ਜਪਨੇ ॥੧॥ ਚਰਨ ਕਮਲ ਪ੍ਰਭ ਕੇ ਨਿਤ ਧਿਆਵਉ ॥ ਕਵਨ ਸੁ ਮਤਿ ਜਿਤੁ ਪ੍ਰੀਤਮੁ ਪਾਵਉ ॥੧॥ ਰਹਾਉ ॥ ਐਸੀ ਕ੍ਰਿਪਾ ਕਰਹੁ ਪ੍ਰਭ ਮੇਰੇ ॥ ਹਰਿ ਨਾਨਕ ਬਿਸਰੁ ਨ ਕਾਹੂ ਬੇਰੇ ॥੨॥੧॥੧੯॥ ਬਿਲਾਵਲੁ ਮਹਲਾ ੫ ॥ ਚਰਨ ਕਮਲ ਪ੍ਰਭ ਹਿਰਦੈ ਧਿਆਏ ॥ ਰੋਗ ਗਏ ਸਗਲੇ ਸੁਖ ਪਾਏ ॥੧॥ ਗੁਰਿ ਦੁਖੁ ਕਾਟਿਆ ਦੀਨੋ ਦਾਨੁ ॥ ਸਫਲ ਜਨਮੁ ਜੀਵਨ ਪਰਵਾਨੁ ॥੧॥ ਰਹਾਉ ॥ ਅਕਥ ਕਥਾ ਅੰਮ੍ਰਿਤ ਪ੍ਰਭ ਬਾਨੀ ॥ ਕਹੁ ਨਾਨਕ ਜਪਿ ਜੀਵੇ ਗਿਆਨੀ ॥੨॥੨॥੨੦॥ ਬਿਲਾਵਲੁ ਮਹਲਾ ੫ ॥ ਸਾਂਤਿ ਪਾਈ ਗੁਰਿ ਸਤਿਗੁਰਿ ਪੂਰੇ ॥ ਸੁਖ ਉਪਜੇ ਬਾਜੇ ਅਨਹਦ ਤੂਰੇ ॥੧॥ ਰਹਾਉ ॥ ਤਾਪ ਪਾਪ ਸੰਤਾਪ ਬਿਨਾਸੇ ॥ ਹਰਿ ਸਿਮਰਤ ਕਿਲਵਿਖ ਸਭਿ ਨਾਸੇ ॥੧॥ ਅਨਦੁ ਕਰਹੁ ਮਿਲਿ ਸੁੰਦਰ ਨਾਰੀ ॥ ਗੁਰਿ ਨਾਨਕਿ ਮੇਰੀ ਪੈਜ ਸਵਾਰੀ ॥੨॥੩॥੨੧॥ ਬਿਲਾਵਲੁ ਮਹਲਾ ੫ ॥ ਮਮਤਾ ਮੋਹ ਧ੍ਰੋਹ ਮਦਿ ਮਾਤਾ ਬੰਧਨਿ ਬਾਧਿਆ ਅਤਿ ਬਿਕਰਾਲ ॥ ਦਿਨੁ ਦਿਨੁ ਛਿਜਤ ਬਿਕਾਰ ਕਰਤ ਅਉਧ ਫਾਹੀ ਫਾਥਾ ਜਮ ਕੈ ਜਾਲ ॥੧॥ ਤੇਰੀ ਸਰਣਿ ਪ੍ਰਭ ਦੀਨ ਦਇਆਲਾ ॥ ਮਹਾ ਬਿਖਮ ਸਾਗਰੁ ਅਤਿ ਭਾਰੀ ਉਧਰਹੁ ਸਾਧੂ ਸੰਗਿ ਰਵਾਲਾ ॥੧॥ ਰਹਾਉ ॥ ਪ੍ਰਭ ਸੁਖਦਾਤੇ ਸਮਰਥ ਸੁਆਮੀ ਜੀਉ ਪਿੰਡੁ ਸਭੁ ਤੁਮਰਾ ਮਾਲ ॥ ਭ੍ਰਮ ਕੇ ਬੰਧਨ ਕਾਟਹੁ ਪਰਮੇਸਰ ਨਾਨਕ ਕੇ ਪ੍ਰਭ ਸਦਾ ਕ੍ਰਿਪਾਲ ॥੨॥੪॥੨੨॥ ਬਿਲਾਵਲੁ ਮਹਲਾ ੫ ॥ ਸਗਲ ਅਨੰਦੁ ਕੀਆ ਪਰਮੇਸਰਿ ਅਪਣਾ ਬਿਰਦੁ ਸਮ੍ਹਾਰਿਆ ॥ ਸਾਧ ਜਨਾ ਹੋਏ ਕਿਰਪਾਲਾ ਬਿਗਸੇ ਸਭਿ ਪਰਵਾਰਿਆ ॥੧॥ ਕਾਰਜੁ ਸਤਿਗੁਰਿ ਆਪਿ ਸਵਾਰਿਆ ॥

ਵਡੀ ਆਰਜਾ ਹਰਿ ਗੋਬਿੰਦ ਕੀ ਸੂਖ ਮੰਗਲ ਕਲਿਆਣ ਬੀਚਾਰਿਆ ॥੧॥ ਰਹਾਉ ॥ ਵਣ ਤ੍ਰਿਣ ਤ੍ਰਿਭਵਣ ਹਰਿਆ ਹੋਏ ਸਗਲੇ ਜੀਅ ਸਾਧਾਰਿਆ ॥ ਮਨ ਇਛੇ ਨਾਨਕ ਫਲ ਪਾਏ ਪੂਰਨ ਇਛ ਪੁਜਾਰਿਆ ॥੨॥੫॥੨੩॥ ਬਿਲਾਵਲੁ ਮਹਲਾ ੫ ॥ ਜਿਸੁ ਊਪਰਿ ਹੋਵਤ ਦਇਆਲੁ ॥ ਹਰਿ ਸਿਮਰਤ ਕਾਟੈ ਸੋ ਕਾਲੁ ॥੧॥ ਰਹਾਉ ॥ ਸਾਧਸੰਗਿ ਭਜੀਐ ਗੋਪਾਲੁ ॥ ਗੁਨ ਗਾਵਤ ਤੂਟੈ ਜਮ ਜਾਲੁ ॥੧॥ ਆਪੇ ਸਤਿਗੁਰੁ ਆਪੇ ਪ੍ਰਤਿਪਾਲ ॥ ਨਾਨਕੁ ਜਾਚੈ ਸਾਧ ਰਵਾਲ ॥੨॥੬॥੨੪॥ ਬਿਲਾਵਲੁ ਮਹਲਾ ੫ ॥ ਮਨ ਮਹਿ ਸਿੰਚਹੁ ਹਰਿ ਹਰਿ ਨਾਮ ॥ ਅਨਦਿਨੁ ਕੀਰਤਨੁ ਹਰਿ ਗੁਣ ਗਾਮ ॥੧॥ ਐਸੀ ਪ੍ਰੀਤਿ ਕਰਹੁ ਮਨ ਮੇਰੇ ॥ ਆਠ ਪਹਰ ਪ੍ਰਭ ਜਾਨਹੁ ਨੇਰੇ ॥੧॥ ਰਹਾਉ ॥ ਕਹੁ ਨਾਨਕ ਜਾ ਕੇ ਨਿਰਮਲ ਭਾਗ ॥ ਹਰਿ ਚਰਨੀ ਤਾ ਕਾ ਮਨੁ ਲਾਗ ॥੨॥੭॥੨੫॥ ਬਿਲਾਵਲੁ ਮਹਲਾ ੫ ॥ ਰੋਗੁ ਗਇਆ ਪ੍ਰਭਿ ਆਪਿ ਗਵਾਇਆ ॥ ਨੀਦ ਪਈ ਸੁਖ ਸਹਜ ਘਰੁ ਆਇਆ ॥੧॥ ਰਹਾਉ ॥ ਰਜਿ ਰਜਿ ਭੋਜਨੁ ਖਾਵਹੁ ਮੇਰੇ ਭਾਈ ॥ ਅੰਮ੍ਰਿਤ ਨਾਮੁ ਰਿਦ ਮਾਹਿ ਧਿਆਈ ॥੧॥ ਨਾਨਕ ਗੁਰ ਪੂਰੇ ਸਰਨਾਈ ॥ ਜਿਨਿ ਅਪਨੇ ਨਾਮ ਕੀ ਪੈਜ ਰਖਾਈ ॥੨॥੮॥੨੬॥ ਬਿਲਾਵਲੁ ਮਹਲਾ ੫ ॥ ਸਤਿਗੁਰ ਕਰਿ ਦੀਨੇ ਅਸਥਿਰ ਘਰ ਬਾਰ ॥ ਰਹਾਉ ॥ ਜੋ ਜੋ ਨਿੰਦ ਕਰੈ ਇਨ ਗ੍ਰਿਹਨ ਕੀ ਤਿਸੁ ਆਗੈ ਹੀ ਮਾਰੈ ਕਰਤਾਰ ॥੧॥ ਨਾਨਕ ਦਾਸ ਤਾ ਕੀ ਸਰਨਾਈ ਜਾ ਕੋ ਸਬਦੁ ਅਖੰਡ ਅਪਾਰ ॥੨॥੯॥੨੭॥ ਬਿਲਾਵਲੁ ਮਹਲਾ ੫ ॥ ਤਾਪ ਸੰਤਾਪ ਸਗਲੇ ਗਏ ਬਿਨਸੇ ਤੇ ਰੋਗ ॥ ਪਾਰਬ੍ਰਹਮਿ ਤੂ ਬਖਸਿਆ ਸੰਤਨ ਰਸ ਭੋਗ ॥ ਰਹਾਉ ॥ ਸਰਬ ਸੁਖਾ ਤੇਰੀ ਮੰਡਲੀ ਤੇਰਾ ਮਨੁ ਤਨੁ ਆਰੋਗ ॥ ਗੁਨ ਗਾਵਹੁ ਨਿਤ ਰਾਮ ਕੇ ਇਹ ਅਵਖਦ ਜੋਗ ॥੧॥ ਆਇ ਬਸਹੁ ਘਰ ਦੇਸ ਮਹਿ ਇਹ ਭਲੇ ਸੰਜੋਗ ॥ ਨਾਨਕ ਪ੍ਰਭ ਸੁਪ੍ਰਸੰਨ ਭਏ ਲਹਿ ਗਏ ਬਿਓਗ ॥੨॥੧੦॥੨੮॥ ਬਿਲਾਵਲੁ ਮਹਲਾ ੫ ॥ ਕਾਹੂ ਸੰਗਿ ਨ ਚਾਲਹੀ ਮਾਇਆ ਜੰਜਾਲ ॥ ਊਠਿ ਸਿਧਾਰੇ ਛਤ੍ਰਪਤਿ ਸੰਤਨ ਕੈ ਖਿਆਲ ॥ ਰਹਾਉ ॥ ਅਹੰਬੁਧਿ ਕਉ ਬਿਨਸਨਾ ਇਹ ਧੁਰ ਕੀ ਢਾਲ ॥ ਬਹੁ ਜੋਨੀ ਜਨਮਹਿ ਮਰਹਿ ਬਿਖਿਆ ਬਿਕਰਾਲ ॥੧॥ ਸਤਿ ਬਚਨ ਸਾਧੂ ਕਹਹਿ ਨਿਤ ਜਪਹਿ ਗੁਪਾਲ ॥ ਸਿਮਰਿ ਸਿਮਰਿ ਨਾਨਕ ਤਰੇ ਹਰਿ ਕੇ ਰੰਗ ਲਾਲ ॥੨॥੧੧॥੨੯॥ ਬਿਲਾਵਲੁ ਮਹਲਾ ੫ ॥ ਸਹਜ ਸਮਾਧਿ ਅਨੰਦ ਸੂਖ ਪੂਰੇ ਗੁਰਿ ਦੀਨ ॥ ਸਦਾ ਸਹਾਈ ਸੰਗਿ ਪ੍ਰਭ ਅੰਮ੍ਰਿਤ ਗੁਣ ਚੀਨ ॥ ਰਹਾਉ ॥

ਜੈ ਜੈ ਕਾਰੁ ਜਗਤ੍ਰ ਮਹਿ ਲੋਚਹਿ ਸਭਿ ਜੀਆ ॥ ਸੁਪ੍ਰਸੰਨ ਭਏ ਸਤਿਗੁਰ ਪ੍ਰਭੂ ਕਛੁ ਬਿਘਨੁ ਨ ਥੀਆ ॥੧॥ ਜਾ ਕਾ ਅੰਗੁ ਦਇਆਲ ਪ੍ਰਭ ਤਾ ਕੇ ਸਭ ਦਾਸ ॥ ਸਦਾ ਸਦਾ ਵਡਿਆਈਆ ਨਾਨਕ ਗੁਰ ਪਾਸਿ ॥੨॥੧੨॥੩੦॥

ਰਾਗੁ ਬਿਲਾਵਲੁ ਮਹਲਾ ੫ ਘਰੁ ੫ ਚਉਪਦੇ ੴ ਸਤਿਗੁਰ ਪ੍ਰਸਾਦਿ ॥

ਮ੍ਰਿਤ ਮੰਡਲ ਜਗੁ ਸਾਜਿਆ ਜਿਉ ਬਾਲੂ ਘਰ ਬਾਰ ॥ ਬਿਨਸਤ ਬਾਰ ਨ ਲਾਗਈ ਜਿਉ ਕਾਗਦ ਬੂੰਦਾਰ ॥੧॥ ਸੁਨਿ ਮੇਰੀ ਮਨਸਾ ਮਨੈ ਮਾਹਿ ਸਤਿ ਦੇਖੁ ਬੀਚਾਰਿ ॥ ਸਿਧ ਸਾਧਿਕ ਗਿਰਹੀ ਜੋਗੀ ਤਜਿ ਗਏ ਘਰ ਬਾਰ ॥੧॥ ਰਹਾਉ ॥ ਜੈਸਾ ਸੁਪਨਾ ਰੈਨਿ ਕਾ ਤੈਸਾ ਸੰਸਾਰ ॥ ਦ੍ਰਿਸਟਿਮਾਨ ਸਭੁ ਬਿਨਸੀਐ ਕਿਆ ਲਗਹਿ ਗਵਾਰ ॥੨॥ ਕਹਾ ਸੁ ਭਾਈ ਮੀਤ ਹੈ ਦੇਖੁ ਨੈਨ ਪਸਾਰਿ ॥ ਇਕਿ ਚਾਲੇ ਇਕਿ ਚਾਲਸਹਿ ਸਭਿ ਅਪਨੀ ਵਾਰ ॥੩॥ ਜਿਨ ਪੂਰਾ ਸਤਿਗੁਰੁ ਸੇਵਿਆ ਸੇ ਅਸਥਿਰੁ ਹਰਿ ਦੁਆਰਿ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਰਾਖੁ ਪੈਜ ਮੁਰਾਰਿ ॥੪॥੧॥੩੧॥ ਬਿਲਾਵਲੁ ਮਹਲਾ ੫ ॥ ਲੋਕਨ ਕੀਆ ਵਡਿਆਈਆ ਬੈਸੰਤਰਿ ਪਾਗਉ ॥ ਜਿਉ ਮਿਲੈ ਪਿਆਰਾ ਆਪਨਾ ਤੇ ਬੋਲ ਕਰਾਗਉ ॥੧॥ ਜਉ ਪ੍ਰਭ ਜੀਉ ਦਇਆਲ ਹੋਇ ਤਉ ਭਗਤੀ ਲਾਗਉ ॥ ਲਪਟਿ ਰਹਿਓ ਮਨੁ ਬਾਸਨਾ ਗੁਰ ਮਿਲਿ ਇਹ ਤਿਆਗਉ ॥੧॥ ਰਹਾਉ ॥ ਕਰਉ ਬੇਨਤੀ ਅਤਿ ਘਨੀ ਇਹੁ ਜੀਉ ਹੋਮਾਗਉ ॥ ਅਰਥ ਆਨ ਸਭਿ ਵਾਰਿਆ ਪ੍ਰਿਅ ਨਿਮਖ ਸੋਹਾਗਉ ॥੨॥ ਪੰਚ ਸੰਗੁ ਗੁਰ ਤੇ ਛੁਟੇ ਦੋਖ ਅਰੁ ਰਾਗਉ ॥ ਰਿਦੈ ਪ੍ਰਗਾਸੁ ਪ੍ਰਗਟ ਭਇਆ ਨਿਸਿ ਬਾਸੁਰ ਜਾਗਉ ॥੩॥ ਸਰਣਿ ਸੋਹਾਗਨਿ ਆਇਆ ਜਿਸੁ ਮਸਤਕਿ ਭਾਗਉ ॥ ਕਹੁ ਨਾਨਕ ਤਿਨਿ ਪਾਇਆ ਤਨੁ ਮਨੁ ਸੀਤਲਾਗਉ ॥੪॥੨॥੩੨॥ ਬਿਲਾਵਲੁ ਮਹਲਾ ੫ ॥ ਲਾਲ ਰੰਗੁ ਤਿਸ ਕਉ ਲਗਾ ਜਿਸ ਕੇ ਵਡਭਾਗਾ ॥ ਮੈਲਾ ਕਦੇ ਨ ਹੋਵਈ ਨਹ ਲਾਗੈ ਦਾਗਾ ॥੧॥ ਪ੍ਰਭੁ ਪਾਇਆ ਸੁਖਦਾਈਆ ਮਿਲਿਆ ਸੁਖ ਭਾਇ ॥ ਸਹਜਿ ਸਮਾਨਾ ਭੀਤਰੇ ਛੋਡਿਆ ਨਹ ਜਾਇ ॥੧॥ ਰਹਾਉ ॥ ਜਰਾ ਮਰਾ ਨਹ ਵਿਆਪਈ ਫਿਰਿ ਦੂਖੁ ਨ ਪਾਇਆ ॥ ਪੀ ਅੰਮ੍ਰਿਤੁ ਆਘਾਨਿਆ ਗੁਰਿ ਅਮਰੁ ਕਰਾਇਆ ॥੨॥ ਸੋ ਜਾਨੈ ਜਿਨਿ ਚਾਖਿਆ ਹਰਿ ਨਾਮੁ ਅਮੋਲਾ ॥ ਕੀਮਤਿ ਕਹੀ ਨ ਜਾਈਐ ਕਿਆ ਕਹਿ ਮੁਖਿ ਬੋਲਾ ॥੩॥ ਸਫਲ ਦਰਸੁ ਤੇਰਾ ਪਾਰਬ੍ਰਹਮ

ਗੁਣ ਨਿਧਿ ਤੇਰੀ ਬਾਣੀ ॥ ਪਾਵਉ ਧੂਰਿ ਤੇਰੇ ਦਾਸ ਕੀ ਨਾਨਕ ਕੁਰਬਾਣੀ ॥੪॥੩॥੩੩॥ ਬਿਲਾਵਲੁ ਮਹਲਾ ੫ ॥
ਰਾਖਹੁ ਅਪਨੀ ਸਰਣਿ ਪ੍ਰਭ ਮੋਹਿ ਕਿਰਪਾ ਧਾਰੇ ॥ ਸੇਵਾ ਕਛੂ ਨ ਜਾਨਊ ਨੀਚੁ ਮੂਰਖਾਰੇ ॥੧॥ ਮਾਨੁ ਕਰਉ ਤੁਧੁ
ਊਪਰੇ ਮੇਰੇ ਪ੍ਰੀਤਮ ਪਿਆਰੇ ॥ ਹਮ ਅਪਰਾਧੀ ਸਦ ਭੂਲਤੇ ਤੁਮ੍ ਬਖਸਨਹਾਰੇ ॥੧॥ ਰਹਾਉ ॥ ਹਮ ਅਵਗਨ ਕਰਹ
ਅਸੰਖ ਨੀਤਿ ਤੁਮ੍ ਨਿਰਗੁਨ ਦਾਤਾਰੇ ॥ ਦਾਸੀ ਸੰਗਤਿ ਪ੍ਰਭੂ ਤਿਆਗਿ ਏ ਕਰਮ ਹਮਾਰੇ ॥੨॥ ਤੁਮ੍ ਦੇਵਹੁ ਸਭੁ
ਕਿਛੁ ਦਇਆ ਧਾਰਿ ਹਮ ਅਕਿਰਤਘਨਾਰੇ ॥ ਲਾਗਿ ਪਰੇ ਤੇਰੇ ਦਾਨ ਸਿਉ ਨਹ ਚਿਤਿ ਖਸਮਾਰੇ ॥੩॥ ਤੁਝ ਤੇ
ਬਾਹਰਿ ਕਿਛੁ ਨਹੀ ਭਵ ਕਾਟਨਹਾਰੇ ॥ ਕਹੁ ਨਾਨਕ ਸਰਣਿ ਦਇਆਲ ਗੁਰ ਲੇਹੁ ਮੁਗਧ ਉਧਾਰੇ ॥੪॥੪॥੩੪॥
ਬਿਲਾਵਲੁ ਮਹਲਾ ੫ ॥ ਦੋਸੁ ਨ ਕਾਹੂ ਦੀਜੀਐ ਪ੍ਰਭੁ ਅਪਨਾ ਧਿਆਈਐ ॥ ਜਿਤੁ ਸੇਵਿਐ ਸੁਖੁ ਹੋਇ ਘਨਾ ਮਨ
ਸੋਈ ਗਾਈਐ ॥੧॥ ਕਹੀਐ ਕਾਇ ਪਿਆਰੇ ਤੁਝੁ ਬਿਨਾ ॥ ਤੁਮ੍ ਦਇਆਲ ਸੁਆਮੀ ਸਭ ਅਵਗਨ ਹਮਾ ॥੧॥
ਰਹਾਉ ॥ ਜਿਉ ਤੁਮ੍ ਰਾਖਹੁ ਤਿਉ ਰਹਾ ਅਵਰੁ ਨਹੀ ਚਾਰਾ ॥ ਨੀਧਰਿਆ ਧਰ ਤੇਰੀਆ ਇਕ ਨਾਮ ਅਧਾਰਾ ॥੨॥
ਜੋ ਤੁਮ੍ ਕਰਹੁ ਸੋਈ ਭਲਾ ਮਨਿ ਲੇਤਾ ਮੁਕਤਾ ॥ ਸਗਲ ਸਮਗ੍ਰੀ ਤੇਰੀਆ ਸਭ ਤੇਰੀ ਜੁਗਤਾ ॥੩॥ ਚਰਨ ਪਖਾਰਉ
ਕਰਿ ਸੇਵਾ ਜੇ ਠਾਕੁਰ ਭਾਵੈ ॥ ਹੋਹੁ ਕ੍ਰਿਪਾਲ ਦਇਆਲ ਪ੍ਰਭ ਨਾਨਕੁ ਗੁਣ ਗਾਵੈ ॥੪॥੫॥੩੫॥ ਬਿਲਾਵਲੁ
ਮਹਲਾ ੫ ॥ ਮਿਰਤੁ ਹਸੈ ਸਿਰ ਊਪਰੇ ਪਸੂਆ ਨਹੀ ਬੂਝੈ ॥ ਬਾਦ ਸਾਦ ਅਹੰਕਾਰ ਮਹਿ ਮਰਣਾ ਨਹੀ ਸੂਝੈ ॥੧॥
ਸਤਿਗੁਰੁ ਸੇਵਹੁ ਆਪਨਾ ਕਾਹੇ ਫਿਰਹੁ ਅਭਾਗੇ ॥ ਦੇਖਿ ਕਸੁੰਭਾ ਰੰਗੁਲਾ ਕਾਹੇ ਭੂਲਿ ਲਾਗੇ ॥੧॥ ਰਹਾਉ ॥
ਕਰਿ ਕਰਿ ਪਾਪ ਦਰਬੁ ਕੀਆ ਵਰਤਣ ਕੈ ਤਾਈ ॥ ਮਾਟੀ ਸਿਉ ਮਾਟੀ ਰਲੀ ਨਾਗਾ ਉਠਿ ਜਾਈ ॥੨॥ ਜਾ ਕੈ ਕੀਐ
ਸ੍ਰਮੁ ਕਰੈ ਤੇ ਬੈਰ ਬਿਰੋਧੀ ॥ ਅੰਤ ਕਾਲਿ ਭਜਿ ਜਾਹਿਗੇ ਕਾਹੇ ਜਲਹੁ ਕਰੋਧੀ ॥੩॥ ਦਾਸ ਰੇਣੁ ਸੋਈ ਹੋਆ ਜਿਸੁ
ਮਸਤਕਿ ਕਰਮਾ ॥ ਕਹੁ ਨਾਨਕ ਬੰਧਨ ਛੁਟੇ ਸਤਿਗੁਰ ਕੀ ਸਰਨਾ ॥੪॥੬॥੩੬॥ ਬਿਲਾਵਲੁ ਮਹਲਾ ੫ ॥
ਪਿੰਗੁਲ ਪਰਬਤ ਪਾਰਿ ਪਰੇ ਖਲ ਚਤੁਰ ਬਕੀਤਾ ॥ ਅੰਧੁਲੇ ਤ੍ਰਿਭਵਣ ਸੂਝਿਆ ਗੁਰ ਭੇਟਿ ਪੁਨੀਤਾ ॥੧॥ ਮਹਿਮਾ
ਸਾਧੂ ਸੰਗ ਕੀ ਸੁਨਹੁ ਮੇਰੇ ਮੀਤਾ ॥ ਮੈਲੁ ਖੋਈ ਕੋਟਿ ਅਘ ਹਰੇ ਨਿਰਮਲ ਭਏ ਚੀਤਾ ॥੧॥ ਰਹਾਉ ॥ ਐਸੀ
ਭਗਤਿ ਗੋਵਿੰਦ ਕੀ ਕੀਟਿ ਹਸਤੀ ਜੀਤਾ ॥ ਜੋ ਜੋ ਕੀਨੋ ਆਪਨੋ ਤਿਸੁ ਅਭੈ ਦਾਨੁ ਦੀਤਾ ॥੨॥ ਸਿੰਘੁ ਬਿਲਾਈ

ਹੋਇ ਗਇਓ ਤ੍ਰਿਣੁ ਮੇਰੁ ਦਿਖੀਤਾ ॥ ਸੂਮੁ ਕਰਤੇ ਦਮ ਆਢ ਕਉ ਤੇ ਗਨੀ ਧਨੀਤਾ ॥੩॥ ਕਵਨ ਵਡਾਈ ਕਹਿ ਸਕਉ ਬੇਅੰਤ ਗੁਨੀਤਾ ॥ ਕਰਿ ਕਿਰਪਾ ਮੋਹਿ ਨਾਮੁ ਦੇਹੁ ਨਾਨਕ ਦਰ ਸਰੀਤਾ ॥੪॥੭॥੩੭॥ ਬਿਲਾਵਲੁ ਮਹਲਾ ੫ ॥ ਅਹੰਬੁਧਿ ਪਰਬਾਦ ਨੀਤ ਲੋਭ ਰਸਨਾ ਸਾਦਿ ॥ ਲਪਟਿ ਕਪਟਿ ਗ੍ਰਿਹਿ ਬੇਧਿਆ ਮਿਥਿਆ ਬਿਖਿਆਦਿ ॥੧॥ ਐਸੀ ਪੇਖੀ ਨੇਤ੍ਰ ਮਹਿ ਪੂਰੇ ਗੁਰ ਪਰਸਾਦਿ ॥ ਰਾਜ ਮਿਲਖ ਧਨ ਜੋਬਨਾ ਨਾਮੈ ਬਿਨੁ ਬਾਦਿ ॥੧॥ ਰਹਾਉ ॥ ਰੂਪ ਧੂਪ ਸੋਗੰਧਤਾ ਕਾਪਰ ਭੋਗਾਦਿ ॥ ਮਿਲਤ ਸੰਗਿ ਪਾਪਿਸਟ ਤਨ ਹੋਏ ਦੁਰਗਾਦਿ ॥੨॥ ਫਿਰਤ ਫਿਰਤ ਮਾਨੁਖੁ ਭਇਆ ਖਿਨ ਭੰਗਨ ਦੇਹਾਦਿ ॥ ਇਹ ਅਉਸਰ ਤੇ ਚੂਕਿਆ ਬਹੁ ਜੋਨਿ ਭ੍ਰਮਾਦਿ ॥੩॥ ਪ੍ਰਭ ਕਿਰਪਾ ਤੇ ਗੁਰ ਮਿਲੇ ਹਰਿ ਹਰਿ ਬਿਸਮਾਦ ॥ ਸੂਖ ਸਹਜ ਨਾਨਕ ਅਨੰਦ ਤਾ ਕੈ ਪੂਰਨ ਨਾਦ ॥੪॥੮॥੩੮॥ ਬਿਲਾਵਲੁ ਮਹਲਾ ੫ ॥ ਚਰਨ ਭਏ ਸੰਤ ਬੋਹਿਥਾ ਤਰੇ ਸਾਗਰੁ ਜੇਤ ॥ ਮਾਰਗ ਪਾਏ ਉਦਿਆਨ ਮਹਿ ਗੁਰਿ ਦਸੇ ਭੇਤ ॥੧॥ ਹਰਿ ਹਰਿ ਹਰਿ ਹਰਿ ਹਰਿ ਹਰੇ ਹਰਿ ਹਰਿ ਹਰਿ ਹੇਤ ॥ ਊਠਤ ਬੈਠਤ ਸੋਵਤੇ ਹਰਿ ਹਰਿ ਹਰਿ ਚੇਤ ॥੧॥ ਰਹਾਉ ॥ ਪੰਚ ਚੋਰ ਆਗੈ ਭਗੇ ਜਬ ਸਾਧਸੰਗੇਤ ॥ ਪੂੰਜੀ ਸਾਬਤੁ ਘਣੋ ਲਾਭੁ ਗ੍ਰਿਹਿ ਸੋਭਾ ਸੇਤ ॥੨॥ ਨਿਹਚਲ ਆਸਣੁ ਮਿਟੀ ਚਿੰਤ ਨਾਹੀ ਡੋਲੇਤ ॥ ਭਰਮੁ ਭੁਲਾਵਾ ਮਿਟਿ ਗਇਆ ਪ੍ਰਭ ਪੇਖਤ ਨੇਤ ॥੩॥ ਗੁਣ ਗਭੀਰ ਗੁਨ ਨਾਇਕਾ ਗੁਣ ਕਹੀਅਹਿ ਕੇਤ ॥ ਨਾਨਕ ਪਾਇਆ ਸਾਧਸੰਗਿ ਹਰਿ ਹਰਿ ਅੰਮ੍ਰੇਤ ॥੪॥੯॥੩੯॥ ਬਿਲਾਵਲੁ ਮਹਲਾ ੫ ॥ ਬਿਨੁ ਸਾਧੂ ਜੋ ਜੀਵਨਾ ਤੇਤੋ ਬਿਰਥਾਰੀ ॥ ਮਿਲਤ ਸੰਗਿ ਸਭਿ ਭ੍ਰਮ ਮਿਟੇ ਗਤਿ ਭਈ ਹਮਾਰੀ ॥੧॥ ਜਾ ਦਿਨ ਭੇਟੇ ਸਾਧ ਮੋਹਿ ਉਆ ਦਿਨ ਬਲਿਹਾਰੀ ॥ ਤਨੁ ਮਨੁ ਅਪਨੋ ਜੀਅਰਾ ਫਿਰਿ ਫਿਰਿ ਹਉ ਵਾਰੀ ॥੧॥ ਰਹਾਉ ॥ ਏਤ ਛਡਾਈ ਮੋਹਿ ਤੇ ਇਤਨੀ ਦ੍ਰਿੜਤਾਰੀ ॥ ਸਗਲ ਰੇਨ ਇਹੁ ਮਨੁ ਭਇਆ ਬਿਨਸੀ ਅਪਧਾਰੀ ॥੨॥ ਨਿੰਦ ਚਿੰਦ ਪਰ ਦੂਖਨਾ ਏ ਖਿਨ ਮਹਿ ਜਾਰੀ ॥ ਦਇਆ ਮਇਆ ਅਰੁ ਨਿਕਟਿ ਪੇਖੁ ਨਾਹੀ ਦੂਰਾਰੀ ॥੩॥ ਤਨ ਮਨ ਸੀਤਲ ਭਏ ਅਬ ਮੁਕਤੇ ਸੰਸਾਰੀ ॥ ਹੀਤ ਚੀਤ ਸਭ ਪ੍ਰਾਨ ਧਨ ਨਾਨਕ ਦਰਸਾਰੀ ॥੪॥੧੦॥੪੦॥ ਬਿਲਾਵਲੁ ਮਹਲਾ ੫ ॥ ਟਹਲ ਕਰਉ ਤੇਰੇ ਦਾਸ ਕੀ ਪਗ ਝਾਰਉ ਬਾਲ ॥ ਮਸਤਕੁ ਅਪਨਾ ਭੇਟ ਦੇਉ ਗੁਨ ਸੁਨਉ ਰਸਾਲ ॥੧॥ ਤੁਮ੍ ਮਿਲਤੇ ਮੇਰਾ ਮਨੁ ਜੀਓ ਤੁਮ੍ ਮਿਲਹੁ ਦਇਆਲ ॥ ਨਿਸਿ ਬਾਸੁਰ ਮਨਿ ਅਨਦੁ ਹੋਤ ਚਿਤਵਤ

ਕਿਰਪਾਲ ॥੧॥ ਰਹਾਉ ॥ ਜਗਤ ਉਧਾਰਨ ਸਾਧ ਪ੍ਰਭ ਤਿਨ੍ ਲਾਗਹੁ ਪਾਲ ॥ ਮੋ ਕਉ ਦੀਜੈ ਦਾਨੁ ਪ੍ਰਭ ਸੰਤਨ ਪਗ ਰਾਲ ॥੨॥ ਉਕਤਿ ਸਿਆਨਪ ਕਛੁ ਨਹੀ ਨਾਹੀ ਕਛੁ ਘਾਲ ॥ ਭ੍ਰਮ ਭੈ ਰਾਖਹੁ ਮੋਹ ਤੇ ਕਾਟਹੁ ਜਮ ਜਾਲ ॥੩॥ ਬਿਨਉ ਕਰਉ ਕਰੁਣਾਪਤੇ ਪਿਤਾ ਪ੍ਰਤਿਪਾਲ ॥ ਗੁਣ ਗਾਵਉ ਤੇਰੇ ਸਾਧਸੰਗਿ ਨਾਨਕ ਸੁਖ ਸਾਲ ॥੪॥੧੧॥ ੪੧॥ ਬਿਲਾਵਲੁ ਮਹਲਾ ੫ ॥ ਕੀਤਾ ਲੋੜਹਿ ਸੋ ਕਰਹਿ ਤੁਝ ਬਿਨੁ ਕਛੁ ਨਾਹਿ ॥ ਪਰਤਾਪੁ ਤੁਮ੍ਾਰਾ ਦੇਖਿ ਕੈ ਜਮਦੂਤ ਛਡਿ ਜਾਹਿ ॥੧॥ ਤੁਮ੍ਰੀ ਕ੍ਰਿਪਾ ਤੇ ਛੂਟੀਐ ਬਿਨਸੈ ਅਹੰਮੇਵ ॥ ਸਰਬ ਕਲਾ ਸਮਰਥ ਪ੍ਰਭ ਪੂਰੇ ਗੁਰਦੇਵ ॥੧॥ ਰਹਾਉ ॥ ਖੋਜਤ ਖੋਜਤ ਖੋਜਿਆ ਨਾਮੈ ਬਿਨੁ ਕੂਰੁ ॥ ਜੀਵਨ ਸੁਖੁ ਸਭੁ ਸਾਧਸੰਗਿ ਪ੍ਰਭ ਮਨਸਾ ਪੂਰੁ ॥੨॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਸਿਆਨਪ ਸਭ ਜਾਲੀ ॥ ਜਤ ਕਤ ਤੁਮ੍ ਭਰਪੂਰ ਹਹੁ ਮੇਰੇ ਦੀਨ ਦਇਆਲੀ ॥੩॥ ਸਭੁ ਕਿਛੁ ਤੁਮ ਤੇ ਮਾਗਨਾ ਵਡਭਾਗੀ ਪਾਏ ॥ ਨਾਨਕ ਕੀ ਅਰਦਾਸਿ ਪ੍ਰਭ ਜੀਵਾ ਗੁਨ ਗਾਏ ॥੪॥੧੨॥੪੨॥ ਬਿਲਾਵਲੁ ਮਹਲਾ ੫ ॥ ਸਾਧਸੰਗਤਿ ਕੈ ਬਾਸਬੈ ਕਲਮਲ ਸਭਿ ਨਸਨਾ ॥ ਪ੍ਰਭ ਸੇਤੀ ਰੰਗਿ ਰਾਤਿਆ ਤਾ ਤੇ ਗਰਭਿ ਨ ਗ੍ਰਸਨਾ ॥੧॥ ਨਾਮੁ ਕਹਤ ਗੋਵਿੰਦ ਕਾ ਸੂਚੀ ਭਈ ਰਸਨਾ ॥ ਮਨ ਤਨ ਨਿਰਮਲ ਹੋਈ ਹੈ ਗੁਰ ਕਾ ਜਪੁ ਜਪਨਾ ॥੧॥ ਰਹਾਉ ॥ ਹਰਿ ਰਸੁ ਚਾਖਤ ਧ੍ਰਾਪਿਆ ਮਨਿ ਰਸੁ ਲੈ ਹਸਨਾ ॥ ਬੁਧਿ ਪ੍ਰਗਾਸ ਪ੍ਰਗਟ ਭਈ ਉਲਟਿ ਕਮਲੁ ਬਿਗਸਨਾ ॥੨॥ ਸੀਤਲ ਸਾਂਤਿ ਸੰਤੋਖੁ ਹੋਇ ਸਭ ਬੂਝੀ ਤ੍ਰਿਸਨਾ ॥ ਦਹ ਦਿਸ ਧਾਵਤ ਮਿਟਿ ਗਏ ਨਿਰਮਲ ਥਾਨਿ ਬਸਨਾ ॥੩॥ ਰਾਖਨਹਾਰੈ ਰਾਖਿਆ ਭਏ ਭ੍ਰਮ ਭਸਨਾ ॥ ਨਾਮੁ ਨਿਧਾਨ ਨਾਨਕ ਸੁਖੀ ਪੇਖਿ ਸਾਧ ਦਰਸਨਾ ॥੪॥੧੩॥੪੩॥ ਬਿਲਾਵਲੁ ਮਹਲਾ ੫ ॥ ਪਾਣੀ ਪਖਾ ਪੀਸੁ ਦਾਸ ਕੈ ਤਬ ਹੋਹਿ ਨਿਹਾਲੁ ॥ ਰਾਜ ਮਿਲਖ ਸਿਕਦਾਰੀਆ ਅਗਨੀ ਮਹਿ ਜਾਲੁ ॥੧॥ ਸੰਤ ਜਨਾ ਕਾ ਛੋਹਰਾ ਤਿਸੁ ਚਰਣੀ ਲਾਗਿ ॥ ਮਾਇਆਧਾਰੀ ਛਤ੍ਰਪਤਿ ਤਿਨ੍ ਛੋਡਉ ਤਿਆਗਿ ॥੧॥ ਰਹਾਉ ॥ ਸੰਤਨ ਕਾ ਦਾਨਾ ਰੂਖਾ ਸੋ ਸਰਬ ਨਿਧਾਨ ॥ ਗ੍ਰਿਹਿ ਸਾਕਤ ਛਤੀਹ ਪ੍ਰਕਾਰ ਤੇ ਬਿਖੂ ਸਮਾਨ ॥੨॥ ਭਗਤ ਜਨਾ ਕਾ ਲੂਗਰਾ ਓਢਿ ਨਗਨ ਨ ਹੋਈ ॥ ਸਾਕਤ ਸਿਰਪਾਉ ਰੇਸਮੀ ਪਹਿਰਤ ਪਤਿ ਖੋਈ ॥੩॥ ਸਾਕਤ ਸਿਉ ਮੁਖਿ ਜੋਰਿਐ ਅਧ ਵੀਚਹੁ ਟੂਟੈ ॥ ਹਰਿ ਜਨ ਕੀ ਸੇਵਾ ਜੋ ਕਰੇ ਇਤ ਊਤਹਿ ਛੂਟੈ ॥੪॥ ਸਭ ਕਿਛੁ ਤੁਮ੍ ਹੀ ਤੇ ਹੋਆ ਆਪਿ ਬਣਤ ਬਣਾਈ ॥ ਦਰਸਨੁ ਭੇਟਤ ਸਾਧ ਕਾ ਨਾਨਕ

ਗੁਣ ਗਾਈ ॥੫॥੧੪॥੪੪॥ ਬਿਲਾਵਲੁ ਮਹਲਾ ੫ ॥ ਸ੍ਰਵਨੀ ਸੁਨਉ ਹਰਿ ਹਰਿ ਹਰੇ ਠਾਕੁਰ ਜਸੁ ਗਾਵਉ ॥
ਸੰਤ ਚਰਣ ਕਰ ਸੀਸੁ ਧਰਿ ਹਰਿ ਨਾਮੁ ਧਿਆਵਉ ॥੧॥ ਕਰਿ ਕਿਰਪਾ ਦਇਆਲ ਪ੍ਰਭ ਇਹ ਨਿਧਿ ਸਿਧਿ
ਪਾਵਉ ॥ ਸੰਤ ਜਨਾ ਕੀ ਰੇਣੁਕਾ ਲੈ ਮਾਥੈ ਲਾਵਉ ॥੧॥ ਰਹਾਉ ॥ ਨੀਚ ਤੇ ਨੀਚੁ ਅਤਿ ਨੀਚੁ ਹੋਇ ਕਰਿ ਬਿਨਉ
ਬੁਲਾਵਉ ॥ ਪਾਵ ਮਲੋਵਾ ਆਪੁ ਤਿਆਗਿ ਸੰਤਸੰਗਿ ਸਮਾਵਉ ॥੨॥ ਸਾਸਿ ਸਾਸਿ ਨਹ ਵੀਸਰੈ ਅਨ ਕਤਹਿ
ਨ ਧਾਵਉ ॥ ਸਫਲ ਦਰਸਨ ਗੁਰੁ ਭੇਟੀਐ ਮਾਨੁ ਮੋਹੁ ਮਿਟਾਵਉ ॥੩॥ ਸਤੁ ਸੰਤੋਖੁ ਦਇਆ ਧਰਮੁ ਸੀਗਾਰੁ
ਬਨਾਵਉ ॥ ਸਫਲ ਸੁਹਾਗਣਿ ਨਾਨਕਾ ਅਪੁਨੇ ਪ੍ਰਭ ਭਾਵਉ ॥੪॥੧੫॥੪੫॥ ਬਿਲਾਵਲੁ ਮਹਲਾ ੫ ॥
ਅਟਲ ਬਚਨ ਸਾਧੂ ਜਨਾ ਸਭ ਮਹਿ ਪ੍ਰਗਟਾਇਆ ॥ ਜਿਸੁ ਜਨ ਹੋਆ ਸਾਧਸੰਗੁ ਤਿਸੁ ਭੇਟੈ ਹਰਿ ਰਾਇਆ ॥੧॥
ਇਹ ਪਰਤੀਤਿ ਗੋਵਿੰਦ ਕੀ ਜਪਿ ਹਰਿ ਸੁਖੁ ਪਾਇਆ ॥ ਅਨਿਕ ਬਾਤਾ ਸਭਿ ਕਰਿ ਰਹੇ ਗੁਰੁ ਘਰਿ ਲੈ
ਆਇਆ ॥੧॥ ਰਹਾਉ ॥ ਸਰਣਿ ਪਰੇ ਕੀ ਰਾਖਤਾ ਨਾਹੀ ਸਹਸਾਇਆ ॥ ਕਰਮ ਭੂਮਿ ਹਰਿ ਨਾਮੁ ਬੋਇ
ਅਉਸਰੁ ਦੁਲਭਾਇਆ ॥੨॥ ਅੰਤਰਜਾਮੀ ਆਪਿ ਪ੍ਰਭੁ ਸਭ ਕਰੇ ਕਰਾਇਆ ॥ ਪਤਿਤ ਪੁਨੀਤ ਘਣੇ ਕਰੇ
ਠਾਕੁਰ ਬਿਰਦਾਇਆ ॥੩॥ ਮਤ ਭੂਲਹੁ ਮਾਨੁਖ ਜਨ ਮਾਇਆ ਭਰਮਾਇਆ ॥ ਨਾਨਕ ਤਿਸੁ ਪਤਿ ਰਾਖਸੀ
ਜੋ ਪ੍ਰਭਿ ਪਹਿਰਾਇਆ ॥੪॥੧੬॥੪੬॥ ਬਿਲਾਵਲੁ ਮਹਲਾ ੫ ॥ ਮਾਟੀ ਤੇ ਜਿਨਿ ਸਾਜਿਆ ਕਰਿ
ਦੁਰਲਭ ਦੇਹ ॥ ਅਨਿਕ ਛਿਦ੍ਰ ਮਨ ਮਹਿ ਢਕੇ ਨਿਰਮਲ ਦ੍ਰਿਸਟੇਹ ॥੧॥ ਕਿਉ ਬਿਸਰੈ ਪ੍ਰਭੁ ਮਨੈ ਤੇ ਜਿਸ ਕੇ
ਗੁਣ ਏਹ ॥ ਪ੍ਰਭ ਤਜਿ ਰਚੇ ਜਿ ਆਨ ਸਿਉ ਸੋ ਰਲੀਐ ਖੇਹ ॥੧॥ ਰਹਾਉ ॥ ਸਿਮਰਹੁ ਸਿਮਰਹੁ ਸਾਸਿ ਸਾਸਿ
ਮਤ ਬਿਲਮ ਕਰੇਹ ॥ ਛੋਡਿ ਪ੍ਰਪੰਚੁ ਪ੍ਰਭ ਸਿਉ ਰਚਹੁ ਤਜਿ ਕੂੜੇ ਨੇਹ ॥੨॥ ਜਿਨਿ ਅਨਿਕ ਏਕ ਬਹੁ ਰੰਗ ਕੀਏ
ਹੈ ਹੋਸੀ ਏਹ ॥ ਕਰਿ ਸੇਵਾ ਤਿਸੁ ਪਾਰਬ੍ਰਹਮ ਗੁਰ ਤੇ ਮਤਿ ਲੇਹ ॥੩॥ ਊਚੇ ਤੇ ਊਚਾ ਵਡਾ ਸਭ ਸੰਗਿ ਬਰਨੇਹ ॥
ਦਾਸ ਦਾਸ ਕੋ ਦਾਸਰਾ ਨਾਨਕ ਕਰਿ ਲੇਹ ॥੪॥੧੭॥੪੭॥ ਬਿਲਾਵਲੁ ਮਹਲਾ ੫ ॥ ਏਕ ਟੇਕ ਗੋਵਿੰਦ ਕੀ
ਤਿਆਗੀ ਅਨ ਆਸ ॥ ਸਭ ਊਪਰਿ ਸਮਰਥ ਪ੍ਰਭ ਪੂਰਨ ਗੁਣਤਾਸ ॥੧॥ ਜਨ ਕਾ ਨਾਮੁ ਅਧਾਰੁ ਹੈ ਪ੍ਰਭ
ਸਰਣੀ ਪਾਹਿ ॥ ਪਰਮੇਸਰ ਕਾ ਆਸਰਾ ਸੰਤਨ ਮਨ ਮਾਹਿ ॥੧॥ ਰਹਾਉ ॥ ਆਪਿ ਰਖੈ ਆਪਿ ਦੇਵਸੀ

ਆਪੇ ਪ੍ਰਤਿਪਾਰੈ ॥ ਦੀਨ ਦਇਆਲ ਕ੍ਰਿਪਾ ਨਿਧੇ ਸਾਸਿ ਸਾਸਿ ਸਮ੍ਾਰੈ ॥੨॥ ਕਰਣਹਾਰੁ ਜੋ ਕਰਿ ਰਹਿਆ ਸਾਈ ਵਡਿਆਈ ॥ ਗੁਰਿ ਪੂਰੈ ਉਪਦੇਸਿਆ ਸੁਖੁ ਖਸਮ ਰਜਾਈ ॥੩॥ ਚਿੰਤ ਅੰਦੇਸਾ ਗਣਤ ਤਜਿ ਜਨਿ ਹੁਕਮੁ ਪਛਾਤਾ ॥ ਨਹ ਬਿਨਸੈ ਨਹ ਛੋਡਿ ਜਾਇ ਨਾਨਕ ਰੰਗਿ ਰਾਤਾ ॥੪॥੧੮॥੪੮॥ ਬਿਲਾਵਲੁ ਮਹਲਾ ੫ ॥ ਮਹਾ ਤਪਤਿ ਤੇ ਭਈ ਸਾਂਤਿ ਪਰਸਤ ਪਾਪ ਨਾਠੇ ॥ ਅੰਧ ਕੂਪ ਮਹਿ ਗਲਤ ਥੇ ਕਾਢੇ ਦੇ ਹਾਥੇ ॥੧॥ ਓਇ ਹਮਾਰੇ ਸਾਜਨਾ ਹਮ ਉਨ ਕੀ ਰੇਨ ॥ ਜਿਨ ਭੇਟਤ ਹੋਵਤ ਸੁਖੀ ਜੀਅ ਦਾਨੁ ਦੇਨ ॥੧॥ ਰਹਾਉ ॥ ਪਰਾ ਪੂਰਬਲਾ ਲੀਖਿਆ ਮਿਲਿਆ ਅਬ ਆਇ ॥ ਬਸਤ ਸੰਗਿ ਹਰਿ ਸਾਧ ਕੈ ਪੂਰਨ ਆਸਾਇ ॥੨॥ ਭੈ ਬਿਨਸੇ ਤਿਹੁ ਲੋਕ ਕੇ ਪਾਏ ਸੁਖ ਥਾਨ ॥ ਦਇਆ ਕਰੀ ਸਮਰਥ ਗੁਰਿ ਬਸਿਆ ਮਨਿ ਨਾਮ ॥੩॥ ਨਾਨਕ ਕੀ ਤੂ ਟੇਕ ਪ੍ਰਭ ਤੇਰਾ ਆਧਾਰ ॥ ਕਰਣ ਕਾਰਣ ਸਮਰਥ ਪ੍ਰਭ ਹਰਿ ਅਗਮ ਅਪਾਰ ॥੪॥੧੯॥੪੯॥ ਬਿਲਾਵਲੁ ਮਹਲਾ ੫ ॥ ਸੋਈ ਮਲੀਨੁ ਦੀਨੁ ਹੀਨੁ ਜਿਸੁ ਪ੍ਰਭੁ ਬਿਸਰਾਨਾ ॥ ਕਰਨੈਹਾਰੁ ਨ ਬੂਝਈ ਆਪੁ ਗਨੈ ਬਿਗਾਨਾ ॥੧॥ ਦੂਖੁ ਤਦੇ ਜਦਿ ਵੀਸਰੈ ਸੁਖੁ ਪ੍ਰਭ ਚਿਤਿ ਆਏ ॥ ਸੰਤਨ ਕੈ ਆਨੰਦੁ ਏਹੁ ਨਿਤ ਹਰਿ ਗੁਣ ਗਾਏ ॥੧॥ ਰਹਾਉ ॥ ਊਚੇ ਤੇ ਨੀਚਾ ਕਰੈ ਨੀਚ ਖਿਨ ਮਹਿ ਥਾਪੈ ॥ ਕੀਮਤਿ ਕਹੀ ਨ ਜਾਈਐ ਠਾਕੁਰ ਪਰਤਾਪੈ ॥੨॥ ਪੇਖਤ ਲੀਲਾ ਰੰਗ ਰੂਪ ਚਲਨੈ ਦਿਨੁ ਆਇਆ ॥ ਸੁਪਨੇ ਕਾ ਸੁਪਨਾ ਭਇਆ ਸੰਗਿ ਚਲਿਆ ਕਮਾਇਆ ॥੩॥ ਕਰਣ ਕਾਰਣ ਸਮਰਥ ਪ੍ਰਭ ਤੇਰੀ ਸਰਣਾਈ ॥ ਹਰਿ ਦਿਨਸੁ ਰੈਣਿ ਨਾਨਕੁ ਜਪੈ ਸਦ ਸਦ ਬਲਿ ਜਾਈ ॥੪॥੨੦॥੫੦॥ ਬਿਲਾਵਲੁ ਮਹਲਾ ੫ ॥ ਜਲੁ ਢੋਵਉ ਇਹ ਸੀਸ ਕਰਿ ਕਰ ਪਗ ਪਖਲਾਵਉ ॥ ਬਾਰਿ ਜਾਉ ਲਖ ਬੇਰੀਆ ਦਰਸੁ ਪੇਖਿ ਜੀਵਾਵਉ ॥੧॥ ਕਰਉ ਮਨੋਰਥ ਮਨੈ ਮਾਹਿ ਅਪਨੇ ਪ੍ਰਭ ਤੇ ਪਾਵਉ ॥ ਦੇਉ ਸੂਹਨੀ ਸਾਧ ਕੈ ਬੀਜਨੁ ਢੋਲਾਵਉ ॥੧॥ ਰਹਾਉ ॥ ਅੰਮ੍ਰਿਤ ਗੁਣ ਸੰਤ ਬੋਲਤੇ ਸੁਣਿ ਮਨਹਿ ਪੀਲਾਵਉ ॥ ਉਆ ਰਸ ਮਹਿ ਸਾਂਤਿ ਤ੍ਰਿਪਤਿ ਹੋਇ ਬਿਖੈ ਜਲਨਿ ਬੁਝਾਵਉ ॥੨॥ ਜਬ ਭਗਤਿ ਕਰਹਿ ਸੰਤ ਮੰਡਲੀ ਤਿਨ੍ ਮਿਲਿ ਹਰਿ ਗਾਵਉ ॥ ਕਰਉ ਨਮਸਕਾਰ ਭਗਤ ਜਨ ਧੂਰਿ ਮੁਖਿ ਲਾਵਉ ॥੩॥ ਊਠਤ ਬੈਠਤ ਜਪਉ ਨਾਮੁ ਇਹੁ ਕਰਮੁ ਕਮਾਵਉ ॥ ਨਾਨਕ ਕੀ ਪ੍ਰਭ ਬੇਨਤੀ ਹਰਿ ਸਰਨਿ ਸਮਾਵਉ ॥੪॥੨੧॥੫੧॥ ਬਿਲਾਵਲੁ ਮਹਲਾ ੫ ॥ ਇਹੁ ਸਾਗਰੁ ਸੋਈ ਤਰੈ ਜੋ ਹਰਿ ਗੁਣ ਗਾਏ ॥ ਸਾਧਸੰਗਤਿ ਕੈ ਸੰਗਿ

ਵਸੈ ਵਡਭਾਗੀ ਪਾਏ ॥੧॥ ਸੁਣਿ ਸੁਣਿ ਜੀਵੈ ਦਾਸੁ ਤੁਮ੍ ਬਾਣੀ ਜਨ ਆਖੀ ॥ ਪ੍ਰਗਟ ਭਈ ਸਭ ਲੋਅ ਮਹਿ ਸੇਵਕ ਕੀ ਰਾਖੀ ॥੧॥ ਰਹਾਉ ॥ ਅਗਨਿ ਸਾਗਰ ਤੇ ਕਾਢਿਆ ਪ੍ਰਭਿ ਜਲਨਿ ਬੁਝਾਈ ॥ ਅੰਮ੍ਰਿਤ ਨਾਮੁ ਜਲੁ ਸੰਚਿਆ ਗੁਰ ਭਏ ਸਹਾਈ ॥੨॥ ਜਨਮ ਮਰਣ ਦੁਖ ਕਾਟਿਆ ਸੁਖ ਕਾ ਥਾਨੁ ਪਾਇਆ ॥ ਕਾਟੀ ਸਿਲਕ ਭ੍ਰਮ ਮੋਹ ਕੀ ਅਪਨੇ ਪ੍ਰਭ ਭਾਇਆ ॥੩॥ ਮਤ ਕੋਈ ਜਾਣਹੁ ਅਵਰੁ ਕਛੁ ਸਭ ਪ੍ਰਭ ਕੈ ਹਾਥਿ ॥ ਸਰਬ ਸੂਖ ਨਾਨਕ ਪਾਏ ਸੰਗਿ ਸੰਤਨ ਸਾਥਿ ॥੪॥੨੨॥੫੨॥ ਬਿਲਾਵਲੁ ਮਹਲਾ ੫ ॥ ਬੰਧਨ ਕਾਟੇ ਆਪਿ ਪ੍ਰਭਿ ਹੋਆ ਕਿਰਪਾਲ ॥ ਦੀਨ ਦਇਆਲ ਪ੍ਰਭ ਪਾਰਬ੍ਰਹਮ ਤਾ ਕੀ ਨਦਰਿ ਨਿਹਾਲ ॥੧॥ ਗੁਰਿ ਪੂਰੈ ਕਿਰਪਾ ਕਰੀ ਕਾਟਿਆ ਦੁਖੁ ਰੋਗੁ ॥ ਮਨੁ ਤਨੁ ਸੀਤਲੁ ਸੁਖੀ ਭਇਆ ਪ੍ਰਭ ਧਿਆਵਨ ਜੋਗੁ ॥੧॥ ਰਹਾਉ ॥ ਅਉਖਧੁ ਹਰਿ ਕਾ ਨਾਮੁ ਹੈ ਜਿਤੁ ਰੋਗੁ ਨ ਵਿਆਪੈ ॥ ਸਾਧਸੰਗਿ ਮਨਿ ਤਨਿ ਹਿਤੈ ਫਿਰਿ ਦੂਖੁ ਨ ਜਾਪੈ ॥੨॥ ਹਰਿ ਹਰਿ ਹਰਿ ਹਰਿ ਜਾਪੀਐ ਅੰਤਰਿ ਲਿਵ ਲਾਈ ॥ ਕਿਲਵਿਖ ਉਤਰਹਿ ਸੁਧੁ ਹੋਇ ਸਾਧੂ ਸਰਣਾਈ ॥੩॥ ਸੁਨਤ ਜਪਤ ਹਰਿ ਨਾਮ ਜਸੁ ਤਾ ਕੀ ਦੂਰਿ ਬਲਾਈ ॥ ਮਹਾ ਮੰਤ੍ਰੁ ਨਾਨਕੁ ਕਥੈ ਹਰਿ ਕੇ ਗੁਣ ਗਾਈ ॥੪॥੨੩॥੫੩॥ ਬਿਲਾਵਲੁ ਮਹਲਾ ੫ ॥ ਭੈ ਤੇ ਉਪਜੈ ਭਗਤਿ ਪ੍ਰਭ ਅੰਤਰਿ ਹੋਇ ਸਾਂਤਿ ॥ ਨਾਮੁ ਜਪਤ ਗੋਵਿੰਦ ਕਾ ਬਿਨਸੈ ਭ੍ਰਮ ਭ੍ਰਾਂਤਿ ॥੧॥ ਗੁਰੁ ਪੂਰਾ ਜਿਸੁ ਭੇਟਿਆ ਤਾ ਕੈ ਸੁਖਿ ਪਰਵੇਸੁ ॥ ਮਨ ਕੀ ਮਤਿ ਤਿਆਗੀਐ ਸੁਣੀਐ ਉਪਦੇਸੁ ॥੧॥ ਰਹਾਉ ॥ ਸਿਮਰਤ ਸਿਮਰਤ ਸਿਮਰੀਐ ਸੋ ਪੁਰਖੁ ਦਾਤਾਰੁ ॥ ਮਨ ਤੇ ਕਬਹੁ ਨ ਵੀਸਰੈ ਸੋ ਪੁਰਖੁ ਅਪਾਰੁ ॥੨॥ ਚਰਨ ਕਮਲ ਸਿਉ ਰੰਗੁ ਲਗਾ ਅਚਰਜ ਗੁਰਦੇਵ ॥ ਜਾ ਕਉ ਕਿਰਪਾ ਕਰਹੁ ਪ੍ਰਭ ਤਾ ਕਉ ਲਾਵਹੁ ਸੇਵ ॥੩॥ ਨਿਧਿ ਨਿਧਾਨ ਅੰਮ੍ਰਿਤੁ ਪੀਆ ਮਨਿ ਤਨਿ ਆਨੰਦ ॥ ਨਾਨਕ ਕਬਹੁ ਨ ਵੀਸਰੈ ਪ੍ਰਭ ਪਰਮਾਨੰਦ ॥੪॥੨੪॥੫੪॥ ਬਿਲਾਵਲੁ ਮਹਲਾ ੫ ॥ ਤ੍ਰਿਸਨ ਬੁਝੀ ਮਮਤਾ ਗਈ ਨਾਠੇ ਭੈ ਭਰਮਾ ॥ ਥਿਤਿ ਪਾਈ ਆਨਦੁ ਭਇਆ ਗੁਰਿ ਕੀਨੇ ਧਰਮਾ ॥੧॥ ਗੁਰੁ ਪੂਰਾ ਆਰਾਧਿਆ ਬਿਨਸੀ ਮੇਰੀ ਪੀਰ ॥ ਤਨੁ ਮਨੁ ਸਭੁ ਸੀਤਲੁ ਭਇਆ ਪਾਇਆ ਸੁਖੁ ਬੀਰ ॥੧॥ ਰਹਾਉ ॥ ਸੋਵਤ ਹਰਿ ਜਪਿ ਜਾਗਿਆ ਪੇਖਿਆ ਬਿਸਮਾਦੁ ॥ ਪੀ ਅੰਮ੍ਰਿਤੁ ਤ੍ਰਿਪਤਾਸਿਆ ਤਾ ਕਾ ਅਚਰਜ ਸੁਆਦੁ ॥੨॥ ਆਪਿ ਮੁਕਤੁ ਸੰਗੀ ਤਰੇ ਕੁਲ ਕੁਟੰਬ ਉਧਾਰੇ ॥ ਸਫਲ ਸੇਵਾ ਗੁਰਦੇਵ ਕੀ ਨਿਰਮਲ ਦਰਬਾਰੇ ॥੩॥ ਨੀਚੁ ਅਨਾਥੁ ਅਜਾਨੁ ਮੈ ਨਿਰਗੁਨੁ

ਗੁਣਹੀਨੁ ॥ ਨਾਨਕ ਕਉ ਕਿਰਪਾ ਭਈ ਦਾਸੁ ਅਪਨਾ ਕੀਨੁ ॥੪॥੨੫॥੫੫॥ ਬਿਲਾਵਲੁ ਮਹਲਾ ੫ ॥ ਹਰਿ ਭਗਤਾ ਕਾ ਆਸਰਾ ਅਨ ਨਾਹੀ ਠਾਉ ॥ ਤਾਣੁ ਦੀਬਾਣੁ ਪਰਵਾਰ ਧਨੁ ਪ੍ਰਭ ਤੇਰਾ ਨਾਉ ॥੧॥ ਕਰਿ ਕਿਰਪਾ ਪ੍ਰਭਿ ਆਪਣੀ ਅਪਨੇ ਦਾਸ ਰਖਿ ਲੀਏ ॥ ਨਿੰਦਕ ਨਿੰਦਾ ਕਰਿ ਪਚੇ ਜਮਕਾਲਿ ਗ੍ਰਸੀਏ ॥੧॥ ਰਹਾਉ ॥ ਸੰਤਾ ਏਕੁ ਧਿਆਵਨਾ ਦੂਸਰ ਕੋ ਨਾਹਿ ॥ ਏਕਸੁ ਆਗੈ ਬੇਨਤੀ ਰਵਿਆ ਸ੍ਰਬ ਥਾਇ ॥੨॥ ਕਥਾ ਪੁਰਾਤਨ ਇਉ ਸੁਣੀ ਭਗਤਨ ਕੀ ਬਾਨੀ ॥ ਸਗਲ ਦੁਸਟ ਖੰਡ ਖੰਡ ਕੀਏ ਜਨ ਲੀਏ ਮਾਨੀ ॥੩॥ ਸਤਿ ਬਚਨ ਨਾਨਕੁ ਕਹੈ ਪਰਗਟ ਸਭ ਮਾਹਿ ॥ ਪ੍ਰਭ ਕੇ ਸੇਵਕ ਸਰਣਿ ਪ੍ਰਭ ਤਿਨ ਕਉ ਭਉ ਨਾਹਿ ॥੪॥੨੬॥੫੬॥ ਬਿਲਾਵਲੁ ਮਹਲਾ ੫ ॥ ਬੰਧਨ ਕਾਟੈ ਸੋ ਪ੍ਰਭੂ ਜਾ ਕੈ ਕਲ ਹਾਥ ॥ ਅਵਰ ਕਰਮ ਨਹੀ ਛੂਟੀਐ ਰਾਖਹੁ ਹਰਿ ਨਾਥ ॥੧॥ ਤਉ ਸਰਣਾਗਤਿ ਮਾਧਵੇ ਪੂਰਨ ਦਇਆਲ ॥ ਛੂਟਿ ਜਾਇ ਸੰਸਾਰ ਤੇ ਰਾਖੈ ਗੋਪਾਲ ॥੧॥ ਰਹਾਉ ॥ ਆਸਾ ਭਰਮ ਬਿਕਾਰ ਮੋਹ ਇਨ ਮਹਿ ਲੋਭਾਨਾ ॥ ਝੂਠੁ ਸਮਗ੍ਰੀ ਮਨਿ ਵਸੀ ਪਾਰਬ੍ਰਹਮੁ ਨ ਜਾਨਾ ॥੨॥ ਪਰਮ ਜੋਤਿ ਪੂਰਨ ਪੁਰਖ ਸਭਿ ਜੀਅ ਤੁਮ੍ਹਾਰੇ ॥ ਜਿਉ ਤੂ ਰਾਖਹਿ ਤਿਉ ਰਹਾ ਪ੍ਰਭ ਅਗਮ ਅਪਾਰੇ ॥੩॥ ਕਰਣ ਕਾਰਣ ਸਮਰਥ ਪ੍ਰਭ ਦੇਹਿ ਅਪਨਾ ਨਾਉ ॥ ਨਾਨਕ ਤਰੀਐ ਸਾਧਸੰਗਿ ਹਰਿ ਹਰਿ ਗੁਣ ਗਾਉ ॥੪॥੨੭॥੫੭॥ ਬਿਲਾਵਲੁ ਮਹਲਾ ੫ ॥ ਕਵਨੁ ਕਵਨੁ ਨਹੀ ਪਤਰਿਆ ਤੁਮ੍ਹਰੀ ਪਰਤੀਤਿ ॥ ਮਹਾ ਮੋਹਨੀ ਮੋਹਿਆ ਨਰਕ ਕੀ ਰੀਤਿ ॥੧॥ ਮਨ ਖੁਟਹਰ ਤੇਰਾ ਨਹੀ ਬਿਸਾਸੁ ਤੂ ਮਹਾ ਉਦਮਾਦਾ ॥ ਖਰ ਕਾ ਪੈਖਰੁ ਤਉ ਛੁਟੈ ਜਉ ਊਪਰਿ ਲਾਦਾ ॥੧॥ ਰਹਾਉ ॥ ਜਪ ਤਪ ਸੰਜਮ ਤੁਮ੍ਹ ਖੰਡੇ ਜਮ ਕੇ ਦੁਖ ਡਾਂਡ ॥ ਸਿਮਰਹਿ ਨਾਹੀ ਜੋਨਿ ਦੁਖ ਨਿਰਲਜੇ ਭਾਂਡ ॥੨॥ ਹਰਿ ਸੰਗਿ ਸਹਾਈ ਮਹਾ ਮੀਤੁ ਤਿਸ ਸਿਉ ਤੇਰਾ ਭੇਦੁ ॥ ਬੀਧਾ ਪੰਚ ਬਟਵਾਰਈ ਉਪਜਿਓ ਮਹਾ ਖੇਦੁ ॥੩॥ ਨਾਨਕ ਤਿਨ ਸੰਤਨ ਸਰਣਾਗਤੀ ਜਿਨ ਮਨੁ ਵਸਿ ਕੀਨਾ ॥ ਤਨੁ ਧਨੁ ਸਰਬਸੁ ਆਪਣਾ ਪ੍ਰਭਿ ਜਨ ਕਉ ਦੀਨ੍ਹਾ ॥੪॥੨੮॥੫੮॥ ਬਿਲਾਵਲੁ ਮਹਲਾ ੫ ॥ ਉਦਮੁ ਕਰਤ ਆਨਦੁ ਭਇਆ ਸਿਮਰਤ ਸੁਖ ਸਾਰੁ ॥ ਜਪਿ ਜਪਿ ਨਾਮੁ ਗੋਬਿੰਦ ਕਾ ਪੂਰਨ ਬੀਚਾਰੁ ॥੧॥ ਚਰਨ ਕਮਲ ਗੁਰ ਕੇ ਜਪਤ ਹਰਿ ਜਪਿ ਹਉ ਜੀਵਾ ॥ ਪਾਰਬ੍ਰਹਮੁ ਆਰਾਧਤੇ ਮੁਖਿ ਅੰਮ੍ਰਿਤੁ ਪੀਵਾ ॥੧॥ ਰਹਾਉ ॥ ਜੀਅ ਜੰਤ ਸਭਿ ਸੁਖਿ ਬਸੇ ਸਭ ਕੈ ਮਨਿ ਲੋਚ ॥ ਪਰਉਪਕਾਰੁ ਨਿਤ ਚਿਤਵਤੇ ਨਾਹੀ ਕਛੁ ਪੋਚ ॥੨॥

ਧੰਨੁ ਸੁ ਥਾਨੁ ਬਸੰਤ ਧੰਨੁ ਜਹ ਜਪੀਐ ਨਾਮੁ ॥ ਕਥਾ ਕੀਰਤਨੁ ਹਰਿ ਅਤਿ ਘਨਾ ਸੁਖ ਸਹਜ ਬਿਸ੍ਰਾਮੁ ॥੩॥ ਮਨ ਤੇ ਕਦੇ ਨ ਵੀਸਰੈ ਅਨਾਥ ਕੋ ਨਾਥ ॥ ਨਾਨਕ ਪ੍ਰਭ ਸਰਣਾਗਤੀ ਜਾ ਕੈ ਸਭੁ ਕਿਛੁ ਹਾਥ ॥੪॥੨੯॥੫੯॥ ਬਿਲਾਵਲੁ ਮਹਲਾ ੫ ॥ ਜਿਨਿ ਤੂ ਬੰਧਿ ਕਰਿ ਛੋਡਿਆ ਫੁਨਿ ਸੁਖ ਮਹਿ ਪਾਇਆ ॥ ਸਦਾ ਸਿਮਰਿ ਚਰਣਾਰਬਿੰਦ ਸੀਤਲ ਹੋਤਾਇਆ ॥੧॥ ਜੀਵਤਿਆ ਅਥਵਾ ਮੁਇਆ ਕਿਛੁ ਕਾਮਿ ਨ ਆਵੈ ॥ ਜਿਨਿ ਏਹੁ ਰਚਨੁ ਰਚਾਇਆ ਕੋਊ ਤਿਸ ਸਿਉ ਰੰਗੁ ਲਾਵੈ ॥੧॥ ਰਹਾਉ ॥ ਰੇ ਪ੍ਰਾਣੀ ਉਸਨ ਸੀਤ ਕਰਤਾ ਕਰੈ ਘਾਮ ਤੇ ਕਾਢੈ ॥ ਕੀਰੀ ਤੇ ਹਸਤੀ ਕਰੈ ਟੂਟਾ ਲੇ ਗਾਢੈ ॥੨॥ ਅੰਡਜ ਜੇਰਜ ਸੇਤਜ ਉਤਭੁਜਾ ਪ੍ਰਭ ਕੀ ਇਹ ਕਿਰਤਿ ॥ ਕਿਰਤ ਕਮਾਵਨ ਸਰਬ ਫਲ ਰਵੀਐ ਹਰਿ ਨਿਰਤਿ ॥੩॥ ਹਮ ਤੇ ਕਛੂ ਨ ਹੋਵਨਾ ਸਰਣਿ ਪ੍ਰਭ ਸਾਧ ॥ ਮੋਹ ਮਗਨ ਕੂਪ ਅੰਧ ਤੇ ਨਾਨਕ ਗੁਰ ਕਾਢ ॥੪॥੩੦॥੬੦॥ ਬਿਲਾਵਲੁ ਮਹਲਾ ੫ ॥ ਖੋਜਤ ਖੋਜਤ ਮੈ ਫਿਰਾ ਖੋਜਉ ਬਨ ਥਾਨ ॥ ਅਛਲ ਅਛੇਦ ਅਭੇਦ ਪ੍ਰਭ ਐਸੇ ਭਗਵਾਨ ॥੧॥ ਕਬ ਦੇਖਉ ਪ੍ਰਭੁ ਆਪਨਾ ਆਤਮ ਕੈ ਰੰਗਿ ॥ ਜਾਗਨ ਤੇ ਸੁਪਨਾ ਭਲਾ ਬਸੀਐ ਪ੍ਰਭ ਸੰਗਿ ॥੧॥ ਰਹਾਉ ॥ ਬਰਨ ਆਸ੍ਰਮ ਸਾਸਤ੍ਰ ਸੁਨਉ ਦਰਸਨ ਕੀ ਪਿਆਸ ॥ ਰੂਪੁ ਨ ਰੇਖ ਨ ਪੰਚ ਤਤ ਠਾਕੁਰ ਅਬਿਨਾਸ ॥੨॥ ਓਹੁ ਸਰੂਪੁ ਸੰਤਨ ਕਹਹਿ ਵਿਰਲੇ ਜੋਗੀਸੁਰ ॥ ਕਰਿ ਕਿਰਪਾ ਜਾ ਕਉ ਮਿਲੇ ਧਨਿ ਧਨਿ ਤੇ ਈਸੁਰ ॥੩॥ ਸੋ ਅੰਤਰਿ ਸੋ ਬਾਹਰੇ ਬਿਨਸੇ ਤਹ ਭਰਮਾ ॥ ਨਾਨਕ ਤਿਸੁ ਪ੍ਰਭੁ ਭੇਟਿਆ ਜਾ ਕੇ ਪੂਰਨ ਕਰਮਾ ॥੪॥੩੧॥੬੧॥ ਬਿਲਾਵਲੁ ਮਹਲਾ ੫ ॥ ਜੀਅ ਜੰਤ ਸੁਪ੍ਰਸੰਨ ਭਏ ਦੇਖਿ ਪ੍ਰਭ ਪਰਤਾਪ ॥ ਕਰਜੁ ਉਤਾਰਿਆ ਸਤਿਗੁਰੂ ਕਰਿ ਆਹਰੁ ਆਪ ॥੧॥ ਖਾਤ ਖਰਚਤ ਨਿਬਹਤ ਰਹੈ ਗੁਰ ਸਬਦੁ ਅਖੂਟ ॥ ਪੂਰਨ ਭਈ ਸਮਗਰੀ ਕਬਹੂ ਨਹੀ ਤੂਟ ॥੧॥ ਰਹਾਉ ॥ ਸਾਧਸੰਗਿ ਆਰਾਧਨਾ ਹਰਿ ਨਿਧਿ ਆਪਾਰ ॥ ਧਰਮ ਅਰਥ ਅਰੁ ਕਾਮ ਮੋਖ ਦੇਤੇ ਨਹੀ ਬਾਰ ॥੨॥ ਭਗਤ ਅਰਾਧਹਿ ਏਕ ਰੰਗਿ ਗੋਬਿੰਦ ਗੁਪਾਲ ॥ ਰਾਮ ਨਾਮ ਧਨੁ ਸੰਚਿਆ ਜਾ ਕਾ ਨਹੀ ਸੁਮਾਰੁ ॥੩॥ ਸਰਨਿ ਪਰੇ ਪ੍ਰਭ ਤੇਰੀਆ ਪ੍ਰਭ ਕੀ ਵਡਿਆਈ ॥ ਨਾਨਕ ਅੰਤੁ ਨ ਪਾਈਐ ਬੇਅੰਤ ਗੁਸਾਈ ॥੪॥੩੨॥੬੨॥ ਬਿਲਾਵਲੁ ਮਹਲਾ ੫ ॥ ਸਿਮਰਿ ਸਿਮਰਿ ਪੂਰਨ ਪ੍ਰਭੂ ਕਾਰਜ ਭਏ ਰਾਸਿ ॥ ਕਰਤਾਰ ਪੁਰਿ ਕਰਤਾ ਵਸੈ ਸੰਤਨ ਕੈ ਪਾਸਿ ॥੧॥ ਰਹਾਉ ॥ ਬਿਘਨੁ ਨ ਕੋਊ ਲਾਗਤਾ ਗੁਰ ਪਹਿ ਅਰਦਾਸਿ ॥ ਰਖਵਾਲਾ

ਗੋਬਿੰਦ ਰਾਇ ਭਗਤਨ ਕੀ ਰਾਸਿ ॥੧॥ ਤੋਟਿ ਨ ਆਵੈ ਕਦੇ ਮੂਲਿ ਪੂਰਨ ਭੰਡਾਰ ॥ ਚਰਨ ਕਮਲ ਮਨਿ ਤਨਿ ਬਸੇ ਪ੍ਰਭ ਅਗਮ ਅਪਾਰ ॥੨॥ ਬਸਤ ਕਮਾਵਤ ਸਭਿ ਸੁਖੀ ਕਿਛੁ ਊਨ ਨ ਦੀਸੈ ॥ ਸੰਤ ਪ੍ਰਸਾਦਿ ਭੇਟੇ ਪ੍ਰਭੂ ਪੂਰਨ ਜਗਦੀਸੈ ॥੩॥ ਜੈ ਜੈ ਕਾਰੁ ਸਭੈ ਕਰਹਿ ਸਚੁ ਥਾਨੁ ਸੁਹਾਇਆ ॥ ਜਪਿ ਨਾਨਕ ਨਾਮੁ ਨਿਧਾਨ ਸੁਖ ਪੂਰਾ ਗੁਰੁ ਪਾਇਆ ॥੪॥੩੩॥੬੩॥ ਬਿਲਾਵਲੁ ਮਹਲਾ ੫ ॥ ਹਰਿ ਹਰਿ ਹਰਿ ਆਰਾਧੀਐ ਹੋਈਐ ਆਰੋਗ ॥ ਰਾਮਚੰਦ ਕੀ ਲਸਟਿਕਾ ਜਿਨਿ ਮਾਰਿਆ ਰੋਗੁ ॥੧॥ ਰਹਾਉ ॥ ਗੁਰੁ ਪੂਰਾ ਹਰਿ ਜਾਪੀਐ ਨਿਤ ਕੀਚੈ ਭੋਗੁ ॥ ਸਾਧਸੰਗਤਿ ਕੈ ਵਾਰਣੈ ਮਿਲਿਆ ਸੰਜੋਗੁ ॥੧॥ ਜਿਸੁ ਸਿਮਰਤ ਸੁਖੁ ਪਾਈਐ ਬਿਨਸੈ ਬਿਓਗੁ ॥ ਨਾਨਕ ਪ੍ਰਭ ਸਰਣਾਗਤੀ ਕਰਣ ਕਾਰਣ ਜੋਗੁ ॥੨॥੩੪॥੬੪॥

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੫ ੴ ਸਤਿਗੁਰ ਪ੍ਰਸਾਦਿ ॥

ਅਵਰਿ ਉਪਾਵ ਸਭਿ ਤਿਆਗਿਆ ਦਾਰੂ ਨਾਮੁ ਲਇਆ ॥ ਤਾਪ ਪਾਪ ਸਭਿ ਮਿਟੇ ਰੋਗ ਸੀਤਲ ਮਨੁ ਭਇਆ ॥੧॥ ਗੁਰੁ ਪੂਰਾ ਆਰਾਧਿਆ ਸਗਲਾ ਦੁਖੁ ਗਇਆ ॥ ਰਾਖਨਹਾਰੈ ਰਾਖਿਆ ਅਪਨੀ ਕਰਿ ਮਇਆ ॥੧॥ ਰਹਾਉ ॥ ਬਾਹ ਪਕੜਿ ਪ੍ਰਭਿ ਕਾਢਿਆ ਕੀਨਾ ਅਪਨਇਆ ॥ ਸਿਮਰਿ ਸਿਮਰਿ ਮਨ ਤਨ ਸੁਖੀ ਨਾਨਕ ਨਿਰਭਇਆ ॥੨॥੧॥੬੫॥ ਬਿਲਾਵਲੁ ਮਹਲਾ ੫ ॥ ਕਰੁ ਧਰਿ ਮਸਤਕਿ ਥਾਪਿਆ ਨਾਮੁ ਦੀਨੋ ਦਾਨਿ ॥ ਸਫਲ ਸੇਵਾ ਪਾਰਬ੍ਰਹਮ ਕੀ ਤਾ ਕੀ ਨਹੀ ਹਾਨਿ ॥੧॥ ਆਪੇ ਹੀ ਪ੍ਰਭੁ ਰਾਖਤਾ ਭਗਤਨ ਕੀ ਆਨਿ ॥ ਜੋ ਜੋ ਚਿਤਵਹਿ ਸਾਧ ਜਨ ਸੋ ਲੇਤਾ ਮਾਨਿ ॥੧॥ ਰਹਾਉ ॥ ਸਰਣਿ ਪਰੇ ਚਰਣਾਰਬਿੰਦ ਜਨ ਪ੍ਰਭ ਕੇ ਪ੍ਰਾਨ ॥ ਸਹਜਿ ਸੁਭਾਇ ਨਾਨਕ ਮਿਲੇ ਜੋਤੀ ਜੋਤਿ ਸਮਾਨ ॥੨॥੨॥੬੬॥ ਬਿਲਾਵਲੁ ਮਹਲਾ ੫ ॥ ਚਰਣ ਕਮਲ ਕਾ ਆਸਰਾ ਦੀਨੋ ਪ੍ਰਭਿ ਆਪਿ ॥ ਪ੍ਰਭ ਸਰਣਾਗਤਿ ਜਨ ਪਰੇ ਤਾ ਕਾ ਸਦ ਪਰਤਾਪੁ ॥੧॥ ਰਾਖਨਹਾਰ ਅਪਾਰ ਪ੍ਰਭ ਤਾ ਕੀ ਨਿਰਮਲ ਸੇਵ ॥ ਰਾਮ ਰਾਜ ਰਾਮਦਾਸ ਪੁਰਿ ਕੀਨ੍ਹੇ ਗੁਰਦੇਵ ॥੧॥ ਰਹਾਉ ॥ ਸਦਾ ਸਦਾ ਹਰਿ ਧਿਆਈਐ ਕਿਛੁ ਬਿਘਨੁ ਨ ਲਾਗੈ ॥ ਨਾਨਕ ਨਾਮੁ ਸਲਾਹੀਐ ਭਇ ਦੁਸਮਨ ਭਾਗੈ ॥੨॥੩॥੬੭॥ ਬਿਲਾਵਲੁ ਮਹਲਾ ੫ ॥ ਮਨਿ ਤਨਿ ਪ੍ਰਭੁ ਆਰਾਧੀਐ ਮਿਲਿ ਸਾਧ ਸਮਾਗੈ ॥ ਉਚਰਤ ਗੁਨ ਗੋਪਾਲ ਜਸੁ ਦੂਰ ਤੇ ਜਮੁ ਭਾਗੈ ॥੧॥ ਰਾਮ

ਨਾਮੁ ਜੋ ਜਨੁ ਜਪੈ ਅਨਦਿਨੁ ਸਦ ਜਾਗੈ ॥ ਤੰਤੁ ਮੰਤੁ ਨਹ ਜੋਹਈ ਤਿਤੁ ਚਾਖੁ ਨ ਲਾਗੈ ॥੧॥ ਰਹਾਉ ॥ ਕਾਮ ਕ੍ਰੋਧ ਮਦ ਮਾਨ ਮੋਹ ਬਿਨਸੇ ਅਨਰਾਗੈ ॥ ਆਨੰਦ ਮਗਨ ਰਸਿ ਰਾਮ ਰੰਗਿ ਨਾਨਕ ਸਰਨਾਗੈ ॥੨॥੪॥੬੮॥ ਬਿਲਾਵਲੁ ਮਹਲਾ ੫ ॥ ਜੀਅ ਜੁਗਤਿ ਵਸਿ ਪ੍ਰਭੂ ਕੈ ਜੋ ਕਹੈ ਸੁ ਕਰਨਾ ॥ ਭਏ ਪ੍ਰਸੰਨ ਗੋਪਾਲ ਰਾਇ ਭਉ ਕਿਛੁ ਨਹੀ ਕਰਨਾ ॥੧॥ ਦੂਖੁ ਨ ਲਾਗੈ ਕਦੇ ਤੁਧੁ ਪਾਰਬ੍ਰਹਮੁ ਚਿਤਾਰੇ ॥ ਜਮਕੰਕਰੁ ਨੇੜਿ ਨ ਆਵਈ ਗੁਰਸਿਖ ਪਿਆਰੇ ॥੧॥ ਰਹਾਉ ॥ ਕਰਣ ਕਾਰਣ ਸਮਰਥੁ ਹੈ ਤਿਸੁ ਬਿਨੁ ਨਹੀ ਹੋਰੁ ॥ ਨਾਨਕ ਪ੍ਰਭ ਸਰਣਾਗਤੀ ਸਾਚਾ ਮਨਿ ਜੋਰੁ ॥੨॥੫॥੬੯॥ ਬਿਲਾਵਲੁ ਮਹਲਾ ੫ ॥ ਸਿਮਰਿ ਸਿਮਰਿ ਪ੍ਰਭੁ ਆਪਨਾ ਨਾਠਾ ਦੁਖ ਠਾਉ ॥ ਬਿਸ੍ਰਾਮ ਪਾਏ ਮਿਲਿ ਸਾਧਸੰਗਿ ਤਾ ਤੇ ਬਹੁੜਿ ਨ ਧਾਉ ॥੧॥ ਬਲਿਹਾਰੀ ਗੁਰ ਆਪਨੇ ਚਰਨਨ੍ਹ ਬਲਿ ਜਾਉ ॥ ਅਨਦ ਸੂਖ ਮੰਗਲ ਬਨੇ ਪੇਖਤ ਗੁਨ ਗਾਉ ॥੧॥ ਰਹਾਉ ॥ ਕਥਾ ਕੀਰਤਨੁ ਰਾਗ ਨਾਦ ਧੁਨਿ ਇਹੁ ਬਨਿਓ ਸੁਆਉ ॥ ਨਾਨਕ ਪ੍ਰਭ ਸੁਪ੍ਰਸੰਨ ਭਏ ਬਾਂਛਤ ਫਲ ਪਾਉ ॥੨॥੬॥੭੦॥ ਬਿਲਾਵਲੁ ਮਹਲਾ ੫ ॥ ਦਾਸ ਤੇਰੇ ਕੀ ਬੇਨਤੀ ਰਿਦ ਕਰਿ ਪਰਗਾਸੁ ॥ ਤੁਮ੍ਹਰੀ ਕ੍ਰਿਪਾ ਤੇ ਪਾਰਬ੍ਰਹਮ ਦੋਖਨ ਕੋ ਨਾਸੁ ॥੧॥ ਚਰਨ ਕਮਲ ਕਾ ਆਸਰਾ ਪ੍ਰਭ ਪੁਰਖ ਗੁਣਤਾਸੁ ॥ ਕੀਰਤਨ ਨਾਮੁ ਸਿਮਰਤ ਰਹਉ ਜਬ ਲਗੁ ਘਟਿ ਸਾਸੁ ॥੧॥ ਰਹਾਉ ॥ ਮਾਤ ਪਿਤਾ ਬੰਧਪ ਤੂਹੈ ਤੂ ਸਰਬ ਨਿਵਾਸੁ ॥ ਨਾਨਕ ਪ੍ਰਭ ਸਰਣਾਗਤੀ ਜਾ ਕੋ ਨਿਰਮਲ ਜਾਸੁ ॥੨॥੭॥੭੧॥ ਬਿਲਾਵਲੁ ਮਹਲਾ ੫ ॥ ਸਰਬ ਸਿਧਿ ਹਰਿ ਗਾਈਐ ਸਭਿ ਭਲਾ ਮਨਾਵਹਿ ॥ ਸਾਧੁ ਸਾਧੁ ਮੁਖ ਤੇ ਕਹਹਿ ਸੁਣਿ ਦਾਸ ਮਿਲਾਵਹਿ ॥੧॥ ਸੂਖ ਸਹਜ ਕਲਿਆਣ ਰਸ ਪੂਰੈ ਗੁਰਿ ਕੀਨ੍ਹ ॥ ਜੀਅ ਸਗਲ ਦਇਆਲ ਭਏ ਹਰਿ ਹਰਿ ਨਾਮੁ ਚੀਨ੍ਹ ॥੧॥ ਰਹਾਉ ॥ ਪੂਰਿ ਰਹਿਓ ਸਰਬਤ੍ਰ ਮਹਿ ਪ੍ਰਭ ਗੁਣੀ ਗਹੀਰ ॥ ਨਾਨਕ ਭਗਤ ਆਨੰਦ ਮੈ ਪੇਖਿ ਪ੍ਰਭ ਕੀ ਧੀਰ ॥੨॥੮॥੭੨॥ ਬਿਲਾਵਲੁ ਮਹਲਾ ੫ ॥ ਅਰਦਾਸਿ ਸੁਣੀ ਦਾਤਾਰਿ ਪ੍ਰਭਿ ਹੋਏ ਕਿਰਪਾਲ ॥ ਰਾਖਿ ਲੀਆ ਅਪਨਾ ਸੇਵਕੋ ਮੁਖਿ ਨਿੰਦਕ ਛਾਰੁ ॥੧॥ ਤੁਝਹਿ ਨ ਜੋਹੈ ਕੋ ਮੀਤ ਜਨ ਤੂੰ ਗੁਰ ਕਾ ਦਾਸ ॥ ਪਾਰਬ੍ਰਹਮਿ ਤੂ ਰਾਖਿਆ ਦੇ ਅਪਨੇ ਹਾਥ ॥੧॥ ਰਹਾਉ ॥ ਜੀਅਨ ਕਾ ਦਾਤਾ ਏਕੁ ਹੈ ਬੀਆ ਨਹੀ ਹੋਰੁ ॥ ਨਾਨਕ ਕੀ ਬੇਨੰਤੀਆ ਮੈ ਤੇਰਾ ਜੋਰੁ ॥੨॥੯॥੭੩॥ ਬਿਲਾਵਲੁ ਮਹਲਾ ੫ ॥ ਮੀਤ ਹਮਾਰੇ ਸਾਜਨਾ ਰਾਖੇ ਗੋਵਿੰਦ ॥ ਨਿੰਦਕ ਮਿਰਤਕ ਹੋਇ ਗਏ ਤੁਮ੍ਹ ਹੋਹੁ ਨਿਚਿੰਦ ॥੧॥ ਰਹਾਉ ॥ ਸਗਲ

ਮਨੋਰਥ ਪ੍ਰਭਿ ਕੀਏ ਭੇਟੇ ਗੁਰਦੇਵ ॥ ਜੈ ਜੈ ਕਾਰੁ ਜਗਤ ਮਹਿ ਸਫਲ ਜਾ ਕੀ ਸੇਵ ॥੧॥ ਊਚ ਅਪਾਰ ਅਗਨਤ
ਹਰਿ ਸਭਿ ਜੀਅ ਜਿਸੁ ਹਾਥਿ ॥ ਨਾਨਕ ਪ੍ਰਭ ਸਰਣਾਗਤੀ ਜਤ ਕਤ ਮੇਰੈ ਸਾਥਿ ॥੨॥੧੦॥੭੪॥ ਬਿਲਾਵਲੁ
ਮਹਲਾ ੫ ॥ ਗੁਰੁ ਪੂਰਾ ਆਰਾਧਿਆ ਹੋਏ ਕਿਰਪਾਲ ॥ ਮਾਰਗੁ ਸੰਤਿ ਬਤਾਇਆ ਤੂਟੇ ਜਮ ਜਾਲ ॥੧॥ ਦੂਖ
ਭੂਖ ਸੰਸਾ ਮਿਟਿਆ ਗਾਵਤ ਪ੍ਰਭ ਨਾਮ ॥ ਸਹਜ ਸੂਖ ਆਨੰਦ ਰਸ ਪੂਰਨ ਸਭਿ ਕਾਮ ॥੧॥ ਰਹਾਉ ॥ ਜਲਨਿ
ਬੁਝੀ ਸੀਤਲ ਭਏ ਰਾਖੇ ਪ੍ਰਭਿ ਆਪ ॥ ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪ ॥੨॥੧੧॥੭੫॥
ਬਿਲਾਵਲੁ ਮਹਲਾ ੫ ॥ ਧਰਤਿ ਸੁਹਾਵੀ ਸਫਲ ਥਾਨੁ ਪੂਰਨ ਭਏ ਕਾਮ ॥ ਭਉ ਨਾਠਾ ਭ੍ਰਮੁ ਮਿਟਿ ਗਇਆ
ਰਵਿਆ ਨਿਤ ਰਾਮ ॥੧॥ ਸਾਧ ਜਨਾ ਕੈ ਸੰਗਿ ਬਸਤ ਸੁਖ ਸਹਜ ਬਿਸ੍ਰਾਮ ॥ ਸਾਈ ਘੜੀ ਸੁਲਖਣੀ ਸਿਮਰਤ
ਹਰਿ ਨਾਮ ॥੧॥ ਰਹਾਉ ॥ ਪ੍ਰਗਟ ਭਏ ਸੰਸਾਰ ਮਹਿ ਫਿਰਤੇ ਪਹਨਾਮ ॥ ਨਾਨਕ ਤਿਸੁ ਸਰਣਾਗਤੀ ਘਟ ਘਟ
ਸਭ ਜਾਨ ॥੨॥੧੨॥੭੬॥ ਬਿਲਾਵਲੁ ਮਹਲਾ ੫ ॥ ਰੋਗੁ ਮਿਟਾਇਆ ਆਪਿ ਪ੍ਰਭਿ ਉਪਜਿਆ ਸੁਖੁ ਸਾਂਤਿ ॥
ਵਡ ਪਰਤਾਪੁ ਅਚਰਜ ਰੂਪੁ ਹਰਿ ਕੀਨ੍ਹੀ ਦਾਤਿ ॥੧॥ ਗੁਰਿ ਗੋਵਿੰਦਿ ਕ੍ਰਿਪਾ ਕਰੀ ਰਾਖਿਆ ਮੇਰਾ ਭਾਈ ॥ ਹਮ
ਤਿਸ ਕੀ ਸਰਣਾਗਤੀ ਜੋ ਸਦਾ ਸਹਾਈ ॥੧॥ ਰਹਾਉ ॥ ਬਿਰਥੀ ਕਦੇ ਨ ਹੋਵਈ ਜਨ ਕੀ ਅਰਦਾਸਿ ॥ ਨਾਨਕ
ਜੋਰੁ ਗੋਵਿੰਦ ਕਾ ਪੂਰਨ ਗੁਣਤਾਸਿ ॥੨॥੧੩॥੭੭॥ ਬਿਲਾਵਲੁ ਮਹਲਾ ੫ ॥ ਮਰਿ ਮਰਿ ਜਨਮੇ ਜਿਨ ਬਿਸਰਿਆ
ਜੀਵਨ ਕਾ ਦਾਤਾ ॥ ਪਾਰਬ੍ਰਹਮੁ ਜਨਿ ਸੇਵਿਆ ਅਨਦਿਨੁ ਰੰਗਿ ਰਾਤਾ ॥੧॥ ਸਾਂਤਿ ਸਹਜੁ ਆਨਦੁ ਘਨਾ ਪੂਰਨ
ਭਈ ਆਸ ॥ ਸੁਖੁ ਪਾਇਆ ਹਰਿ ਸਾਧਸੰਗਿ ਸਿਮਰਤ ਗੁਣਤਾਸ ॥੧॥ ਰਹਾਉ ॥ ਸੁਣਿ ਸੁਆਮੀ ਅਰਦਾਸਿ ਜਨ
ਤੁਮ੍ ਅੰਤਰਜਾਮੀ ॥ ਥਾਨ ਥਨੰਤਰਿ ਰਵਿ ਰਹੇ ਨਾਨਕ ਕੇ ਸੁਆਮੀ ॥੨॥੧੪॥੭੮॥ ਬਿਲਾਵਲੁ ਮਹਲਾ ੫ ॥
ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮ ਕਾਰ ਦੁਖੁ ਲਗੈ ਨ ਭਾਈ ॥੧॥
ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ ॥ ਰਾਮ ਨਾਮੁ ਅਉਖਧੁ ਦੀਆ ਏਕਾ ਲਿਵ ਲਾਈ ॥੧॥ ਰਹਾਉ ॥
ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ ॥ ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ ॥
੨॥੧੫॥੭੯॥ ਬਿਲਾਵਲੁ ਮਹਲਾ ੫ ॥ ਅਪਣੇ ਬਾਲਕ ਆਪਿ ਰਖਿਅਨੁ ਪਾਰਬ੍ਰਹਮ ਗੁਰਦੇਵ ॥ ਸੁਖ ਸਾਂਤਿ

ਸਹਜ ਆਨਦ ਭਏ ਪੂਰਨ ਭਈ ਸੇਵ ॥੧॥ ਰਹਾਉ ॥ ਭਗਤ ਜਨਾ ਕੀ ਬੇਨਤੀ ਸੁਣੀ ਪ੍ਰਭਿ ਆਪਿ ॥ ਰੋਗ ਮਿਟਾਇ ਜੀਵਾਲਿਅਨੁ ਜਾ ਕਾ ਵਡ ਪਰਤਾਪੁ ॥੧॥ ਦੋਖ ਹਮਾਰੇ ਬਖਸਿਅਨੁ ਅਪਣੀ ਕਲ ਧਾਰੀ ॥ ਮਨ ਬਾਂਛਤ ਫਲ ਦਿਤਿਅਨੁ ਨਾਨਕ ਬਲਿਹਾਰੀ ॥੨॥੧੬॥੮੦॥

ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੬ ੴ ਸਤਿਗੁਰ ਪ੍ਰਸਾਦਿ ॥

ਮੇਰੇ ਮੋਹਨ ਸ੍ਰਵਨੀ ਇਹ ਨ ਸੁਨਾਏ ॥ ਸਾਕਤ ਗੀਤ ਨਾਦ ਧੁਨਿ ਗਾਵਤ ਬੋਲਤ ਬੋਲ ਅਜਾਏ ॥੧॥ ਰਹਾਉ ॥ ਸੇਵਤ ਸੇਵਿ ਸੇਵਿ ਸਾਧ ਸੇਵਉ ਸਦਾ ਕਰਉ ਕਿਰਤਾਏ ॥ ਅਭੈ ਦਾਨੁ ਪਾਵਉ ਪੁਰਖ ਦਾਤੇ ਮਿਲਿ ਸੰਗਤਿ ਹਰਿ ਗੁਣ ਗਾਏ ॥੧॥ ਰਸਨਾ ਅਗਹ ਅਗਹ ਗੁਨ ਰਾਤੀ ਨੈਨ ਦਰਸ ਰੰਗੁ ਲਾਏ ॥ ਹੋਹੁ ਕ੍ਰਿਪਾਲ ਦੀਨ ਦੁਖ ਭੰਜਨ ਮੋਹਿ ਚਰਣ ਰਿਦੈ ਵਸਾਏ ॥੨॥ ਸਭਹੂ ਤਲੈ ਤਲੈ ਸਭ ਊਪਰਿ ਏਹ ਦ੍ਰਿਸਟਿ ਦ੍ਰਿਸਟਾਏ ॥ ਅਭਿਮਾਨੁ ਖੋਇ ਖੋਇ ਖੋਇ ਖੋਈ ਹਉ ਮੋ ਕਉ ਸਤਿਗੁਰ ਮੰਤ੍ਰੁ ਦ੍ਰਿੜਾਏ ॥੩॥ ਅਤੁਲੁ ਅਤੁਲੁ ਅਤੁਲੁ ਨਹ ਤੁਲੀਐ ਭਗਤਿ ਵਛਲੁ ਕਿਰਪਾਏ ॥ ਜੋ ਜੋ ਸਰਣਿ ਪਰਿਓ ਗੁਰ ਨਾਨਕ ਅਭੈ ਦਾਨੁ ਸੁਖ ਪਾਏ ॥੪॥੧॥੮੧॥ ਬਿਲਾਵਲੁ ਮਹਲਾ ੫ ॥ ਪ੍ਰਭ ਜੀ ਤੂ ਮੇਰੇ ਪ੍ਰਾਨ ਅਧਾਰੈ ॥ ਨਮਸਕਾਰ ਡੰਡਉਤਿ ਬੰਦਨਾ ਅਨਿਕ ਬਾਰ ਜਾਉ ਬਾਰੈ ॥੧॥ ਰਹਾਉ ॥ ਊਠਤ ਬੈਠਤ ਸੋਵਤ ਜਾਗਤ ਇਹੁ ਮਨੁ ਤੁਝਹਿ ਚਿਤਾਰੈ ॥ ਸੂਖ ਦੂਖ ਇਸੁ ਮਨ ਕੀ ਬਿਰਥਾ ਤੁਝ ਹੀ ਆਗੈ ਸਾਰੈ ॥੧॥ ਤੂ ਮੇਰੀ ਓਟ ਬਲ ਬੁਧਿ ਧਨੁ ਤੁਮ ਹੀ ਤੁਮਹਿ ਮੇਰੈ ਪਰਵਾਰੈ ॥ ਜੋ ਤੁਮ ਕਰਹੁ ਸੋਈ ਭਲ ਹਮਰੈ ਪੇਖਿ ਨਾਨਕ ਸੁਖ ਚਰਨਾਰੈ ॥੨॥੨॥੮੨॥ ਬਿਲਾਵਲੁ ਮਹਲਾ ੫ ॥ ਸੁਨੀਅਤ ਪ੍ਰਭ ਤਉ ਸਗਲ ਉਧਾਰਨ ॥ ਮੋਹ ਮਗਨ ਪਤਿਤ ਸੰਗਿ ਪ੍ਰਾਨੀ ਐਸੇ ਮਨਹਿ ਬਿਸਾਰਨ ॥੧॥ ਰਹਾਉ ॥ ਸੰਚਿ ਬਿਖਿਆ ਲੇ ਗ੍ਰਾਹਜੁ ਕੀਨੀ ਅੰਮ੍ਰਿਤੁ ਮਨ ਤੇ ਡਾਰਨ ॥ ਕਾਮ ਕ੍ਰੋਧ ਲੋਭ ਰਤੁ ਨਿੰਦਾ ਸਤੁ ਸੰਤੋਖੁ ਬਿਦਾਰਨ ॥੧॥ ਇਨ ਤੇ ਕਾਢਿ ਲੇਹੁ ਮੇਰੇ ਸੁਆਮੀ ਹਾਰਿ ਪਰੇ ਤੁਮ੍ ਸਾਰਨ ॥ ਨਾਨਕ ਕੀ ਬੇਨੰਤੀ ਪ੍ਰਭ ਪਹਿ ਸਾਧਸੰਗਿ ਰੰਕ ਤਾਰਨ ॥੨॥੩॥੮੩॥ ਬਿਲਾਵਲੁ ਮਹਲਾ ੫ ॥ ਸੰਤਨ ਕੈ ਸੁਨੀਅਤ ਪ੍ਰਭ ਕੀ ਬਾਤ ॥ ਕਥਾ ਕੀਰਤਨੁ ਆਨੰਦ ਮੰਗਲ ਧੁਨਿ ਪੂਰਿ ਰਹੀ ਦਿਨਸੁ ਅਰੁ ਰਾਤਿ ॥੧॥ ਰਹਾਉ ॥ ਕਰਿ ਕਿਰਪਾ ਅਪਨੇ ਪ੍ਰਭਿ ਕੀਨੇ ਨਾਮ ਅਪੁਨੇ ਕੀ ਕੀਨੀ ਦਾਤਿ ॥ ਆਠ ਪਹਰ ਗੁਨ ਗਾਵਤ ਪ੍ਰਭ ਕੇ ਕਾਮ ਕ੍ਰੋਧ

ਇਸੁ ਤਨ ਤੇ ਜਾਤ ॥੧॥ ਤ੍ਰਿਪਤਿ ਅਘਾਏ ਪੇਖਿ ਪ੍ਰਭ ਦਰਸਨੁ ਅੰਮ੍ਰਿਤ ਹਰਿ ਰਸੁ ਭੋਜਨੁ ਖਾਤ ॥ ਚਰਨ ਸਰਨ ਨਾਨਕ ਪ੍ਰਭ ਤੇਰੀ ਕਰਿ ਕਿਰਪਾ ਸੰਤਸੰਗਿ ਮਿਲਾਤ ॥੨॥੪॥੮੪॥ ਬਿਲਾਵਲੁ ਮਹਲਾ ੫ ॥ ਰਾਖਿ ਲੀਏ ਅਪਨੇ ਜਨ ਆਪ ॥ ਕਰਿ ਕਿਰਪਾ ਹਰਿ ਹਰਿ ਨਾਮੁ ਦੀਨੋ ਬਿਨਸਿ ਗਏ ਸਭ ਸੋਗ ਸੰਤਾਪ ॥੧॥ ਰਹਾਉ ॥ ਗੁਣ ਗੋਵਿੰਦ ਗਾਵਹੁ ਸਭਿ ਹਰਿ ਜਨ ਰਾਗ ਰਤਨ ਰਸਨਾ ਆਲਾਪ ॥ ਕੋਟਿ ਜਨਮ ਕੀ ਤ੍ਰਿਸਨਾ ਨਿਵਰੀ ਰਾਮ ਰਸਾਇਣਿ ਆਤਮ ਧ੍ਰਾਪ ॥੧॥ ਚਰਣ ਗਹੇ ਸਰਣਿ ਸੁਖਦਾਤੇ ਗੁਰ ਕੈ ਬਚਨਿ ਜਪੇ ਹਰਿ ਜਾਪ ॥ ਸਾਗਰ ਤਰੇ ਭਰਮ ਭੈ ਬਿਨਸੇ ਕਹੁ ਨਾਨਕ ਠਾਕੁਰ ਪਰਤਾਪ ॥੨॥੫॥੮੫॥ ਬਿਲਾਵਲੁ ਮਹਲਾ ੫ ॥ ਤਾਪੁ ਲਾਹਿਆ ਗੁਰ ਸਿਰਜਨਹਾਰਿ ॥ ਸਤਿਗੁਰ ਅਪਨੇ ਕਉ ਬਲਿ ਜਾਈ ਜਿਨਿ ਪੈਜ ਰਖੀ ਸਾਰੈ ਸੰਸਾਰਿ ॥੧॥ ਰਹਾਉ ॥ ਕਰੁ ਮਸਤਕਿ ਧਾਰਿ ਬਾਲਿਕੁ ਰਖਿ ਲੀਨੋ ॥ ਪ੍ਰਭਿ ਅੰਮ੍ਰਿਤ ਨਾਮੁ ਮਹਾ ਰਸੁ ਦੀਨੋ ॥੧॥ ਦਾਸ ਕੀ ਲਾਜ ਰਖੈ ਮਿਹਰਵਾਨੁ ॥ ਗੁਰੁ ਨਾਨਕੁ ਬੋਲੈ ਦਰਗਹ ਪਰਵਾਨੁ ॥੨॥੬॥੮੬॥

ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੭ ੴ ਸਤਿਗੁਰ ਪ੍ਰਸਾਦਿ ॥

ਸਤਿਗੁਰ ਸਬਦਿ ਉਜਾਰੋ ਦੀਪਾ ॥ ਬਿਨਸਿਓ ਅੰਧਕਾਰ ਤਿਹ ਮੰਦਰਿ ਰਤਨ ਕੋਠੜੀ ਖੁਲ੍ਹੀ ਅਨੂਪਾ ॥੧॥ ਰਹਾਉ ॥ ਬਿਸਮਨ ਬਿਸਮ ਭਏ ਜਉ ਪੇਖਿਓ ਕਹਨੁ ਨ ਜਾਇ ਵਡਿਆਈ ॥ ਮਗਨ ਭਏ ਊਹਾ ਸੰਗਿ ਮਾਤੇ ਓਤਿ ਪੋਤਿ ਲਪਟਾਈ ॥੧॥ ਆਲ ਜਾਲ ਨਹੀ ਕਛੂ ਜੰਜਾਰਾ ਅਹੰਬੁਧਿ ਨਹੀ ਭੋਰਾ ॥ ਊਚਨ ਊਚਾ ਬੀਚੁ ਨ ਖੀਚਾ ਹਉ ਤੇਰਾ ਤੂੰ ਮੋਰਾ ॥੨॥ ਏਕੰਕਾਰੁ ਏਕੁ ਪਾਸਾਰਾ ਏਕੈ ਅਪਰ ਅਪਾਰਾ ॥ ਏਕੁ ਬਿਸਥੀਰਨੁ ਏਕੁ ਸੰਪੂਰਨੁ ਏਕੈ ਪ੍ਰਾਨ ਅਧਾਰਾ ॥੩॥ ਨਿਰਮਲ ਨਿਰਮਲ ਸੂਚਾ ਸੂਚੋ ਸੂਚਾ ਸੂਚੋ ਸੂਚਾ ॥ ਅੰਤ ਨ ਅੰਤਾ ਸਦਾ ਬੇਅੰਤਾ ਕਹੁ ਨਾਨਕ ਊਚੋ ਊਚਾ ॥੪॥੧॥੮੭॥ ਬਿਲਾਵਲੁ ਮਹਲਾ ੫ ॥ ਬਿਨੁ ਹਰਿ ਕਾਮਿ ਨ ਆਵਤ ਹੇ ॥ ਜਾ ਸਿਉ ਰਾਚਿ ਮਾਚਿ ਤੁਮ੍ਹ ਲਾਗੇ ਓਹ ਮੋਹਨੀ ਮੋਹਾਵਤ ਹੇ ॥੧॥ ਰਹਾਉ ॥ ਕਨਿਕ ਕਾਮਿਨੀ ਸੇਜ ਸੋਹਨੀ ਛੋਡਿ ਖਿਨੈ ਮਹਿ ਜਾਵਤ ਹੇ ॥ ਉਰਝਿ ਰਹਿਓ ਇੰਦ੍ਰੀ ਰਸ ਪ੍ਰੇਰਿਓ ਬਿਖੈ ਠਗਉਰੀ ਖਾਵਤ ਹੇ ॥੧॥ ਤ੍ਰਿਣ ਕੋ ਮੰਦਰੁ ਸਾਜਿ ਸਵਾਰਿਓ ਪਾਵਕੁ ਤਲੈ ਜਰਾਵਤ ਹੇ ॥ ਐਸੇ ਗੜ ਮਹਿ ਐਠਿ ਹਠੀਲੋ ਫੂਲਿ ਫੂਲਿ ਕਿਆ ਪਾਵਤ ਹੇ ॥੨॥ ਪੰਚ ਦੂਤ ਮੂਡ ਪਰਿ ਠਾਢੇ ਕੇਸ

ਗਹੇ ਫੇਰਾਵਤ ਹੇ ॥ ਦ੍ਰਿਸਟਿ ਨ ਆਵਹਿ ਅੰਧ ਅਗਿਆਨੀ ਸੋਇ ਰਹਿਓ ਮਦ ਮਾਵਤ ਹੇ ॥੩॥ ਜਾਲੁ ਪਸਾਰਿ ਚੋਗ ਬਿਸਥਾਰੀ ਪੰਖੀ ਜਿਉ ਫਾਹਾਵਤ ਹੇ ॥ ਕਹੁ ਨਾਨਕ ਬੰਧਨ ਕਾਟਨ ਕਉ ਮੈ ਸਤਿਗੁਰੁ ਪੁਰਖੁ ਧਿਆਵਤ ਹੇ ॥੪॥੨॥੮੮॥ ਬਿਲਾਵਲੁ ਮਹਲਾ ੫ ॥ ਹਰਿ ਹਰਿ ਨਾਮੁ ਅਪਾਰ ਅਮੋਲੀ ॥ ਪ੍ਰਾਨ ਪਿਆਰੋ ਮਨਹਿ ਅਧਾਰੋ ਚੀਤਿ ਚਿਤਵਉ ਜੈਸੇ ਪਾਨ ਤੰਬੋਲੀ ॥੧॥ ਰਹਾਉ ॥ ਸਹਜਿ ਸਮਾਇਓ ਗੁਰਹਿ ਬਤਾਇਓ ਰੰਗਿ ਰੰਗੀ ਮੇਰੇ ਤਨ ਕੀ ਚੋਲੀ ॥ ਪ੍ਰਿਅ ਮੁਖਿ ਲਾਗੋ ਜਉ ਵਡਭਾਗੋ ਸੁਹਾਗੁ ਹਮਾਰੋ ਕਤਹੁ ਨ ਡੋਲੀ ॥੧॥ ਰੂਪ ਨ ਧੂਪ ਨ ਗੰਧ ਨ ਦੀਪਾ ਓਤਿ ਪੋਤਿ ਅੰਗ ਅੰਗ ਸੰਗਿ ਮਉਲੀ ॥ ਕਹੁ ਨਾਨਕ ਪ੍ਰਿਅ ਰਵੀ ਸੁਹਾਗਨਿ ਅਤਿ ਨੀਕੀ ਮੇਰੀ ਬਨੀ ਖਟੋਲੀ ॥੨॥੩॥੮੯॥ ਬਿਲਾਵਲੁ ਮਹਲਾ ੫ ॥ ਗੋਬਿੰਦ ਗੋਬਿੰਦ ਗੋਬਿੰਦ ਮਈ ॥ ਜਬ ਤੇ ਭੇਟੇ ਸਾਧ ਦਇਆਰਾ ਤਬ ਤੇ ਦੁਰਮਤਿ ਦੂਰਿ ਭਈ ॥੧॥ ਰਹਾਉ ॥ ਪੂਰਨ ਪੂਰਿ ਰਹਿਓ ਸੰਪੂਰਨ ਸੀਤਲ ਸਾਂਤਿ ਦਇਆਲ ਦਈ ॥ ਕਾਮ ਕ੍ਰੋਧ ਤ੍ਰਿਸਨਾ ਅਹੰਕਾਰਾ ਤਨ ਤੇ ਹੋਏ ਸਗਲ ਖਈ ॥੧॥ ਸਤੁ ਸੰਤੋਖੁ ਦਇਆ ਧਰਮੁ ਸੁਚਿ ਸੰਤਨ ਤੇ ਇਹੁ ਮੰਤੁ ਲਈ ॥ ਕਹੁ ਨਾਨਕ ਜਿਨਿ ਮਨਹੁ ਪਛਾਨਿਆ ਤਿਨ ਕਉ ਸਗਲੀ ਸੋਝ ਪਈ ॥੨॥੪॥੯੦॥ ਬਿਲਾਵਲੁ ਮਹਲਾ ੫ ॥ ਕਿਆ ਹਮ ਜੀਅ ਜੰਤ ਬੇਚਾਰੇ ਬਰਨਿ ਨ ਸਾਕਹ ਏਕ ਰੋਮਾਈ ॥ ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਬੇਅੰਤ ਠਾਕੁਰ ਤੇਰੀ ਗਤਿ ਨਹੀ ਪਾਈ ॥੧॥ ਕਿਆ ਕਥੀਐ ਕਿਛੁ ਕਥਨੁ ਨ ਜਾਈ ॥ ਜਹ ਜਹ ਦੇਖਾ ਤਹ ਰਹਿਆ ਸਮਾਈ ॥੧॥ ਰਹਾਉ ॥ ਜਹ ਮਹਾ ਭਇਆਨ ਦੂਖ ਜਮ ਸੁਨੀਐ ਤਹ ਮੇਰੇ ਪ੍ਰਭ ਤੂਹੈ ਸਹਾਈ ॥ ਸਰਨਿ ਪਰਿਓ ਹਰਿ ਚਰਨ ਗਹੇ ਪ੍ਰਭ ਗੁਰਿ ਨਾਨਕ ਕਉ ਬੂਝ ਬੁਝਾਈ ॥੨॥੫॥੯੧॥ ਬਿਲਾਵਲੁ ਮਹਲਾ ੫ ॥ ਅਗਮ ਰੂਪ ਅਬਿਨਾਸੀ ਕਰਤਾ ਪਤਿਤ ਪਵਿਤ ਇਕ ਨਿਮਖ ਜਪਾਈਐ ॥ ਅਚਰਜੁ ਸੁਨਿਓ ਪਰਾਪਤਿ ਭੇਟੁਲੇ ਸੰਤ ਚਰਨ ਚਰਨ ਮਨੁ ਲਾਈਐ ॥੧॥ ਕਿਤੁ ਬਿਧੀਐ ਕਿਤੁ ਸੰਜਮਿ ਪਾਈਐ ॥ ਕਹੁ ਸੁਰਜਨ ਕਿਤੁ ਜੁਗਤੀ ਧਿਆਈਐ ॥੧॥ ਰਹਾਉ ॥ ਜੋ ਮਾਨੁਖੁ ਮਾਨੁਖ ਕੀ ਸੇਵਾ ਓਹੁ ਤਿਸ ਕੀ ਲਈ ਲਈ ਫੁਨਿ ਜਾਈਐ ॥ ਨਾਨਕ ਸਰਨਿ ਸਰਣਿ ਸੁਖ ਸਾਗਰ ਮੋਹਿ ਟੇਕ ਤੇਰੋ ਇਕ ਨਾਈਐ ॥੨॥੬॥੯੨॥ ਬਿਲਾਵਲੁ ਮਹਲਾ ੫ ॥ ਸੰਤ ਸਰਣਿ ਸੰਤ ਟਹਲ ਕਰੀ ॥ ਧੰਧੁ ਬੰਧੁ ਅਰੁ ਸਗਲ ਜੰਜਾਰੋ ਅਵਰ ਕਾਜ ਤੇ ਛੂਟਿ ਪਰੀ ॥੧॥ ਰਹਾਉ ॥ ਸੂਖ ਸਹਜ ਅਰੁ ਘਨੋ ਅਨੰਦਾ ਗੁਰ ਤੇ ਪਾਇਓ

ਨਾਮੁ ਹਰੀ ॥ ਐਸੋ ਹਰਿ ਰਸੁ ਬਰਨਿ ਨ ਸਾਕਉ ਗੁਰਿ ਪੂਰੈ ਮੇਰੀ ਉਲਟਿ ਧਰੀ ॥੧॥ ਪੇਖਿਓ ਮੋਹਨੁ ਸਭ ਕੈ ਸੰਗੇ ਊਨ ਨ ਕਾਹੂ ਸਗਲ ਭਰੀ ॥ ਪੂਰਨ ਪੂਰਿ ਰਹਿਓ ਕਿਰਪਾ ਨਿਧਿ ਕਹੁ ਨਾਨਕ ਮੇਰੀ ਪੂਰੀ ਪਰੀ ॥੨॥੭॥੯੩॥ ਬਿਲਾਵਲੁ ਮਹਲਾ ੫ ॥ ਮਨ ਕਿਆ ਕਹਤਾ ਹਉ ਕਿਆ ਕਹਤਾ ॥ ਜਾਨ ਪ੍ਰਬੀਨ ਠਾਕੁਰ ਪ੍ਰਭ ਮੇਰੇ ਤਿਸੁ ਆਗੈ ਕਿਆ ਕਹਤਾ ॥੧॥ ਰਹਾਉ ॥ ਅਨਬੋਲੇ ਕਉ ਤੁਹੀ ਪਛਾਨਹਿ ਜੋ ਜੀਅਨ ਮਹਿ ਹੋਤਾ ॥ ਰੇ ਮਨ ਕਾਇ ਕਹਾ ਲਉ ਡਹਕਹਿ ਜਉ ਪੇਖਤ ਹੀ ਸੰਗਿ ਸੁਨਤਾ ॥੧॥ ਐਸੋ ਜਾਨਿ ਭਏ ਮਨਿ ਆਨਦ ਆਨ ਨ ਬੀਓ ਕਰਤਾ ॥ ਕਹੁ ਨਾਨਕ ਗੁਰ ਭਏ ਦਇਆਰਾ ਹਰਿ ਰੰਗੁ ਨ ਕਬਹੂ ਲਹਤਾ ॥੨॥੮॥੯੪॥ ਬਿਲਾਵਲੁ ਮਹਲਾ ੫ ॥ ਨਿੰਦਕੁ ਐਸੇ ਹੀ ਝਰਿ ਪਰੀਐ ॥ ਇਹ ਨੀਸਾਨੀ ਸੁਨਹੁ ਤੁਮ ਭਾਈ ਜਿਉ ਕਾਲਰ ਭੀਤਿ ਗਿਰੀਐ ॥੧॥ ਰਹਾਉ ॥ ਜਉ ਦੇਖੈ ਛਿਦ੍ਰੁ ਤਉ ਨਿੰਦਕੁ ਉਮਾਹੈ ਭਲੋ ਦੇਖਿ ਦੁਖ ਭਰੀਐ ॥ ਆਠ ਪਹਰ ਚਿਤਵੈ ਨਹੀ ਪਹੁਚੈ ਬੁਰਾ ਚਿਤਵਤ ਚਿਤਵਤ ਮਰੀਐ ॥੧॥ ਨਿੰਦਕੁ ਪ੍ਰਭੂ ਭੁਲਾਇਆ ਕਾਲੁ ਨੇਰੈ ਆਇਆ ਹਰਿ ਜਨ ਸਿਉ ਬਾਦੁ ਉਠਰੀਐ ॥ ਨਾਨਕ ਕਾ ਰਾਖਾ ਆਪਿ ਪ੍ਰਭੁ ਸੁਆਮੀ ਕਿਆ ਮਾਨਸ ਬਪੁਰੇ ਕਰੀਐ ॥੨॥੯॥੯੫॥ ਬਿਲਾਵਲੁ ਮਹਲਾ ੫ ॥ ਐਸੇ ਕਾਹੇ ਭੂਲਿ ਪਰੇ ॥ ਕਰਹਿ ਕਰਾਵਹਿ ਮੂਕਰਿ ਪਾਵਹਿ ਪੇਖਤ ਸੁਨਤ ਸਦਾ ਸੰਗਿ ਹਰੇ ॥੧॥ ਰਹਾਉ ॥ ਕਾਚ ਬਿਹਾਝਨ ਕੰਚਨ ਛਾਡਨ ਬੈਰੀ ਸੰਗਿ ਹੇਤੁ ਸਾਜਨ ਤਿਆਗਿ ਖਰੇ ॥ ਹੋਵਨੁ ਕਉਰਾ ਅਨਹੋਵਨੁ ਮੀਠਾ ਬਿਖਿਆ ਮਹਿ ਲਪਟਾਇ ਜਰੇ ॥੧॥ ਅੰਧ ਕੂਪ ਮਹਿ ਪਰਿਓ ਪਰਾਨੀ ਭਰਮ ਗੁਬਾਰ ਮੋਹ ਬੰਧਿ ਪਰੇ ॥ ਕਹੁ ਨਾਨਕ ਪ੍ਰਭ ਹੋਤ ਦਇਆਰਾ ਗੁਰੁ ਭੇਟੈ ਕਾਢੈ ਬਾਹ ਫਰੇ ॥੨॥੧੦॥੯੬॥ ਬਿਲਾਵਲੁ ਮਹਲਾ ੫ ॥ ਮਨ ਤਨ ਰਸਨਾ ਹਰਿ ਚੀਨ੍ਹਾ ॥ ਭਏ ਅਨੰਦਾ ਮਿਟੇ ਅੰਦੇਸੇ ਸਰਬ ਸੂਖ ਮੋ ਕਉ ਗੁਰਿ ਦੀਨ੍ਹਾ ॥੧॥ ਰਹਾਉ ॥ ਇਆਨਪ ਤੇ ਸਭ ਭਈ ਸਿਆਨਪ ਪ੍ਰਭੁ ਮੇਰਾ ਦਾਨਾ ਬੀਨਾ ॥ ਹਾਥ ਦੇਇ ਰਾਖੈ ਅਪਨੇ ਕਉ ਕਾਹੂ ਨ ਕਰਤੇ ਕਛੁ ਖੀਨਾ ॥੧॥ ਬਲਿ ਜਾਵਉ ਦਰਸਨ ਸਾਧੂ ਕੈ ਜਿਹ ਪ੍ਰਸਾਦਿ ਹਰਿ ਨਾਮੁ ਲੀਨਾ ॥ ਕਹੁ ਨਾਨਕ ਠਾਕੁਰ ਭਾਰੋਸੈ ਕਹੂ ਨ ਮਾਨਿਓ ਮਨਿ ਛੀਨਾ ॥੨॥੧੧॥੯੭॥ ਬਿਲਾਵਲੁ ਮਹਲਾ ੫ ॥ ਗੁਰਿ ਪੂਰੈ ਮੇਰੀ ਰਾਖਿ ਲਈ ॥ ਅੰਮ੍ਰਿਤ ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ ॥੧॥ ਰਹਾਉ ॥ ਨਿਵਰੇ ਦੂਤ ਦੁਸਟ ਬੈਰਾਈ ਗੁਰ ਪੂਰੇ ਕਾ ਜਪਿਆ

ਜਾਪੁ ॥ ਕਹਾ ਕਰੈ ਕੋਈ ਬੇਚਾਰਾ ਪ੍ਰਭ ਮੇਰੇ ਕਾ ਬਡ ਪਰਤਾਪੁ ॥੧॥ ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ ਚਰਨ ਕਮਲ ਰਖੁ ਮਨ ਮਾਹੀ ॥ ਤਾ ਕੀ ਸਰਨਿ ਪਰਿਓ ਨਾਨਕ ਦਾਸੁ ਜਾ ਤੇ ਊਪਰਿ ਕੋ ਨਾਹੀ ॥੨॥੧੨॥੯੮॥ ਬਿਲਾਵਲੁ ਮਹਲਾ ੫ ॥ ਸਦਾ ਸਦਾ ਜਪੀਐ ਪ੍ਰਭ ਨਾਮ ॥ ਜਰਾ ਮਰਾ ਕਛੁ ਦੂਖੁ ਨ ਬਿਆਪੈ ਆਗੈ ਦਰਗਹ ਪੂਰਨ ਕਾਮ ॥੧॥ ਰਹਾਉ ॥ ਆਪੁ ਤਿਆਗਿ ਪਰੀਐ ਨਿਤ ਸਰਨੀ ਗੁਰ ਤੇ ਪਾਈਐ ਏਹੁ ਨਿਧਾਨੁ ॥ ਜਨਮ ਮਰਣ ਕੀ ਕਟੀਐ ਫਾਸੀ ਸਾਚੀ ਦਰਗਹ ਕਾ ਨੀਸਾਨੁ ॥੧॥ ਜੋ ਤੁਮ੍ ਕਰਹੁ ਸੋਈ ਭਲ ਮਾਨਉ ਮਨ ਤੇ ਛੂਟੈ ਸਗਲ ਗੁਮਾਨੁ ॥ ਕਹੁ ਨਾਨਕ ਤਾ ਕੀ ਸਰਣਾਈ ਜਾ ਕਾ ਕੀਆ ਸਗਲ ਜਹਾਨੁ ॥੨॥੧੩॥੯੯॥ ਬਿਲਾਵਲੁ ਮਹਲਾ ੫ ॥ ਮਨ ਤਨ ਅੰਤਰਿ ਪ੍ਰਭੁ ਆਹੀ ॥ ਹਰਿ ਗੁਨ ਗਾਵਤ ਪਰਉਪਕਾਰ ਨਿਤ ਤਿਸੁ ਰਸਨਾ ਕਾ ਮੋਲੁ ਕਿਛੁ ਨਾਹੀ ॥੧॥ ਰਹਾਉ ॥ ਕੁਲ ਸਮੂਹ ਉਧਰੇ ਖਿਨ ਭੀਤਰਿ ਜਨਮ ਜਨਮ ਕੀ ਮਲੁ ਲਾਹੀ ॥ ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਅਨਦ ਸੇਤੀ ਬਿਖਿਆ ਬਨੁ ਗਾਹੀ ॥੧॥ ਚਰਨ ਪ੍ਰਭੂ ਕੇ ਬੋਹਿਥੁ ਪਾਏ ਭਵ ਸਾਗਰੁ ਪਾਰਿ ਪਰਾਹੀ ॥ ਸੰਤ ਸੇਵਕ ਭਗਤ ਹਰਿ ਤਾ ਕੇ ਨਾਨਕ ਮਨੁ ਲਾਗਾ ਹੈ ਤਾਹੀ ॥੨॥੧੪॥੧੦੦॥ ਬਿਲਾਵਲੁ ਮਹਲਾ ੫ ॥ ਧੀਰਉ ਦੇਖਿ ਤੁਮ੍ਾਰੇ ਰੰਗਾ ॥ ਤੁਹੀ ਸੁਆਮੀ ਅੰਤਰਜਾਮੀ ਤੂਹੀ ਵਸਹਿ ਸਾਧ ਕੈ ਸੰਗਾ ॥੧॥ ਰਹਾਉ ॥ ਖਿਨ ਮਹਿ ਥਾਪਿ ਨਿਵਾਜੇ ਠਾਕੁਰ ਨੀਚ ਕੀਟ ਤੇ ਕਰਹਿ ਰਾਜੰਗਾ ॥੧॥ ਕਬਹੂ ਨ ਬਿਸਰੈ ਹੀਏ ਮੋਰੇ ਤੇ ਨਾਨਕ ਦਾਸ ਇਹੀ ਦਾਨੁ ਮੰਗਾ ॥੨॥੧੫॥੧੦੧॥ ਬਿਲਾਵਲੁ ਮਹਲਾ ੫ ॥ ਅਚੁਤ ਪੂਜਾ ਜੋਗ ਗੋਪਾਲ ॥ ਮਨੁ ਤਨੁ ਅਰਪਿ ਰਖਉ ਹਰਿ ਆਗੈ ਸਰਬ ਜੀਆ ਕਾ ਹੈ ਪ੍ਰਤਿਪਾਲ ॥੧॥ ਰਹਾਉ ॥ ਸਰਨਿ ਸਮ੍ਰਥ ਅਕਥ ਸੁਖਦਾਤਾ ਕਿਰਪਾ ਸਿੰਧੁ ਬਡੋ ਦਇਆਲ ॥ ਕੰਠਿ ਲਾਇ ਰਾਖੈ ਅਪਨੇ ਕਉ ਤਿਸ ਨੋ ਲਗੈ ਨ ਤਾਤੀ ਬਾਲ ॥੧॥ ਦਾਮੋਦਰ ਦਇਆਲ ਸੁਆਮੀ ਸਰਬਸੁ ਸੰਤ ਜਨਾ ਧਨ ਮਾਲ ॥ ਨਾਨਕ ਜਾਚਿਕ ਦਰਸੁ ਪ੍ਰਭ ਮਾਗੈ ਸੰਤ ਜਨਾ ਕੀ ਮਿਲੈ ਰਵਾਲ ॥੨॥੧੬॥੧੦੨ ॥ ਬਿਲਾਵਲੁ ਮਹਲਾ ੫ ॥ ਸਿਮਰਤ ਨਾਮੁ ਕੋਟਿ ਜਤਨ ਭਏ ॥ ਸਾਧਸੰਗਿ ਮਿਲਿ ਹਰਿ ਗੁਨ ਗਾਏ ਜਮਦੂਤਨ ਕਉ ਤ੍ਰਾਸ ਅਹੇ ॥੧॥ ਰਹਾਉ ॥ ਜੇਤੇ ਪੁਨਹਚਰਨ ਸੇ ਕੀਨੇ੍ ਮਨਿ ਤਨਿ ਪ੍ਰਭ ਕੇ ਚਰਣ ਗਹੇ ॥ ਆਵਣ ਜਾਣੁ ਭਰਮੁ ਭਉ ਨਾਠਾ ਜਨਮ ਜਨਮ ਕੇ ਕਿਲਵਿਖ ਦਹੇ ॥੧॥ ਨਿਰਭਉ ਹੋਇ ਭਜਹੁ ਜਗਦੀਸੈ ਏਹੁ ਪਦਾਰਥੁ ਵਡਭਾਗਿ ਲਹੇ ॥

ਕਰਿ ਕਿਰਪਾ ਪੂਰਨ ਪ੍ਰਭ ਦਾਤੇ ਨਿਰਮਲ ਜਸੁ ਨਾਨਕ ਦਾਸ ਕਹੇ ॥੨॥੧੭॥੧੦੩॥ ਬਿਲਾਵਲੁ ਮਹਲਾ ੫ ॥
ਸੁਲਹੀ ਤੇ ਨਾਰਾਇਣ ਰਾਖੁ ॥ ਸੁਲਹੀ ਕਾ ਹਾਥੁ ਕਹੀ ਨ ਪਹੁਚੈ ਸੁਲਹੀ ਹੋਇ ਮੂਆ ਨਾਪਾਕੁ ॥੧॥ ਰਹਾਉ ॥
ਕਾਢਿ ਕੁਠਾਰੁ ਖਸਮਿ ਸਿਰੁ ਕਾਟਿਆ ਖਿਨ ਮਹਿ ਹੋਇ ਗਇਆ ਹੈ ਖਾਕੁ ॥ ਮੰਦਾ ਚਿਤਵਤ ਚਿਤਵਤ ਪਚਿਆ
ਜਿਨਿ ਰਚਿਆ ਤਿਨਿ ਦੀਨਾ ਧਾਕੁ ॥੧॥ ਪੁਤ੍ਰ ਮੀਤ ਧਨੁ ਕਿਛੂ ਨ ਰਹਿਓ ਸੁ ਛੋਡਿ ਗਇਆ ਸਭ ਭਾਈ ਸਾਕੁ ॥
ਕਹੁ ਨਾਨਕ ਤਿਸੁ ਪ੍ਰਭ ਬਲਿਹਾਰੀ ਜਿਨਿ ਜਨ ਕਾ ਕੀਨੋ ਪੂਰਨ ਵਾਕੁ ॥੨॥੧੮॥੧੦੪॥ ਬਿਲਾਵਲੁ ਮਹਲਾ ੫ ॥
ਪੂਰੇ ਗੁਰ ਕੀ ਪੂਰੀ ਸੇਵ ॥ ਆਪੇ ਆਪਿ ਵਰਤੈ ਸੁਆਮੀ ਕਾਰਜੁ ਰਾਸਿ ਕੀਆ ਗੁਰਦੇਵ ॥੧॥ ਰਹਾਉ ॥ ਆਦਿ
ਮਧਿ ਪ੍ਰਭੁ ਅੰਤਿ ਸੁਆਮੀ ਅਪਨਾ ਥਾਟੁ ਬਨਾਇਓ ਆਪਿ ॥ ਅਪਨੇ ਸੇਵਕ ਕੀ ਆਪੇ ਰਾਖੈ ਪ੍ਰਭ ਮੇਰੇ ਕੋ ਵਡ
ਪਰਤਾਪੁ ॥੧॥ ਪਾਰਬ੍ਰਹਮ ਪਰਮੇਸੁਰ ਸਤਿਗੁਰ ਵਸਿ ਕੀਨ੍ਹੇ ਜਿਨਿ ਸਗਲੇ ਜੰਤ ॥ ਚਰਨ ਕਮਲ ਨਾਨਕ ਸਰਣਾਈ
ਰਾਮ ਨਾਮ ਜਪਿ ਨਿਰਮਲ ਮੰਤ ॥੨॥੧੯॥੧੦੫॥ ਬਿਲਾਵਲੁ ਮਹਲਾ ੫ ॥ ਤਾਪ ਪਾਪ ਤੇ ਰਾਖੇ ਆਪ ॥
ਸੀਤਲ ਭਏ ਗੁਰ ਚਰਨੀ ਲਾਗੇ ਰਾਮ ਨਾਮ ਹਿਰਦੇ ਮਹਿ ਜਾਪ ॥੧॥ ਰਹਾਉ ॥ ਕਰਿ ਕਿਰਪਾ ਹਸਤ ਪ੍ਰਭਿ ਦੀਨੇ
ਜਗਤ ਉਧਾਰ ਨਵ ਖੰਡ ਪ੍ਰਤਾਪ ॥ ਦੁਖ ਬਿਨਸੇ ਸੁਖ ਅਨਦ ਪ੍ਰਵੇਸਾ ਤ੍ਰਿਸਨ ਬੁਝੀ ਮਨ ਤਨ ਸਚੁ ਧ੍ਰਾਪ ॥੧॥
ਅਨਾਥ ਕੋ ਨਾਥੁ ਸਰਣਿ ਸਮਰਥਾ ਸਗਲ ਸ੍ਰਿਸਟਿ ਕੋ ਮਾਈ ਬਾਪੁ ॥ ਭਗਤਿ ਵਛਲ ਭੈ ਭੰਜਨ ਸੁਆਮੀ ਗੁਣ
ਗਾਵਤ ਨਾਨਕ ਆਲਾਪ ॥੨॥੨੦॥੧੦੬॥ ਬਿਲਾਵਲੁ ਮਹਲਾ ੫ ॥ ਜਿਸ ਤੇ ਉਪਜਿਆ ਤਿਸਹਿ ਪਛਾਨੁ ॥
ਪਾਰਬ੍ਰਹਮੁ ਪਰਮੇਸਰੁ ਧਿਆਇਆ ਕੁਸਲ ਖੇਮ ਹੋਏ ਕਲਿਆਨ ॥੧॥ ਰਹਾਉ ॥ ਗੁਰੁ ਪੂਰਾ ਭੇਟਿਓ ਬਡ ਭਾਗੀ
ਅੰਤਰਜਾਮੀ ਸੁਘੜੁ ਸੁਜਾਨੁ ॥ ਹਾਥ ਦੇਇ ਰਾਖੇ ਕਰਿ ਅਪਨੇ ਬਡ ਸਮਰਥੁ ਨਿਮਾਣਿਆ ਕੋ ਮਾਨੁ ॥੧॥ ਭ੍ਰਮ ਭੈ
ਬਿਨਸਿ ਗਏ ਖਿਨ ਭੀਤਰਿ ਅੰਧਕਾਰ ਪ੍ਰਗਟੇ ਚਾਨਾਣੁ ॥ ਸਾਸਿ ਸਾਸਿ ਆਰਾਧੈ ਨਾਨਕੁ ਸਦਾ ਸਦਾ ਜਾਈਐ
ਕੁਰਬਾਣੁ ॥੨॥੨੧॥੧੦੭॥ ਬਿਲਾਵਲੁ ਮਹਲਾ ੫ ॥ ਦੋਵੈ ਥਾਵ ਰਖੇ ਗੁਰ ਸੂਰੇ ॥ ਹਲਤ ਪਲਤ ਪਾਰਬ੍ਰਹਮਿ
ਸਵਾਰੇ ਕਾਰਜ ਹੋਏ ਸਗਲੇ ਪੂਰੇ ॥੧॥ ਰਹਾਉ ॥ ਹਰਿ ਹਰਿ ਨਾਮੁ ਜਪਤ ਸੁਖ ਸਹਜੇ ਮਜਨੁ ਹੋਵਤ ਸਾਧੂ ਧੂਰੇ ॥
ਆਵਣ ਜਾਣ ਰਹੇ ਥਿਤਿ ਪਾਈ ਜਨਮ ਮਰਣ ਕੇ ਮਿਟੇ ਬਿਸੂਰੇ ॥੧॥ ਭ੍ਰਮ ਭੈ ਤਰੇ ਛੁਟੇ ਭੈ ਜਮ ਕੇ ਘਟਿ ਘਟਿ

ਏਕੁ ਰਹਿਆ ਭਰਪੂਰੇ ॥ ਨਾਨਕ ਸਰਣਿ ਪਰਿਓ ਦੁਖ ਭੰਜਨ ਅੰਤਰਿ ਬਾਹਰਿ ਪੇਖਿ ਹਜੂਰੇ ॥੨॥੨੨॥੧੦੮॥
ਬਿਲਾਵਲੁ ਮਹਲਾ ੫ ॥ ਦਰਸਨੁ ਦੇਖਤ ਦੋਖ ਨਸੇ ॥ ਕਬਹੁ ਨ ਹੋਵਹੁ ਦ੍ਰਿਸਟਿ ਅਗੋਚਰ ਜੀਅ ਕੈ ਸੰਗਿ ਬਸੇ
॥੧॥ ਰਹਾਉ ॥ ਪ੍ਰੀਤਮ ਪ੍ਰਾਨ ਅਧਾਰ ਸੁਆਮੀ ॥ ਪੂਰਿ ਰਹੇ ਪ੍ਰਭ ਅੰਤਰਜਾਮੀ ॥੧॥ ਕਿਆ ਗੁਣ ਤੇਰੇ ਸਾਰਿ
ਸਮ੍ਾਰੀ ॥ ਸਾਸਿ ਸਾਸਿ ਪ੍ਰਭ ਤੁਝਹਿ ਚਿਤਾਰੀ ॥੨॥ ਕਿਰਪਾ ਨਿਧਿ ਪ੍ਰਭ ਦੀਨ ਦਇਆਲਾ ॥ ਜੀਅ ਜੰਤ ਕੀ ਕਰਹੁ
ਪ੍ਰਤਿਪਾਲਾ ॥੩॥ ਆਠ ਪਹਰ ਤੇਰਾ ਨਾਮੁ ਜਨੁ ਜਾਪੇ ॥ ਨਾਨਕ ਪ੍ਰੀਤਿ ਲਾਈ ਪ੍ਰਭਿ ਆਪੇ ॥੪॥੨੩॥੧੦੯॥
ਬਿਲਾਵਲੁ ਮਹਲਾ ੫ ॥ ਤਨੁ ਧਨੁ ਜੋਬਨੁ ਚਲਤ ਗਇਆ ॥ ਰਾਮ ਨਾਮ ਕਾ ਭਜਨੁ ਨ ਕੀਨੋ ਕਰਤ ਬਿਕਾਰ
ਨਿਸਿ ਭੋਰੁ ਭਇਆ ॥੧॥ ਰਹਾਉ ॥ ਅਨਿਕ ਪ੍ਰਕਾਰ ਭੋਜਨ ਨਿਤ ਖਾਤੇ ਮੁਖ ਦੰਤਾ ਘਸਿ ਖੀਨ ਖਇਆ ॥
ਮੇਰੀ ਮੇਰੀ ਕਰਿ ਕਰਿ ਮੂਠਉ ਪਾਪ ਕਰਤ ਨਹ ਪਰੀ ਦਇਆ ॥੧॥ ਮਹਾ ਬਿਕਾਰ ਘੋਰ ਦੁਖ ਸਾਗਰ
ਤਿਸੁ ਮਹਿ ਪ੍ਰਾਣੀ ਗਲਤੁ ਪਇਆ ॥ ਸਰਨਿ ਪਰੇ ਨਾਨਕ ਸੁਆਮੀ ਕੀ ਬਾਹ ਪਕਰਿ ਪ੍ਰਭਿ ਕਾਢਿ ਲਇਆ
॥੨॥੨੪॥੧੧੦॥ ਬਿਲਾਵਲੁ ਮਹਲਾ ੫ ॥ ਆਪਨਾ ਪ੍ਰਭੁ ਆਇਆ ਚੀਤਿ ॥ ਦੁਸਮਨ ਦੁਸਟ ਰਹੇ ਝਖ ਮਾਰਤ
ਕੁਸਲੁ ਭਇਆ ਮੇਰੇ ਭਾਈ ਮੀਤ ॥੧॥ ਰਹਾਉ ॥ ਗਈ ਬਿਆਧਿ ਉਪਾਧਿ ਸਭ ਨਾਸੀ ਅੰਗੀਕਾਰੁ ਕੀਓ
ਕਰਤਾਰਿ ॥ ਸਾਂਤਿ ਸੂਖ ਅਰੁ ਅਨਦ ਘਨੇਰੇ ਪ੍ਰੀਤਮ ਨਾਮੁ ਰਿਦੈ ਉਰ ਹਾਰਿ ॥੧॥ ਜੀਉ ਪਿੰਡੁ ਧਨੁ ਰਾਸਿ ਪ੍ਰਭ
ਤੇਰੀ ਤੂੰ ਸਮਰਥੁ ਸੁਆਮੀ ਮੇਰਾ ॥ ਦਾਸ ਅਪੁਨੇ ਕਉ ਰਾਖਨਹਾਰਾ ਨਾਨਕ ਦਾਸ ਸਦਾ ਹੈ ਚੇਰਾ ॥੨॥੨੫॥੧੧੧॥
ਬਿਲਾਵਲੁ ਮਹਲਾ ੫ ॥ ਗੋਬਿਦੁ ਸਿਮਰਿ ਹੋਆ ਕਲਿਆਣੁ ॥ ਮਿਟੀ ਉਪਾਧਿ ਭਇਆ ਸੁਖੁ ਸਾਚਾ ਅੰਤਰਜਾਮੀ
ਸਿਮਰਿਆ ਜਾਣੁ ॥੧॥ ਰਹਾਉ ॥ ਜਿਸ ਕੇ ਜੀਅ ਤਿਨਿ ਕੀਏ ਸੁਖਾਲੇ ਭਗਤ ਜਨਾ ਕਉ ਸਾਚਾ ਤਾਣੁ ॥ ਦਾਸ
ਅਪੁਨੇ ਕੀ ਆਪੇ ਰਾਖੀ ਭੈ ਭੰਜਨ ਊਪਰਿ ਕਰਤੇ ਮਾਣੁ ॥੧॥ ਭਈ ਮਿਤ੍ਰਾਈ ਮਿਟੀ ਬੁਰਾਈ ਦ੍ਰੂਸਟ ਦੂਤ ਹਰਿ
ਕਾਢੇ ਛਾਣਿ ॥ ਸੂਖ ਸਹਜ ਆਨੰਦ ਘਨੇਰੇ ਨਾਨਕ ਜੀਵੈ ਹਰਿ ਗੁਣਹ ਵਖਾਣਿ ॥੨॥੨੬॥੧੧੨॥
ਬਿਲਾਵਲੁ ਮਹਲਾ ੫ ॥ ਪਾਰਬ੍ਰਹਮ ਪ੍ਰਭ ਭਏ ਕ੍ਰਿਪਾਲ ॥ ਕਾਰਜ ਸਗਲ ਸਵਾਰੇ ਸਤਿਗੁਰ ਜਪਿ ਜਪਿ ਸਾਧੂ
ਭਏ ਨਿਹਾਲ ॥੧॥ ਰਹਾਉ ॥ ਅੰਗੀਕਾਰੁ ਕੀਆ ਪ੍ਰਭਿ ਅਪਨੈ ਦੋਖੀ ਸਗਲੇ ਭਏ ਰਵਾਲ ॥ ਕੰਠਿ ਲਾਇ

ਰਾਖੇ ਜਨ ਅਪਨੇ ਉਧਰਿ ਲੀਏ ਲਾਇ ਅਪਨੈ ਪਾਲ ॥੧॥ ਸਹੀ ਸਲਾਮਤਿ ਮਿਲਿ ਘਰਿ ਆਏ ਨਿੰਦਕ ਕੇ ਮੁਖ ਹੋਏ ਕਾਲ ॥ ਕਹੁ ਨਾਨਕ ਮੇਰਾ ਸਤਿਗੁਰੁ ਪੂਰਾ ਗੁਰ ਪ੍ਰਸਾਦਿ ਪ੍ਰਭ ਭਏ ਨਿਹਾਲ ॥੨॥੨੭॥੧੧੩॥ ਬਿਲਾਵਲੁ ਮਹਲਾ ੫ ॥ ਮੂ ਲਾਲਨ ਸਿਉ ਪ੍ਰੀਤਿ ਬਨੀ ॥ ਰਹਾਉ ॥ ਤੋਰੀ ਨ ਤੂਟੈ ਛੋਰੀ ਨ ਛੂਟੈ ਐਸੀ ਮਾਧੋ ਖਿੰਚ ਤਨੀ ॥੧॥ ਦਿਨਸੁ ਰੈਨਿ ਮਨ ਮਾਹਿ ਬਸਤੁ ਹੈ ਤੂ ਕਰਿ ਕਿਰਪਾ ਪ੍ਰਭ ਅਪਨੀ ॥੨॥ ਬਲਿ ਬਲਿ ਜਾਉ ਸਿਆਮ ਸੁੰਦਰ ਕਉ ਅਕਥ ਕਥਾ ਜਾ ਕੀ ਬਾਤ ਸੁਨੀ ॥੩॥ ਜਨ ਨਾਨਕ ਦਾਸਨਿ ਦਾਸੁ ਕਹੀਅਤ ਹੈ ਮੋਹਿ ਕਰਹੁ ਕ੍ਰਿਪਾ ਠਾਕੁਰ ਅਪੁਨੀ ॥੪॥੨੮॥੧੧੪॥ ਬਿਲਾਵਲੁ ਮਹਲਾ ੫ ॥ ਹਰਿ ਕੇ ਚਰਨ ਜਪਿ ਜਾਂਉ ਕੁਰਬਾਨੁ ॥ ਗੁਰੁ ਮੇਰਾ ਪਾਰਬ੍ਰਹਮ ਪਰਮੇਸੁਰੁ ਤਾ ਕਾ ਹਿਰਦੈ ਧਰਿ ਮਨ ਧਿਆਨੁ ॥੧॥ ਰਹਾਉ ॥ ਸਿਮਰਿ ਸਿਮਰਿ ਸਿਮਰਿ ਸੁਖਦਾਤਾ ਜਾ ਕਾ ਕੀਆ ਸਗਲ ਜਹਾਨੁ ॥ ਰਸਨਾ ਰਵਹੁ ਏਕੁ ਨਾਰਾਇਣੁ ਸਾਚੀ ਦਰਗਹ ਪਾਵਹੁ ਮਾਨੁ ॥੧॥ ਸਾਧੂ ਸੰਗੁ ਪਰਾਪਤਿ ਜਾ ਕਉ ਤਿਨ ਹੀ ਪਾਇਆ ਏਹੁ ਨਿਧਾਨੁ ॥ ਗਾਵਉ ਗੁਣ ਕੀਰਤਨੁ ਨਿਤ ਸੁਆਮੀ ਕਰਿ ਕਿਰਪਾ ਨਾਨਕ ਦੀਜੈ ਦਾਨੁ ॥੨॥੨੯॥੧੧੫॥ ਬਿਲਾਵਲੁ ਮਹਲਾ ੫ ॥ ਰਾਖਿ ਲੀਏ ਸਤਿਗੁਰ ਕੀ ਸਰਣ ॥ ਜੈ ਜੈ ਕਾਰੁ ਹੋਆ ਜਗ ਅੰਤਰਿ ਪਾਰਬ੍ਰਹਮੁ ਮੇਰੋ ਤਾਰਣ ਤਰਣ ॥੧॥ ਰਹਾਉ ॥ ਬਿਸੁੰਭਰ ਪੂਰਨ ਸੁਖਦਾਤਾ ਸਗਲ ਸਮਗ੍ਰੀ ਪੋਖਣ ਭਰਣ ॥ ਥਾਨ ਥਨੰਤਰਿ ਸਰਬ ਨਿਰੰਤਰਿ ਬਲਿ ਬਲਿ ਜਾਂਈ ਹਰਿ ਕੇ ਚਰਣ ॥੧॥ ਜੀਅ ਜੁਗਤਿ ਵਸਿ ਮੇਰੇ ਸੁਆਮੀ ਸਰਬ ਸਿਧਿ ਤੁਮ ਕਾਰਣ ਕਰਣ ॥ ਆਦਿ ਜੁਗਾਦਿ ਪ੍ਰਭੁ ਰਖਦਾ ਆਇਆ ਹਰਿ ਸਿਮਰਤ ਨਾਨਕ ਨਹੀ ਡਰਣ ॥੨॥੩੦॥੧੧੬॥

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੮ ੴ ਸਤਿਗੁਰ ਪ੍ਰਸਾਦਿ ॥

ਮੈ ਨਾਹੀ ਪ੍ਰਭ ਸਭੁ ਕਿਛੁ ਤੇਰਾ ॥ ਈਘੈ ਨਿਰਗੁਨ ਊਘੈ ਸਰਗੁਨ ਕੇਲ ਕਰਤ ਬਿਚਿ ਸੁਆਮੀ ਮੇਰਾ ॥੧॥ ਰਹਾਉ ॥ ਨਗਰ ਮਹਿ ਆਪਿ ਬਾਹਰਿ ਫੁਨਿ ਆਪਨ ਪ੍ਰਭ ਮੇਰੇ ਕੋ ਸਗਲ ਬਸੇਰਾ ॥ ਆਪੇ ਹੀ ਰਾਜਨੁ ਆਪੇ ਹੀ ਰਾਇਆ ਕਹ ਕਹ ਠਾਕੁਰੁ ਕਹ ਕਹ ਚੇਰਾ ॥੧॥ ਕਾ ਕਉ ਦੁਰਾਉ ਕਾ ਸਿਉ ਬਲਬੰਚਾ ਜਹ ਜਹ ਪੇਖਉ ਤਹ ਤਹ ਨੇਰਾ ॥ ਸਾਧ ਮੂਰਤਿ ਗੁਰੁ ਭੇਟਿਓ ਨਾਨਕ ਮਿਲਿ ਸਾਗਰ ਬੂੰਦ ਨਹੀ ਅਨ ਹੇਰਾ ॥੨॥੧॥੧੧੭॥ ਬਿਲਾਵਲੁ ਮਹਲਾ ੫ ॥

ਤੁਮ੍ ਸਮਰਥਾ ਕਾਰਨ ਕਰਨ ॥ ਢਾਕਨ ਢਾਕਿ ਗੋਬਿਦ ਗੁਰ ਮੇਰੇ ਮੋਹਿ ਅਪਰਾਧੀ ਸਰਨ ਚਰਨ ॥੧॥ ਰਹਾਉ ॥ ਜੋ ਜੋ ਕੀਨੋ ਸੋ ਤੁਮ੍ ਜਾਨਿਓ ਪੇਖਿਓ ਠਉਰ ਨਾਹੀ ਕਛੁ ਢੀਠ ਮੁਕਰਨ ॥ ਬਡ ਪਰਤਾਪੁ ਸੁਨਿਓ ਪ੍ਰਭ ਤੁਮ੍ਰੋ ਕੋਟਿ ਅਘਾ ਤੇਰੋ ਨਾਮ ਹਰਨ ॥੧॥ ਹਮਰੋ ਸਹਾਉ ਸਦਾ ਸਦ ਭੂਲਨ ਤੁਮ੍ਰੋ ਬਿਰਦੁ ਪਤਿਤ ਉਧਰਨ ॥ ਕਰੁਣਾ ਮੈ ਕਿਰਪਾਲ ਕ੍ਰਿਪਾ ਨਿਧਿ ਜੀਵਨ ਪਦ ਨਾਨਕ ਹਰਿ ਦਰਸਨ ॥੨॥੨॥੧੧੮॥ ਬਿਲਾਵਲੁ ਮਹਲਾ ੫ ॥ ਐਸੀ ਕਿਰਪਾ ਮੋਹਿ ਕਰਹੁ ॥ ਸੰਤਹ ਚਰਣ ਹਮਾਰੋ ਮਾਥਾ ਨੈਨ ਦਰਸੁ ਤਨਿ ਧੂਰਿ ਪਰਹੁ ॥੧॥ ਰਹਾਉ ॥ ਗੁਰ ਕੋ ਸਬਦੁ ਮੇਰੈ ਹੀਅਰੈ ਬਾਸੈ ਹਰਿ ਨਾਮਾ ਮਨ ਸੰਗਿ ਧਰਹੁ ॥ ਤਸਕਰ ਪੰਚ ਨਿਵਾਰਹੁ ਠਾਕੁਰ ਸਗਲੋ ਭਰਮਾ ਹੋਮਿ ਜਰਹੁ ॥੧॥ ਜੋ ਤੁਮ੍ ਕਰਹੁ ਸੋਈ ਭਲ ਮਾਨੈ ਭਾਵਨੁ ਦੁਬਿਧਾ ਦੂਰਿ ਟਰਹੁ ॥ ਨਾਨਕ ਕੇ ਪ੍ਰਭ ਤੁਮ ਹੀ ਦਾਤੇ ਸੰਤਸੰਗਿ ਲੇ ਮੋਹਿ ਉਧਰਹੁ ॥੨॥੩॥੧੧੯॥ ਬਿਲਾਵਲੁ ਮਹਲਾ ੫ ॥ ਐਸੀ ਦੀਖਿਆ ਜਨ ਸਿਉ ਮੰਗਾ ॥ ਤੁਮ੍ਰੋ ਧਿਆਨੁ ਤੁਮ੍ਾਰੋ ਰੰਗਾ ॥ ਤੁਮ੍ਰੀ ਸੇਵਾ ਤੁਮ੍ਾਰੇ ਅੰਗਾ ॥੧॥ ਰਹਾਉ ॥ ਜਨ ਕੀ ਟਹਲ ਸੰਭਾਖਨੁ ਜਨ ਸਿਉ ਊਠਨੁ ਬੈਠਨੁ ਜਨ ਕੈ ਸੰਗਾ ॥ ਜਨ ਚਰ ਰਜ ਮੁਖਿ ਮਾਥੈ ਲਾਗੀ ਆਸਾ ਪੂਰਨ ਅਨੰਤ ਤਰੰਗਾ ॥੧॥ ਜਨ ਪਾਰਬ੍ਰਹਮ ਜਾ ਕੀ ਨਿਰਮਲ ਮਹਿਮਾ ਜਨ ਕੇ ਚਰਨ ਤੀਰਥ ਕੋਟਿ ਗੰਗਾ ॥ ਜਨ ਕੀ ਧੂਰਿ ਕੀਓ ਮਜਨੁ ਨਾਨਕ ਜਨਮ ਜਨਮ ਕੇ ਹਰੇ ਕਲੰਗਾ ॥੨॥੪॥੧੨੦॥ ਬਿਲਾਵਲੁ ਮਹਲਾ ੫ ॥ ਜਿਉ ਭਾਵੈ ਤਿਉ ਮੋਹਿ ਪ੍ਰਤਿਪਾਲ ॥ ਪਾਰਬ੍ਰਹਮ ਪਰਮੇਸਰ ਸਤਿਗੁਰ ਹਮ ਬਾਰਿਕ ਤੁਮ੍ ਪਿਤਾ ਕਿਰਪਾਲ ॥੧॥ ਰਹਾਉ ॥ ਮੋਹਿ ਨਿਰਗੁਣ ਗੁਣੁ ਨਾਹੀ ਕੋਈ ਪਹੁਚਿ ਨ ਸਾਕਉ ਤੁਮ੍ਰੀ ਘਾਲ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨਹੁ ਜੀਉ ਪਿੰਡੁ ਸਭੁ ਤੁਮਰੋ ਮਾਲ ॥੧॥ ਅੰਤਰਜਾਮੀ ਪੁਰਖ ਸੁਆਮੀ ਅਨਬੋਲਤ ਹੀ ਜਾਨਹੁ ਹਾਲ ॥ ਤਨੁ ਮਨੁ ਸੀਤਲੁ ਹੋਇ ਹਮਾਰੋ ਨਾਨਕ ਪ੍ਰਭ ਜੀਉ ਨਦਰਿ ਨਿਹਾਲ ॥ ੨॥੫॥੧੨੧॥ ਬਿਲਾਵਲੁ ਮਹਲਾ ੫ ॥ ਰਾਖੁ ਸਦਾ ਪ੍ਰਭ ਅਪਨੈ ਸਾਥ ॥ ਤੂ ਹਮਰੋ ਪ੍ਰੀਤਮੁ ਮਨਮੋਹਨੁ ਤੁਝ ਬਿਨੁ ਜੀਵਨੁ ਸਗਲ ਅਕਾਥ ॥੧॥ ਰਹਾਉ ॥ ਰੰਕ ਤੇ ਰਾਉ ਕਰਤ ਖਿਨ ਭੀਤਰਿ ਪ੍ਰਭੁ ਮੇਰੋ ਅਨਾਥ ਕੋ ਨਾਥ ॥ ਜਲਤ ਅਗਨਿ ਮਹਿ ਜਨ ਆਪਿ ਉਧਾਰੇ ਕਰਿ ਅਪੁਨੇ ਦੇ ਰਾਖੇ ਹਾਥ ॥੧॥ ਸੀਤਲ ਸੁਖੁ ਪਾਇਓ ਮਨ ਤ੍ਰਿਪਤੇ ਹਰਿ ਸਿਮਰਤ ਸ੍ਰਮ ਸਗਲੇ ਲਾਥ ॥ ਨਿਧਿ ਨਿਧਾਨ ਨਾਨਕ ਹਰਿ ਸੇਵਾ ਅਵਰ ਸਿਆਨਪ ਸਗਲ ਅਕਾਥ ॥

॥੨॥੬॥੧੨੨॥ ਬਿਲਾਵਲੁ ਮਹਲਾ ੫ ॥ ਅਪਨੇ ਸੇਵਕ ਕਉ ਕਬਹੁ ਨ ਬਿਸਾਰਹੁ ॥ ਉਰਿ ਲਾਗਹੁ ਸੁਆਮੀ ਪ੍ਰਭ ਮੇਰੇ ਪੂਰਬ ਪ੍ਰੀਤਿ ਗੋਬਿੰਦ ਬੀਚਾਰਹੁ ॥੧॥ ਰਹਾਉ ॥ ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਹਾਰੋ ਹਮਰੇ ਦੋਖ ਰਿਦੈ ਮਤ ਧਾਰਹੁ ॥ ਜੀਵਨ ਪ੍ਰਾਨ ਹਰਿ ਧਨੁ ਸੁਖੁ ਤੁਮ ਹੀ ਹਉਮੈ ਪਟਲੁ ਕ੍ਰਿਪਾ ਕਰਿ ਜਾਰਹੁ ॥੧॥ ਜਲ ਬਿਹੂਨ ਮੀਨ ਕਤ ਜੀਵਨ ਦੂਧ ਬਿਨਾ ਰਹਨੁ ਕਤ ਬਾਰੋ ॥ ਜਨ ਨਾਨਕ ਪਿਆਸ ਚਰਨ ਕਮਲਨ੍ਹ ਕੀ ਪੇਖਿ ਦਰਸੁ ਸੁਆਮੀ ਸੁਖ ਸਾਰੋ ॥੨॥੭॥੧੨੩॥ ਬਿਲਾਵਲੁ ਮਹਲਾ ੫ ॥ ਆਗੈ ਪਾਛੈ ਕੁਸਲੁ ਭਇਆ ॥ ਗੁਰਿ ਪੂਰੈ ਪੂਰੀ ਸਭ ਰਾਖੀ ਪਾਰਬ੍ਰਹਮਿ ਪ੍ਰਭਿ ਕੀਨੀ ਮਇਆ ॥੧॥ ਰਹਾਉ ॥ ਮਨਿ ਤਨਿ ਰਵਿ ਰਹਿਆ ਹਰਿ ਪ੍ਰੀਤਮੁ ਦੂਖ ਦਰਦ ਸਗਲਾ ਮਿਟਿ ਗਇਆ ॥ ਸਾਂਤਿ ਸਹਜ ਆਨਦ ਗੁਣ ਗਾਏ ਦੂਤ ਦੁਸਟ ਸਭਿ ਹੋਏ ਖਇਆ ॥੧॥ ਗੁਨੁ ਅਵਗੁਨੁ ਪ੍ਰਭਿ ਕਛੁ ਨ ਬੀਚਾਰਿਓ ਕਰਿ ਕਿਰਪਾ ਅਪੁਨਾ ਕਰਿ ਲਇਆ ॥ ਅਤੁਲ ਬਡਾਈ ਅਚੁਤ ਅਬਿਨਾਸੀ ਨਾਨਕੁ ਉਚਰੈ ਹਰਿ ਕੀ ਜਇਆ ॥੨॥੮॥੧੨੪॥ ਬਿਲਾਵਲੁ ਮਹਲਾ ੫ ॥ ਬਿਨੁ ਭੈ ਭਗਤੀ ਤਰਨੁ ਕੈਸੇ ॥ ਕਰਹੁ ਅਨੁਗ੍ਰਹੁ ਪਤਿਤ ਉਧਾਰਨ ਰਾਖੁ ਸੁਆਮੀ ਆਪ ਭਰੋਸੇ ॥੧॥ ਰਹਾਉ ॥ ਸਿਮਰਨੁ ਨਹੀ ਆਵਤ ਫਿਰਤ ਮਦ ਮਾਵਤ ਬਿਖਿਆ ਰਾਤਾ ਸੁਆਨ ਜੈਸੇ ॥ ਅਉਧ ਬਿਹਾਵਤ ਅਧਿਕ ਮੋਹਾਵਤ ਪਾਪ ਕਮਾਵਤ ਬੁਡੇ ਐਸੇ ॥੧॥ ਸਰਨਿ ਦੁਖ ਭੰਜਨ ਪੁਰਖ ਨਿਰੰਜਨ ਸਾਧੂ ਸੰਗਤਿ ਰਵਣੁ ਜੈਸੇ ॥ ਕੇਸਵ ਕਲੇਸ ਨਾਸ ਅਘ ਖੰਡਨ ਨਾਨਕ ਜੀਵਤ ਦਰਸ ਦਿਸੇ ॥੨॥੯॥੧੨੫॥

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੯ ੴ ਸਤਿਗੁਰ ਪ੍ਰਸਾਦਿ ॥

ਆਪਹਿ ਮੇਲਿ ਲਏ ॥ ਜਬ ਤੇ ਸਰਨਿ ਤੁਮਾਰੀ ਆਏ ਤਬ ਤੇ ਦੋਖ ਗਏ ॥੧॥ ਰਹਾਉ ॥ ਤਜਿ ਅਭਿਮਾਨੁ ਅਰੁ ਚਿੰਤ ਬਿਰਾਨੀ ਸਾਧਹ ਸਰਨ ਪਏ ॥ ਜਪਿ ਜਪਿ ਨਾਮੁ ਤੁਮ੍ਹਾਰੋ ਪ੍ਰੀਤਮ ਤਨ ਤੇ ਰੋਗ ਖਏ ॥੧॥ ਮਹਾ ਮੁਗਧ ਅਜਾਨ ਅਗਿਆਨੀ ਰਾਖੇ ਧਾਰਿ ਦਏ ॥ ਕਹੁ ਨਾਨਕ ਗੁਰੁ ਪੂਰਾ ਭੇਟਿਓ ਆਵਨ ਜਾਨ ਰਹੇ ॥੨॥੧॥੧੨੬॥ ਬਿਲਾਵਲੁ ਮਹਲਾ ੫ ॥ ਜੀਵਉ ਨਾਮੁ ਸੁਨੀ ॥ ਜਉ ਸੁਪ੍ਰਸੰਨ ਭਏ ਗੁਰ ਪੂਰੇ ਤਬ ਮੇਰੀ ਆਸ ਪੁਨੀ ॥੧॥ ਰਹਾਉ ॥ ਪੀਰ ਗਈ ਬਾਧੀ ਮਨਿ ਧੀਰਾ ਮੋਹਿਓ ਅਨਦ ਧੁਨੀ ॥ ਉਪਜਿਓ ਚਾਉ ਮਿਲਨ ਪ੍ਰਭ ਪ੍ਰੀਤਮ ਰਹਨੁ ਨ ਜਾਇ

ਖਿਨੀ ॥੧॥ ਅਨਿਕ ਭਗਤ ਅਨਿਕ ਜਨ ਤਾਰੇ ਸਿਮਰਹਿ ਅਨਿਕ ਮੁਨੀ ॥ ਅੰਧੁਲੇ ਟਿਕ ਨਿਰਧਨ ਧਨੁ ਪਾਇਓ ਪ੍ਰਭ ਨਾਨਕ ਅਨਿਕ ਗੁਨੀ ॥੨॥੨॥੧੨੭॥

ਰਾਗੁ ਬਿਲਾਵਲੁ ਮਹਲਾ ੫ ਘਰੁ ੧੩ ਪੜਤਾਲ ੴ ਸਤਿਗੁਰ ਪ੍ਰਸਾਦਿ ॥

ਮੋਹਨ ਨੀਦ ਨ ਆਵੈ ਹਾਵੈ ਹਾਰ ਕਜਰ ਬਸਤ੍ਰ ਅਭਰਨ ਕੀਨੇ ॥ ਉਡੀਨੀ ਉਡੀਨੀ ਉਡੀਨੀ ॥ ਕਬ ਘਰਿ ਆਵੈ ਰੀ ॥੧॥ ਰਹਾਉ ॥ ਸਰਨਿ ਸੁਹਾਗਨਿ ਚਰਨ ਸੀਸੁ ਧਰਿ ॥ ਲਾਲਨੁ ਮੋਹਿ ਮਿਲਾਵਹੁ ॥ ਕਬ ਘਰਿ ਆਵੈ ਰੀ ॥੧॥ ਸੁਨਹੁ ਸਹੇਰੀ ਮਿਲਨ ਬਾਤ ਕਹਉ ਸਗਰੋ ਅਹੰ ਮਿਟਾਵਹੁ ਤਉ ਘਰ ਹੀ ਲਾਲਨੁ ਪਾਵਹੁ ॥ ਤਬ ਰਸ ਮੰਗਲ ਗੁਨ ਗਾਵਹੁ ॥ ਆਨਦ ਰੂਪ ਧਿਆਵਹੁ ॥ ਨਾਨਕੁ ਦੁਆਰੈ ਆਇਓ ॥ ਤਉ ਮੈ ਲਾਲਨੁ ਪਾਇਓ ਰੀ ॥੨॥ ਮੋਹਨ ਰੂਪੁ ਦਿਖਾਵੈ ॥ ਅਬ ਮੋਹਿ ਨੀਦ ਸੁਹਾਵੈ ॥ ਸਭ ਮੇਰੀ ਤਿਖਾ ਬੁਝਾਨੀ ॥ ਅਬ ਮੈ ਸਹਜਿ ਸਮਾਨੀ ॥ ਮੀਠੀ ਪਿਰਹਿ ਕਹਾਨੀ ॥ ਮੋਹਨੁ ਲਾਲਨੁ ਪਾਇਓ ਰੀ ॥ ਰਹਾਉ ਦੂਜਾ ॥੧॥੧੨੮॥ ਬਿਲਾਵਲੁ ਮਹਲਾ ੫ ॥ ਮੋਰੀ ਅਹੰ ਜਾਇ ਦਰਸਨ ਪਾਵਤ ਹੇ ॥ ਰਾਚਹੁ ਨਾਥ ਹੀ ਸਹਾਈ ਸੰਤਨਾ ॥ ਅਬ ਚਰਨ ਗਹੇ ॥੧॥ ਰਹਾਉ ॥ ਆਹੇ ਮਨ ਅਵਰੁ ਨ ਭਾਵੈ ਚਰਨਾਵੈ ਚਰਨਾਵੈ ਉਲਝਿਓ ਅਲਿ ਮਕਰੰਦ ਕਮਲ ਜਿਉ ॥ ਅਨ ਰਸ ਨਹੀ ਚਾਹੈ ਏਕੈ ਹਰਿ ਲਾਹੈ ॥੧॥ ਅਨ ਤੇ ਟੂਟੀਐ ਰਿਖ ਤੇ ਛੂਟੀਐ ॥ ਮਨ ਹਰਿ ਰਸ ਘੂਟੀਐ ਸੰਗਿ ਸਾਧੂ ਉਲਟੀਐ ॥ ਅਨ ਨਾਹੀ ਨਾਹੀ ਰੇ ॥ ਨਾਨਕ ਪ੍ਰੀਤਿ ਚਰਨ ਚਰਨ ਹੇ ॥੨॥੨॥੧੨੯॥

ਰਾਗੁ ਬਿਲਾਵਲੁ ਮਹਲਾ ੯ ਦੁਪਦੇ ੴ ਸਤਿਗੁਰ ਪ੍ਰਸਾਦਿ ॥

ਦੁਖ ਹਰਤਾ ਹਰਿ ਨਾਮੁ ਪਛਾਨੋ ॥ ਅਜਾਮਲੁ ਗਨਿਕਾ ਜਿਹ ਸਿਮਰਤ ਮੁਕਤ ਭਏ ਜੀਅ ਜਾਨੋ ॥੧॥ ਰਹਾਉ ॥ ਗਜ ਕੀ ਤ੍ਰਾਸ ਮਿਟੀ ਛਿਨਹੂ ਮਹਿ ਜਬ ਹੀ ਰਾਮੁ ਬਖਾਨੋ ॥ ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ ॥੧॥ ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ ॥ ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ ॥੨॥੧॥ ਬਿਲਾਵਲੁ ਮਹਲਾ ੯ ॥ ਹਰਿ ਕੇ ਨਾਮ ਬਿਨਾ ਦੁਖੁ ਪਾਵੈ ॥ ਭਗਤਿ ਬਿਨਾ ਸਹਸਾ ਨਹ ਚੂਕੈ ਗੁਰੁ ਇਹੁ ਭੇਦੁ ਬਤਾਵੈ ॥੧॥ ਰਹਾਉ ॥ ਕਹਾ ਭਇਓ ਤੀਰਥ ਬ੍ਰਤ ਕੀਏ ਰਾਮ ਸਰਨਿ ਨਹੀ

ਆਵੈ ॥ ਜੋਗ ਜਗ ਨਿਹਫਲ ਤਿਹ ਮਾਨਉ ਜੋ ਪ੍ਰਭ ਜਸੁ ਬਿਸਰਾਵੈ ॥੧॥ ਮਾਨ ਮੋਹ ਦੋਨੋ ਕਉ ਪਰਹਰਿ ਗੋਬਿੰਦ ਕੇ ਗੁਨ ਗਾਵੈ ॥ ਕਹੁ ਨਾਨਕ ਇਹ ਬਿਧਿ ਕੋ ਪ੍ਰਾਨੀ ਜੀਵਨ ਮੁਕਤਿ ਕਹਾਵੈ ॥੨॥੨॥ ਬਿਲਾਵਲੁ ਮਹਲਾ ੯ ॥ ਜਾ ਮੈ ਭਜਨੁ ਰਾਮ ਕੋ ਨਾਹੀ ॥ ਤਿਹ ਨਰ ਜਨਮੁ ਅਕਾਰਥੁ ਖੋਇਆ ਯਹ ਰਾਖਹੁ ਮਨ ਮਾਹੀ ॥੧॥ ਰਹਾਉ ॥ ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ ॥ ਨਿਹਫਲ ਧਰਮੁ ਤਾਹਿ ਤੁਮ ਮਾਨਹੁ ਸਾਚੁ ਕਹਤ ਮੈ ਯਾ ਕਉ ॥੧॥ ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹ ਪਾਨੀ ॥ ਤੈਸੇ ਹੀ ਤੁਮ ਤਾਹਿ ਪਛਾਨਹੁ ਭਗਤਿ ਹੀਨ ਜੋ ਪ੍ਰਾਨੀ ॥੨॥ ਕਲ ਮੈ ਮੁਕਤਿ ਨਾਮ ਤੇ ਪਾਵਤ ਗੁਰੁ ਯਹ ਭੇਦੁ ਬਤਾਵੈ ॥ ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ ॥੩॥੩॥

ਬਿਲਾਵਲੁ ਅਸਟਪਦੀਆ ਮਹਲਾ ੧ ਘਰੁ ੧੦ ੴ ਸਤਿਗੁਰ ਪ੍ਰਸਾਦਿ ॥

ਨਿਕਟਿ ਵਸੈ ਦੇਖੈ ਸਭੁ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਵਿਣੁ ਭੈ ਪਇਐ ਭਗਤਿ ਨ ਹੋਈ ॥ ਸਬਦਿ ਰਤੇ ਸਦਾ ਸੁਖੁ ਹੋਈ ॥੧॥ ਐਸਾ ਗਿਆਨੁ ਪਦਾਰਥੁ ਨਾਮੁ ॥ ਗੁਰਮੁਖਿ ਪਾਵਸਿ ਰਸਿ ਰਸਿ ਮਾਨੁ ॥੧॥ ਰਹਾਉ ॥ ਗਿਆਨੁ ਗਿਆਨੁ ਕਥੈ ਸਭੁ ਕੋਈ ॥ ਕਥਿ ਕਥਿ ਬਾਦੁ ਕਰੇ ਦੁਖੁ ਹੋਈ ॥ ਕਥਿ ਕਹਣੈ ਤੇ ਰਹੈ ਨ ਕੋਈ ॥ ਬਿਨੁ ਰਸ ਰਾਤੇ ਮੁਕਤਿ ਨ ਹੋਈ ॥੨॥ ਗਿਆਨੁ ਧਿਆਨੁ ਸਭੁ ਗੁਰ ਤੇ ਹੋਈ ॥ ਸਾਚੀ ਰਹਤ ਸਾਚਾ ਮਨਿ ਸੋਈ ॥ ਮਨਮੁਖ ਕਥਨੀ ਹੈ ਪਰੁ ਰਹਤ ਨ ਹੋਈ ॥ ਨਾਵਹੁ ਭੂਲੇ ਥਾਉ ਨ ਕੋਈ ॥੩॥ ਮਨੁ ਮਾਇਆ ਬੰਧਿਓ ਸਰ ਜਾਲਿ ॥ ਘਟਿ ਘਟਿ ਬਿਆਪਿ ਰਹਿਓ ਬਿਖੁ ਨਾਲਿ ॥ ਜੋ ਆਂਜੈ ਸੋ ਦੀਸੈ ਕਾਲਿ ॥ ਕਾਰਜੁ ਸੀਧੋ ਰਿਦੈ ਸਮ੍ਹਾਲਿ ॥੪॥ ਸੋ ਗਿਆਨੀ ਜਿਨਿ ਸਬਦਿ ਲਿਵ ਲਾਈ ॥ ਮਨਮੁਖਿ ਹਉਮੈ ਪਤਿ ਗਵਾਈ ॥ ਆਪੇ ਕਰਤੈ ਭਗਤਿ ਕਰਾਈ ॥ ਗੁਰਮੁਖਿ ਆਪੇ ਦੇ ਵਡਿਆਈ ॥੫॥ ਰੈਣਿ ਅੰਧਾਰੀ ਨਿਰਮਲ ਜੋਤਿ ॥ ਨਾਮ ਬਿਨਾ ਝੂਠੇ ਕੁਚਲ ਕਛੋਤਿ ॥ ਬੇਦੁ ਪੁਕਾਰੈ ਭਗਤਿ ਸਰੋਤਿ ॥ ਸੁਣਿ ਸੁਣਿ ਮਾਨੈ ਵੇਖੈ ਜੋਤਿ ॥੬॥ ਸਾਸਤ੍ਰ ਸਿਮ੍ਰਿਤਿ ਨਾਮੁ ਦ੍ਰਿੜਾਮੰ ॥ ਗੁਰਮੁਖਿ ਸਾਂਤਿ ਊਤਮ ਕਰਾਮੰ ॥ ਮਨਮੁਖਿ ਜੋਨੀ ਦੂਖ ਸਹਾਮੰ ॥ ਬੰਧਨ ਤੂਟੇ ਇਕੁ ਨਾਮੁ ਵਸਾਮੰ ॥੭॥ ਮੰਨੇ ਨਾਮੁ ਸਚੀ ਪਤਿ ਪੂਜਾ ॥ ਕਿਸੁ ਵੇਖਾ ਨਾਹੀ ਕੋ ਦੂਜਾ ॥ ਦੇਖਿ ਕਹਉ ਭਾਵੈ ਮਨਿ ਸੋਇ ॥ ਨਾਨਕੁ ਕਹੈ

ਅਵਰੁ ਨਹੀ ਕੋਇ ॥੮॥੧॥ ਬਿਲਾਵਲੁ ਮਹਲਾ ੧ ॥ ਮਨ ਕਾ ਕਹਿਆ ਮਨਸਾ ਕਰੈ ॥ ਇਹੁ ਮਨੁ ਪੁੰਨੁ ਪਾਪੁ ਉਚਰੈ ॥ ਮਾਇਆ ਮਦਿ ਮਾਤੇ ਤ੍ਰਿਪਤਿ ਨ ਆਵੈ ॥ ਤ੍ਰਿਪਤਿ ਮੁਕਤਿ ਮਨਿ ਸਾਚਾ ਭਾਵੈ ॥੧॥ ਤਨੁ ਧਨੁ ਕਲਤੁ ਸਭੁ ਦੇਖੁ ਅਭਿਮਾਨਾ ॥ ਬਿਨੁ ਨਾਵੈ ਕਿਛੁ ਸੰਗਿ ਨ ਜਾਨਾ ॥੧॥ ਰਹਾਉ ॥ ਕੀਚਹਿ ਰਸ ਭੋਗ ਖੁਸੀਆ ਮਨ ਕੇਰੀ ॥ ਧਨੁ ਲੋਕਾਂ ਤਨੁ ਭਸਮੈ ਢੇਰੀ ॥ ਖਾਕੂ ਖਾਕੁ ਰਲੈ ਸਭੁ ਫੈਲੁ ॥ ਬਿਨੁ ਸਬਦੈ ਨਹੀ ਉਤਰੈ ਮੈਲੁ ॥੨॥ ਗੀਤ ਰਾਗ ਘਨ ਤਾਲ ਸਿ ਕੂਰੇ ॥ ਤ੍ਰਿਹੁ ਗੁਣ ਉਪਜੈ ਬਿਨਸੈ ਦੂਰੇ ॥ ਦੂਜੀ ਦੁਰਮਤਿ ਦਰਦੁ ਨ ਜਾਇ ॥ ਛੂਟੈ ਗੁਰਮੁਖਿ ਦਾਰੂ ਗੁਣ ਗਾਇ ॥੩॥ ਧੋਤੀ ਊਜਲ ਤਿਲਕੁ ਗਲਿ ਮਾਲਾ ॥ ਅੰਤਰਿ ਕ੍ਰੋਧੁ ਪੜਹਿ ਨਾਟ ਸਾਲਾ ॥ ਨਾਮੁ ਵਿਸਾਰਿ ਮਾਇਆ ਮਦੁ ਪੀਆ ॥ ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ ॥੪॥ ਸੂਕਰ ਸੁਆਨ ਗਰਧਭ ਮੰਜਾਰਾ ॥ ਪਸੂ ਮਲੇਛ ਨੀਚ ਚੰਡਾਲਾ ॥ ਗੁਰ ਤੇ ਮੁਹੁ ਫੇਰੇ ਤਿਨ੍ ਜੋਨਿ ਭਵਾਈਐ ॥ ਬੰਧਨਿ ਬਾਧਿਆ ਆਈਐ ਜਾਈਐ ॥੫॥ ਗੁਰ ਸੇਵਾ ਤੇ ਲਹੈ ਪਦਾਰਥੁ ॥ ਹਿਰਦੈ ਨਾਮੁ ਸਦਾ ਕਿਰਤਾਰਥੁ ॥ ਸਾਚੀ ਦਰਗਹ ਪੂਛ ਨ ਹੋਇ ॥ ਮਾਨੇ ਹੁਕਮੁ ਸੀਝੈ ਦਰਿ ਸੋਇ ॥੬॥ ਸਤਿਗੁਰੁ ਮਿਲੈ ਤ ਤਿਸ ਕਉ ਜਾਣੈ ॥ ਰਹੈ ਰਜਾਈ ਹੁਕਮੁ ਪਛਾਣੈ ॥ ਹੁਕਮੁ ਪਛਾਣਿ ਸਚੈ ਦਰਿ ਵਾਸੁ ॥ ਕਾਲ ਬਿਕਾਲ ਸਬਦਿ ਭਏ ਨਾਸੁ ॥੭॥ ਰਹੈ ਅਤੀਤੁ ਜਾਣੈ ਸਭੁ ਤਿਸ ਕਾ ॥ ਤਨੁ ਮਨੁ ਅਰਪੈ ਹੈ ਇਹੁ ਜਿਸ ਕਾ ॥ ਨਾ ਓਹੁ ਆਵੈ ਨਾ ਓਹੁ ਜਾਇ ॥ ਨਾਨਕ ਸਾਚੇ ਸਾਚਿ ਸਮਾਇ ॥੮॥੨॥

ਬਿਲਾਵਲੁ ਮਹਲਾ ੩ ਅਸਟਪਦੀ ਘਰੁ ੧੦ ੴ ਸਤਿਗੁਰ ਪ੍ਰਸਾਦਿ ॥

ਜਗੁ ਕਊਆ ਮੁਖਿ ਚੁੰਚ ਗਿਆਨੁ ॥ ਅੰਤਰਿ ਲੋਭੁ ਝੂਠੁ ਅਭਿਮਾਨੁ ॥ ਬਿਨੁ ਨਾਵੈ ਪਾਜੁ ਲਹਗੁ ਨਿਦਾਨਿ ॥੧॥ ਸਤਿਗੁਰ ਸੇਵਿ ਨਾਮੁ ਵਸੈ ਮਨਿ ਚੀਤਿ ॥ ਗੁਰੁ ਭੇਟੇ ਹਰਿ ਨਾਮੁ ਚੇਤਾਵੈ ਬਿਨੁ ਨਾਵੈ ਹੋਰ ਝੂਠੁ ਪਰੀਤਿ ॥੧॥ ਰਹਾਉ ॥ ਗੁਰਿ ਕਹਿਆ ਸਾ ਕਾਰ ਕਮਾਵਹੁ ॥ ਸਬਦੁ ਚੀਨਿ੍ ਸਹਜ ਘਰਿ ਆਵਹੁ ॥ ਸਾਚੈ ਨਾਇ ਵਡਾਈ ਪਾਵਹੁ ॥੨॥ ਆਪਿ ਨ ਬੂਝੈ ਲੋਕ ਬੁਝਾਵੈ ॥ ਮਨ ਕਾ ਅੰਧਾ ਅੰਧੁ ਕਮਾਵੈ ॥ ਦਰੁ ਘਰੁ ਮਹਲੁ ਠਉਰੁ ਕੈਸੇ ਪਾਵੈ ॥੩॥ ਹਰਿ ਜੀਉ ਸੇਵੀਐ ਅੰਤਰਜਾਮੀ ॥ ਘਟ ਘਟ ਅੰਤਰਿ ਜਿਸ ਕੀ ਜੋਤਿ ਸਮਾਨੀ ॥ ਤਿਸੁ ਨਾਲਿ ਕਿਆ ਚਲੈ

ਪਹਨਾਮੀ ॥੪॥ ਸਾਚਾ ਨਾਮੁ ਸਾਚੈ ਸਬਦਿ ਜਾਨੈ ॥ ਆਪੈ ਆਪੁ ਮਿਲੈ ਚੂਕੈ ਅਭਿਮਾਨੈ ॥ ਗੁਰਮੁਖਿ ਨਾਮੁ ਸਦਾ ਸਦਾ ਵਖਾਨੈ ॥੫॥ ਸਤਿਗੁਰਿ ਸੇਵਿਐ ਦੂਜੀ ਦੁਰਮਤਿ ਜਾਈ ॥ ਅਉਗਣ ਕਾਟਿ ਪਾਪਾ ਮਤਿ ਖਾਈ ॥ ਕੰਚਨ ਕਾਇਆ ਜੋਤੀ ਜੋਤਿ ਸਮਾਈ ॥੬॥ ਸਤਿਗੁਰਿ ਮਿਲਿਐ ਵਡੀ ਵਡਿਆਈ ॥ ਦੁਖੁ ਕਾਟੈ ਹਿਰਦੈ ਨਾਮੁ ਵਸਾਈ ॥ ਨਾਮਿ ਰਤੇ ਸਦਾ ਸੁਖੁ ਪਾਈ ॥੭॥ ਗੁਰਮਤਿ ਮਾਨਿਆ ਕਰਣੀ ਸਾਰੁ ॥ ਗੁਰਮਤਿ ਮਾਨਿਆ ਮੋਖ ਦੁਆਰੁ ॥ ਨਾਨਕ ਗੁਰਮਤਿ ਮਾਨਿਆ ਪਰਵਾਰੈ ਸਾਧਾਰੁ ॥੮॥੧॥੩॥

ਬਿਲਾਵਲੁ ਮਹਲਾ ੪ ਅਸਟਪਦੀਆ ਘਰੁ ੧੧ ੴ ਸਤਿਗੁਰ ਪ੍ਰਸਾਦਿ ॥

ਆਪੈ ਆਪੁ ਖਾਇ ਹਉ ਮੇਟੈ ਅਨਦਿਨੁ ਹਰਿ ਰਸ ਗੀਤ ਗਵਈਆ ॥ ਗੁਰਮੁਖਿ ਪਰਚੈ ਕੰਚਨ ਕਾਇਆ ਨਿਰਭਉ ਜੋਤੀ ਜੋਤਿ ਮਿਲਈਆ ॥੧॥ ਮੈ ਹਰਿ ਹਰਿ ਨਾਮੁ ਅਧਾਰੁ ਰਮਈਆ ॥ ਖਿਨੁ ਪਲੁ ਰਹਿ ਨ ਸਕਉ ਬਿਨੁ ਨਾਵੈ ਗੁਰਮੁਖਿ ਹਰਿ ਹਰਿ ਪਾਠ ਪੜਈਆ ॥੧॥ ਰਹਾਉ ॥ ਏਕੁ ਗਿਰਹੁ ਦਸ ਦੁਆਰ ਹੈ ਜਾ ਕੇ ਅਹਿਨਿਸਿ ਤਸਕਰ ਪੰਚ ਚੋਰ ਲਗਈਆ ॥ ਧਰਮੁ ਅਰਥੁ ਸਭੁ ਹਿਰਿ ਲੇ ਜਾਵਹਿ ਮਨਮੁਖ ਅੰਧੁਲੇ ਖਬਰਿ ਨ ਪਈਆ ॥੨॥ ਕੰਚਨ ਕੋਟੁ ਬਹੁ ਮਾਣਕਿ ਭਰਿਆ ਜਾਗੇ ਗਿਆਨ ਤਤਿ ਲਿਵ ਲਈਆ ॥ ਤਸਕਰ ਹੇਰੂ ਆਇ ਲੁਕਾਨੇ ਗੁਰ ਕੈ ਸਬਦਿ ਪਕੜਿ ਬੰਧਿ ਪਈਆ ॥੩॥ ਹਰਿ ਹਰਿ ਨਾਮੁ ਪੋਤੁ ਬੋਹਿਥਾ ਖੇਵਟੁ ਸਬਦੁ ਗੁਰੁ ਪਾਰਿ ਲੰਘਈਆ ॥ ਜਮੁ ਜਾਗਾਤੀ ਨੇੜਿ ਨ ਆਵੈ ਨਾ ਕੋ ਤਸਕਰੁ ਚੋਰੁ ਲਗਈਆ ॥੪॥ ਹਰਿ ਗੁਣ ਗਾਵੈ ਸਦਾ ਦਿਨੁ ਰਾਤੀ ਮੈ ਹਰਿ ਜਸੁ ਕਹਤੇ ਅੰਤੁ ਨ ਲਹੀਆ ॥ ਗੁਰਮੁਖਿ ਮਨੂਆ ਇਕਤੁ ਘਰਿ ਆਵੈ ਮਿਲਉ ਗੋੁਪਾਲ ਨੀਸਾਨੁ ਬਜਈਆ ॥੫॥ ਨੈਨੀ ਦੇਖਿ ਦਰਸੁ ਮਨੁ ਤ੍ਰਿਪਤੈ ਸ੍ਰਵਨ ਬਾਣੀ ਗੁਰ ਸਬਦੁ ਸੁਣਈਆ ॥ ਸੁਨਿ ਸੁਨਿ ਆਤਮ ਦੇਵ ਹੈ ਭੀਨੇ ਰਸਿ ਰਸਿ ਰਾਮ ਗੋਪਾਲ ਰਵਈਆ ॥੬॥ ਤ੍ਰੈ ਗੁਣ ਮਾਇਆ ਮੋਹਿ ਵਿਆਪੇ ਤੁਰੀਆ ਗੁਣੁ ਹੈ ਗੁਰਮੁਖਿ ਲਹੀਆ ॥ ਏਕ ਦ੍ਰਿਸਟਿ ਸਭ ਸਮ ਕਰਿ ਜਾਣੈ ਨਦਰੀ ਆਵੈ ਸਭੁ ਬ੍ਰਹਮੁ ਪਸਰਈਆ ॥੭॥ ਰਾਮ ਨਾਮੁ ਹੈ ਜੋਤਿ ਸਬਾਈ ਗੁਰਮੁਖਿ ਆਪੇ ਅਲਖੁ ਲਖਈਆ ॥ ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ ॥੮॥੧॥੪॥

ਬਿਲਾਵਲੁ ਮਹਲਾ ੪ ॥ ਹਰਿ ਹਰਿ ਨਾਮੁ ਸੀਤਲ ਜਲੁ ਧਿਆਵਹੁ ਹਰਿ ਚੰਦਨ ਵਾਸੁ ਸੁਗੰਧ ਗੰਧਈਆ ॥

ਮਿਲਿ ਸਤਸੰਗਤਿ ਪਰਮ ਪਦੁ ਪਾਇਆ ਮੈ ਹਿਰਡ ਪਲਾਸ ਸੰਗਿ ਹਰਿ ਬੁਹੀਆ ॥੧॥ ਜਪਿ ਜਗੰਨਾਥ ਜਗਦੀਸ ਗੁਸਈਆ ॥ ਸਰਣਿ ਪਰੇ ਸੇਈ ਜਨ ਉਬਰੇ ਜਿਉ ਪ੍ਰਹਿਲਾਦ ਉਧਾਰਿ ਸਮਈਆ ॥੧॥ ਰਹਾਉ ॥ ਭਾਰ ਅਠਾਰਹ ਮਹਿ ਚੰਦਨੁ ਊਤਮ ਚੰਦਨ ਨਿਕਟਿ ਸਭ ਚੰਦਨੁ ਹੁਈਆ ॥ ਸਾਕਤ ਕੂੜੇ ਊਭ ਸੁਕ ਹੂਏ ਮਨਿ ਅਭਿਮਾਨੁ ਵਿਛੁੜਿ ਦੂਰਿ ਗਈਆ ॥੨॥ ਹਰਿ ਗਤਿ ਮਿਤਿ ਕਰਤਾ ਆਪੇ ਜਾਣੈ ਸਭ ਬਿਧਿ ਹਰਿ ਹਰਿ ਆਪਿ ਬਨਈਆ ॥ ਜਿਸੁ ਸਤਿਗੁਰੁ ਭੇਟੇ ਸੁ ਕੰਚਨੁ ਹੋਵੈ ਜੋ ਧੁਰਿ ਲਿਖਿਆ ਸੁ ਮਿਟੈ ਨ ਮਿਟਈਆ ॥੩॥ ਰਤਨ ਪਦਾਰਥ ਗੁਰਮਤਿ ਪਾਵੈ ਸਾਗਰ ਭਗਤਿ ਭੰਡਾਰ ਖੁਲ੍ਹਈਆ ॥ ਗੁਰ ਚਰਣੀ ਇਕ ਸਰਧਾ ਉਪਜੀ ਮੈ ਹਰਿ ਗੁਣ ਕਹਤੇ ਤ੍ਰਿਪਤਿ ਨ ਭਈਆ ॥੪॥ ਪਰਮ ਬੈਰਾਗੁ ਨਿਤ ਨਿਤ ਹਰਿ ਧਿਆਏ ਮੈ ਹਰਿ ਗੁਣ ਕਹਤੇ ਭਾਵਨੀ ਕਹੀਆ ॥ ਬਾਰ ਬਾਰ ਖਿਨੁ ਖਿਨੁ ਪਲੁ ਕਹੀਐ ਹਰਿ ਪਾਰੁ ਨ ਪਾਵੈ ਪਰੈ ਪਰਈਆ ॥੫॥ ਸਾਸਤ ਬੇਦ ਪੁਰਾਣ ਪੁਕਾਰਹਿ ਧਰਮੁ ਕਰਹੁ ਖਟੁ ਕਰਮ ਦ੍ਰਿੜਈਆ ॥ ਮਨਮੁਖ ਪਾਖੰਡਿ ਭਰਮਿ ਵਿਗੂਤੇ ਲੋਭ ਲਹਰਿ ਨਾਵ ਭਾਰਿ ਬੁਡਈਆ ॥੬॥ ਨਾਮੁ ਜਪਹੁ ਨਾਮੇ ਗਤਿ ਪਾਵਹੁ ਸਿਮ੍ਰਿਤਿ ਸਾਸਤ੍ਰ ਨਾਮੁ ਦ੍ਰਿੜਈਆ ॥ ਹਉਮੈ ਜਾਇ ਤ ਨਿਰਮਲੁ ਹੋਵੈ ਗੁਰਮੁਖਿ ਪਰਚੈ ਪਰਮ ਪਦੁ ਪਈਆ ॥੭॥ ਇਹੁ ਜਗੁ ਵਰਨੁ ਰੂਪੁ ਸਭੁ ਤੇਰਾ ਜਿਤੁ ਲਾਵਹਿ ਸੇ ਕਰਮ ਕਮਈਆ ॥ ਨਾਨਕ ਜੰਤ ਵਜਾਏ ਵਾਜਹਿ ਜਿਤੁ ਭਾਵੈ ਤਿਤੁ ਰਾਹਿ ਚਲਈਆ ॥੮॥੨॥੫॥ ਬਿਲਾਵਲੁ ਮਹਲਾ ੪ ॥ ਗੁਰਮੁਖਿ ਅਗਮ ਅਗੋਚਰੁ ਧਿਆਇਆ ਹਉ ਬਲਿ ਬਲਿ ਸਤਿਗੁਰ ਸਤਿ ਪੁਰਖਈਆ ॥ ਰਾਮ ਨਾਮੁ ਮੇਰੈ ਪ੍ਰਾਣਿ ਵਸਾਏ ਸਤਿਗੁਰ ਪਰਸਿ ਹਰਿ ਨਾਮਿ ਸਮਈਆ ॥੧॥ ਜਨ ਕੀ ਟੇਕ ਹਰਿ ਨਾਮੁ ਟਿਕਈਆ ॥ ਸਤਿਗੁਰ ਕੀ ਧਰ ਲਾਗਾ ਜਾਵਾ ਗੁਰ ਕਿਰਪਾ ਤੇ ਹਰਿ ਦਰੁ ਲਹੀਆ ॥੧॥ ਰਹਾਉ ॥ ਇਹੁ ਸਰੀਰੁ ਕਰਮ ਕੀ ਧਰਤੀ ਗੁਰਮੁਖਿ ਮਥਿ ਮਥਿ ਤਤੁ ਕਢਈਆ ॥ ਲਾਲੁ ਜਵੇਹਰ ਨਾਮੁ ਪ੍ਰਗਾਸਿਆ ਭਾਂਡੈ ਭਾਉ ਪਵੈ ਤਿਤੁ ਅਈਆ ॥੨॥ ਦਾਸਨਿ ਦਾਸ ਦਾਸ ਹੋਇ ਰਹੀਐ ਜੋ ਜਨ ਰਾਮ ਭਗਤ ਨਿਜ ਭਈਆ ॥ ਮਨੁ ਬੁਧਿ ਅਰਪਿ ਧਰਉ ਗੁਰ ਆਗੈ ਗੁਰ ਪਰਸਾਦੀ ਮੈ ਅਕਥੁ ਕਥਈਆ ॥੩॥ ਮਨਮੁਖ ਮਾਇਆ ਮੋਹਿ ਵਿਆਪੇ ਇਹੁ ਮਨੁ ਤ੍ਰਿਸਨਾ ਜਲਤ ਤਿਖਈਆ ॥ ਗੁਰਮਤਿ ਨਾਮੁ ਅੰਮ੍ਰਿਤ ਜਲੁ ਪਾਇਆ ਅਗਨਿ ਬੁਝੀ ਗੁਰ ਸਬਦਿ ਬੁਝਈਆ ॥੪॥ ਇਹੁ ਮਨੁ ਨਾਚੈ ਸਤਿਗੁਰ ਆਗੈ

ਅਨਹਦ ਸਬਦ ਧੁਨਿ ਤੂਰ ਵਜਈਆ ॥ ਹਰਿ ਹਰਿ ਉਸਤਤਿ ਕਰੈ ਦਿਨੁ ਰਾਤੀ ਰਖਿ ਰਖਿ ਚਰਣ ਹਰਿ ਤਾਲ ਪੂਰਈਆ ॥੫॥ ਹਰਿ ਕੈ ਰੰਗਿ ਰਤਾ ਮਨੁ ਗਾਵੈ ਰਸਿ ਰਸਾਲ ਰਸਿ ਸਬਦੁ ਰਵਈਆ ॥ ਨਿਜ ਘਰਿ ਧਾਰ ਚੁਐ ਅਤਿ ਨਿਰਮਲ ਜਿਨਿ ਪੀਆ ਤਿਨ ਹੀ ਸੁਖੁ ਲਹੀਆ ॥੬॥ ਮਨਹਠਿ ਕਰਮ ਕਰੈ ਅਭਿਮਾਨੀ ਜਿਉ ਬਾਲਕ ਬਾਲੂ ਘਰ ਉਸਰਈਆ ॥ ਆਵੈ ਲਹਰਿ ਸਮੁੰਦ ਸਾਗਰ ਕੀ ਖਿਨ ਮਹਿ ਭਿੰਨ ਭਿੰਨ ਢਹਿ ਪਈਆ ॥੭॥ ਹਰਿ ਸਰੁ ਸਾਗਰੁ ਹਰਿ ਹੈ ਆਪੇ ਇਹੁ ਜਗੁ ਹੈ ਸਭੁ ਖੇਲੁ ਖੇਲਈਆ ॥ ਜਿਉ ਜਲ ਤਰੰਗ ਜਲੁ ਜਲਹਿ ਸਮਾਵਹਿ ਨਾਨਕ ਆਪੇ ਆਪਿ ਰਮਈਆ ॥੮॥੩॥੬॥ ਬਿਲਾਵਲੁ ਮਹਲਾ ੪ ॥ ਸਤਿਗੁਰੁ ਪਰਚੈ ਮਨਿ ਮੁੰਦ੍ਰਾ ਪਾਈ ਗੁਰ ਕਾ ਸਬਦੁ ਤਨਿ ਭਸਮ ਦ੍ਰਿੜਈਆ ॥ ਅਮਰ ਪਿੰਡ ਭਏ ਸਾਧੂ ਸੰਗਿ ਜਨਮ ਮਰਣ ਦੋਊ ਮਿਟਿ ਗਈਆ ॥੧॥ ਮੇਰੇ ਮਨ ਸਾਧਸੰਗਤਿ ਮਿਲਿ ਰਹੀਆ ॥ ਕ੍ਰਿਪਾ ਕਰਹੁ ਮਧਸੂਦਨ ਮਾਧਉ ਮੈ ਖਿਨੁ ਖਿਨੁ ਸਾਧੂ ਚਰਣ ਪਖਈਆ ॥੧॥ ਰਹਾਉ ॥ ਤਜੈ ਗਿਰਸਤੁ ਭਇਆ ਬਨ ਵਾਸੀ ਇਕੁ ਖਿਨੁ ਮਨੂਆ ਟਿਕੈ ਨ ਟਿਕਈਆ ॥ ਧਾਵਤੁ ਧਾਇ ਤਦੇ ਘਰਿ ਆਵੈ ਹਰਿ ਹਰਿ ਸਾਧੂ ਸਰਣਿ ਪਵਈਆ ॥੨॥ ਧੀਆ ਪੂਤ ਛੋਡਿ ਸੰਨਿਆਸੀ ਆਸਾ ਆਸ ਮਨਿ ਬਹੁਤੁ ਕਰਈਆ ॥ ਆਸਾ ਆਸ ਕਰੈ ਨਹੀ ਬੂਝੈ ਗੁਰ ਕੈ ਸਬਦਿ ਨਿਰਾਸ ਸੁਖੁ ਲਹੀਆ ॥੩॥ ਉਪਜੀ ਤਰਕ ਦਿਗੰਬਰੁ ਹੋਆ ਮਨੁ ਦਹ ਦਿਸ ਚਲਿ ਚਲਿ ਗਵਨੁ ਕਰਈਆ ॥ ਪ੍ਰਭਵਨੁ ਕਰੈ ਬੂਝੈ ਨਹੀ ਤ੍ਰਿਸਨਾ ਮਿਲਿ ਸੰਗਿ ਸਾਧ ਦਇਆ ਘਰੁ ਲਹੀਆ ॥੪॥ ਆਸਣ ਸਿਧ ਸਿਖਹਿ ਬਹੁਤੇਰੇ ਮਨਿ ਮਾਗਹਿ ਰਿਧਿ ਸਿਧਿ ਚੇਟਕ ਚੇਟਕਈਆ ॥ ਤ੍ਰਿਪਤਿ ਸੰਤੋਖੁ ਮਨਿ ਸਾਂਤਿ ਨ ਆਵੈ ਮਿਲਿ ਸਾਧੂ ਤ੍ਰਿਪਤਿ ਹਰਿ ਨਾਮਿ ਸਿਧਿ ਪਈਆ ॥੫॥ ਅੰਡਜ ਜੇਰਜ ਸੇਤਜ ਉਤਭੁਜ ਸਭਿ ਵਰਨ ਰੂਪ ਜੀਅ ਜੰਤ ਉਪਈਆ ॥ ਸਾਧੂ ਸਰਣਿ ਪਰੈ ਸੋ ਉਬਰੈ ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਚੰਡਾਲੁ ਚੰਡਈਆ ॥੬॥ ਨਾਮਾ ਜੈਦੇਉ ਕੰਬੀਰੁ ਤ੍ਰਿਲੋਚਨੁ ਅਉਜਾਤਿ ਰਵਿਦਾਸੁ ਚਮਿਆਰੁ ਚਮਈਆ ॥ ਜੋ ਜੋ ਮਿਲੈ ਸਾਧੂ ਜਨ ਸੰਗਤਿ ਧਨੁ ਧੰਨਾ ਜਟੁ ਸੈਣੁ ਮਿਲਿਆ ਹਰਿ ਦਈਆ ॥੭॥ ਸੰਤ ਜਨਾ ਕੀ ਹਰਿ ਪੈਜ ਰਖਾਈ ਭਗਤਿ ਵਛਲੁ ਅੰਗੀਕਾਰੁ ਕਰਈਆ ॥ ਨਾਨਕ ਸਰਣਿ ਪਰੇ ਜਗਜੀਵਨ ਹਰਿ ਹਰਿ ਕਿਰਪਾ ਧਾਰਿ ਰਖਈਆ ॥੮॥੪॥੭॥ ਬਿਲਾਵਲੁ ਮਹਲਾ ੪ ॥ ਅੰਤਰਿ ਪਿਆਸ ਉਠੀ ਪ੍ਰਭ ਕੇਰੀ ਸੁਣਿ ਗੁਰ ਬਚਨ ਮਨਿ ਤੀਰ ਲਗਈਆ ॥

ਮਨ ਕੀ ਬਿਰਥਾ ਮਨ ਹੀ ਜਾਣੈ ਅਵਰੁ ਕਿ ਜਾਣੈ ਕੋ ਪੀਰ ਪਰਈਆ ॥੧॥ ਰਾਮ ਗੁਰਿ ਮੋਹਨਿ ਮੋਹਿ ਮਨੁ ਲਈਆ ॥ ਹਉ ਆਕਲ ਬਿਕਲ ਭਈ ਗੁਰ ਦੇਖੇ ਹਉ ਲੋਟ ਪੋਟ ਹੋਇ ਪਈਆ ॥੧॥ ਰਹਾਉ ॥ ਹਉ ਨਿਰਖਤ ਫਿਰਉ ਸਭਿ ਦੇਸ ਦਿਸੰਤਰ ਮੈ ਪ੍ਰਭ ਦੇਖਨ ਕੋ ਬਹੁਤੁ ਮਨਿ ਚਈਆ ॥ ਮਨੁ ਤਨੁ ਕਾਟਿ ਦੇਉ ਗੁਰ ਆਗੈ ਜਿਨਿ ਹਰਿ ਪ੍ਰਭ ਮਾਰਗੁ ਪੰਥੁ ਦਿਖਈਆ ॥੨॥ ਕੋਈ ਆਣਿ ਸਦੇਸਾ ਦੇਇ ਪ੍ਰਭ ਕੇਰਾ ਰਿਦ ਅੰਤਰਿ ਮਨਿ ਤਨਿ ਮੀਠ ਲਗਈਆ ॥ ਮਸਤਕੁ ਕਾਟਿ ਦੇਉ ਚਰਣਾ ਤਲਿ ਜੋ ਹਰਿ ਪ੍ਰਭੁ ਮੇਲੇ ਮੇਲਿ ਮਿਲਈਆ ॥੩॥ ਚਲੁ ਚਲੁ ਸਖੀ ਹਮ ਪ੍ਰਭੁ ਪਰਬੋਧਹ ਗੁਣ ਕਾਮਣ ਕਰਿ ਹਰਿ ਪ੍ਰਭੁ ਲਹੀਆ ॥ ਭਗਤਿ ਵਛਲੁ ਉਆ ਕੋ ਨਾਮੁ ਕਹੀਅਤੁ ਹੈ ਸਰਣਿ ਪ੍ਰਭੂ ਤਿਸੁ ਪਾਛੈ ਪਈਆ ॥੪॥ ਖਿਮਾ ਸੀਗਾਰ ਕਰੇ ਪ੍ਰਭ ਖੁਸੀਆ ਮਨਿ ਦੀਪਕ ਗੁਰ ਗਿਆਨੁ ਬਲਈਆ ॥ ਰਸਿ ਰਸਿ ਭੋਗ ਕਰੇ ਪ੍ਰਭੁ ਮੇਰਾ ਹਮ ਤਿਸੁ ਆਗੈ ਜੀਉ ਕਟਿ ਕਟਿ ਪਈਆ ॥੫॥ ਹਰਿ ਹਰਿ ਹਾਰੁ ਕੰਠਿ ਹੈ ਬਨਿਆ ਮਨੁ ਮੋਤੀਚੂਰੁ ਵਡ ਗਹਨ ਗਹਨਈਆ ॥ ਹਰਿ ਹਰਿ ਸਰਧਾ ਸੇਜ ਵਿਛਾਈ ਪ੍ਰਭੁ ਛੋਡਿ ਨ ਸਕੈ ਬਹੁਤੁ ਮਨਿ ਭਈਆ ॥੬॥ ਕਹੈ ਪ੍ਰਭੁ ਅਵਰੁ ਅਵਰੁ ਕਿਛੁ ਕੀਜੈ ਸਭੁ ਬਾਦਿ ਸੀਗਾਰੁ ਫੋਕਟ ਫੋਕਟਈਆ ॥ ਕੀਓ ਸੀਗਾਰੁ ਮਿਲਣ ਕੈ ਤਾਈ ਪ੍ਰਭੁ ਲੀਓ ਸੁਹਾਗਨਿ ਥੂਕ ਮੁਖਿ ਪਈਆ ॥੭॥ ਹਮ ਚੇਰੀ ਤੂ ਅਗਮ ਗੁਸਾਈ ਕਿਆ ਹਮ ਕਰਹ ਤੇਰੈ ਵਸਿ ਪਈਆ ॥ ਦਇਆ ਦੀਨ ਕਰਹੁ ਰਖਿ ਲੇਵਹੁ ਨਾਨਕ ਹਰਿ ਗੁਰ ਸਰਣਿ ਸਮਈਆ ॥੮॥੫॥੮॥ ਬਿਲਾਵਲੁ ਮਹਲਾ ੪ ॥ ਮੈ ਮਨਿ ਤਨਿ ਪ੍ਰੇਮੁ ਅਗਮ ਠਾਕੁਰ ਕਾ ਖਿਨੁ ਖਿਨੁ ਸਰਧਾ ਮਨਿ ਬਹੁਤੁ ਉਠਈਆ ॥ ਗੁਰ ਦੇਖੇ ਸਰਧਾ ਮਨ ਪੂਰੀ ਜਿਉ ਚਾਤ੍ਰਿਕ ਪ੍ਰਿਉ ਪ੍ਰਿਉ ਬੂੰਦ ਮੁਖਿ ਪਈਆ ॥੧॥ ਮਿਲੁ ਮਿਲੁ ਸਖੀ ਹਰਿ ਕਥਾ ਸੁਨਈਆ ॥ ਸਤਿਗੁਰੁ ਦਇਆ ਕਰੇ ਪ੍ਰਭੁ ਮੇਲੇ ਮੈ ਤਿਸੁ ਆਗੈ ਸਿਰੁ ਕਟਿ ਕਟਿ ਪਈਆ ॥੧॥ ਰਹਾਉ ॥ ਰੋਮਿ ਰੋਮਿ ਮਨਿ ਤਨਿ ਇਕ ਬੇਦਨ ਮੈ ਪ੍ਰਭ ਦੇਖੇ ਬਿਨੁ ਨੀਦ ਨ ਪਈਆ ॥ ਬੈਦਕ ਨਾਟਿਕ ਦੇਖਿ ਭੁਲਾਨੇ ਮੈ ਹਿਰਦੈ ਮਨਿ ਤਨਿ ਪ੍ਰੇਮ ਪੀਰ ਲਗਈਆ ॥੨॥ ਹਉ ਖਿਨੁ ਪਲੁ ਰਹਿ ਨ ਸਕਉ ਬਿਨੁ ਪ੍ਰੀਤਮ ਜਿਉ ਬਿਨੁ ਅਮਲੈ ਅਮਲੀ ਮਰਿ ਗਈਆ ॥ ਜਿਨ ਕਉ ਪਿਆਸ ਹੋਇ ਪ੍ਰਭ ਕੇਰੀ ਤਿਨ੍ ਅਵਰੁ ਨ ਭਾਵੈ ਬਿਨੁ ਹਰਿ ਕੋ ਦੁਈਆ ॥੩॥ ਕੋਈ ਆਨਿ ਆਨਿ ਮੇਰਾ ਪ੍ਰਭੂ ਮਿਲਾਵੈ ਹਉ ਤਿਸੁ ਵਿਟਹੁ ਬਲਿ ਬਲਿ ਘੁਮਿ ਗਈਆ ॥ ਅਨੇਕ

ਜਨਮ ਕੇ ਵਿਛੁੜੇ ਜਨ ਮੇਲੇ ਜਾ ਸਤਿ ਸਤਿ ਸਤਿਗੁਰ ਸਰਣਿ ਪਵਈਆ ॥੪॥ ਸੇਜ ਏਕ ਏਕੋ ਪ੍ਰਭੁ ਠਾਕੁਰੁ ਮਹਲੁ ਨ ਪਾਵੈ ਮਨਮੁਖ ਭਰਮਈਆ ॥ ਗੁਰੁ ਗੁਰੁ ਕਰਤ ਸਰਣਿ ਜੇ ਆਵੈ ਪ੍ਰਭੁ ਆਇ ਮਿਲੈ ਖਿਨੁ ਢੀਲ ਨ ਪਈਆ ॥੫॥ ਕਰਿ ਕਰਿ ਕਿਰਿਆਚਾਰ ਵਧਾਏ ਮਨਿ ਪਾਖੰਡ ਕਰਮੁ ਕਪਟ ਲੋਭਈਆ ॥ ਬੇਸੁਆ ਕੈ ਘਰਿ ਬੇਟਾ ਜਨਮਿਆ ਪਿਤਾ ਤਾਹਿ ਕਿਆ ਨਾਮੁ ਸਦਈਆ ॥੬॥ ਪੂਰਬ ਜਨਮਿ ਭਗਤਿ ਕਰਿ ਆਏ ਗੁਰਿ ਹਰਿ ਹਰਿ ਹਰਿ ਹਰਿ ਭਗਤਿ ਜਮਈਆ ॥ ਭਗਤਿ ਭਗਤਿ ਕਰਤੇ ਹਰਿ ਪਾਇਆ ਜਾ ਹਰਿ ਹਰਿ ਹਰਿ ਹਰਿ ਨਾਮਿ ਸਮਈਆ ॥੭॥ ਪ੍ਰਭਿ ਆਣਿ ਆਣਿ ਮਹਿੰਦੀ ਪੀਸਾਈ ਆਪੇ ਘੋਲਿ ਘੋਲਿ ਅੰਗਿ ਲਈਆ ॥ ਜਿਨ ਕਉ ਠਾਕੁਰਿ ਕਿਰਪਾ ਧਾਰੀ ਬਾਹ ਪਕਰਿ ਨਾਨਕ ਕਢਿ ਲਈਆ ॥੮॥੬॥੨॥੧॥੬॥੯॥

ਰਾਗੁ ਬਿਲਾਵਲੁ ਮਹਲਾ ੫ ਅਸਟਪਦੀ ਘਰੁ ੧੨ ੴ ਸਤਿਗੁਰ ਪ੍ਰਸਾਦਿ ॥

ਉਪਮਾ ਜਾਤ ਨ ਕਹੀ ਮੇਰੇ ਪ੍ਰਭ ਕੀ ਉਪਮਾ ਜਾਤ ਨ ਕਹੀ ॥ ਤਜਿ ਆਨ ਸਰਣਿ ਗਹੀ ॥੧॥ ਰਹਾਉ ॥ ਪ੍ਰਭ ਚਰਨ ਕਮਲ ਅਪਾਰ ॥ ਹਉ ਜਾਉ ਸਦ ਬਲਿਹਾਰ ॥ ਮਨਿ ਪ੍ਰੀਤਿ ਲਾਗੀ ਤਾਹਿ ॥ ਤਜਿ ਆਨ ਕਤਹਿ ਨ ਜਾਹਿ ॥੧॥ ਹਰਿ ਨਾਮ ਰਸਨਾ ਕਹਨ ॥ ਮਲ ਪਾਪ ਕਲਮਲ ਦਹਨ ॥ ਚੜਿ ਨਾਵ ਸੰਤ ਉਧਾਰਿ ॥ ਭੈ ਤਰੇ ਸਾਗਰ ਪਾਰਿ ॥੨॥ ਮਨਿ ਡੋਰਿ ਪ੍ਰੇਮ ਪਰੀਤਿ ॥ ਇਹ ਸੰਤ ਨਿਰਮਲ ਰੀਤਿ ॥ ਤਜਿ ਗਏ ਪਾਪ ਬਿਕਾਰ ॥ ਹਰਿ ਮਿਲੇ ਪ੍ਰਭ ਨਿਰੰਕਾਰ ॥੩॥ ਪ੍ਰਭ ਪੇਖੀਐ ਬਿਸਮਾਦ ॥ ਚਖਿ ਅਨਦ ਪੂਰਨ ਸਾਦ ॥ ਨਹ ਡੋਲੀਐ ਇਤ ਊਤ ॥ ਪ੍ਰਭ ਬਸੇ ਹਰਿ ਹਰਿ ਚੀਤ ॥੪॥ ਤਿਨ੍ ਨਾਹਿ ਨਰਕ ਨਿਵਾਸੁ ॥ ਨਿਤ ਸਿਮਰਿ ਪ੍ਰਭ ਗੁਣਤਾਸੁ ॥ ਤੇ ਜਮੁ ਨ ਪੇਖਹਿ ਨੈਨ ॥ ਸੁਨਿ ਮੋਹੇ ਅਨਹਤ ਬੈਨ ॥੫॥ ਹਰਿ ਸਰਣਿ ਸੂਰ ਗੁਪਾਲ ॥ ਪ੍ਰਭ ਭਗਤ ਵਸਿ ਦਇਆਲ ॥ ਹਰਿ ਨਿਗਮ ਲਹਹਿ ਨ ਭੇਵ ॥ ਨਿਤ ਕਰਹਿ ਮੁਨਿ ਜਨ ਸੇਵ ॥੬॥ ਦੁਖ ਦੀਨ ਦਰਦ ਨਿਵਾਰ ॥ ਜਾ ਕੀ ਮਹਾ ਬਿਖੜੀ ਕਾਰ ॥ ਤਾ ਕੀ ਮਿਤਿ ਨ ਜਾਨੈ ਕੋਇ ॥ ਜਲਿ ਥਲਿ ਮਹੀਅਲਿ ਸੋਇ ॥੭॥ ਕਰਿ ਬੰਦਨਾ ਲਖ ਬਾਰ ॥ ਥਕਿ ਪਰਿਓ ਪ੍ਰਭ ਦਰਬਾਰ ॥ ਪ੍ਰਭ ਕਰਹੁ ਸਾਧੂ ਧੂਰਿ ॥ ਨਾਨਕ ਮਨਸਾ ਪੂਰਿ ॥੮॥੧॥ ਬਿਲਾਵਲੁ ਮਹਲਾ ੫ ॥ ਪ੍ਰਭ ਜਨਮ ਮਰਨ ਨਿਵਾਰਿ ॥ ਹਾਰਿ ਪਰਿਓ ਦੁਆਰਿ ॥ ਗਹਿ ਚਰਨ ਸਾਧੂ ਸੰਗ ॥ ਮਨ ਮਿਸਟ ਹਰਿ ਹਰਿ ਰੰਗ ॥

ਕਰਿ ਦਇਆ ਲੇਹੁ ਲੜਿ ਲਾਇ ॥ ਨਾਨਕਾ ਨਾਮੁ ਧਿਆਇ ॥੧॥ ਦੀਨਾ ਨਾਥ ਦਇਆਲ ਮੇਰੇ ਸੁਆਮੀ ਦੀਨਾ ਨਾਥ ਦਇਆਲ ॥ ਜਾਚਉ ਸੰਤ ਰਵਾਲ ॥੧॥ ਰਹਾਉ ॥ ਸੰਸਾਰੁ ਬਿਖਿਆ ਕੂਪ ॥ ਤਮ ਅਗਿਆਨ ਮੋਹਤ ਘੂਪ ॥ ਗਹਿ ਭੁਜਾ ਪ੍ਰਭ ਜੀ ਲੇਹੁ ॥ ਹਰਿ ਨਾਮੁ ਅਪੁਨਾ ਦੇਹੁ ॥ ਪ੍ਰਭ ਤੁਝ ਬਿਨਾ ਨਹੀ ਠਾਉ ॥ ਨਾਨਕਾ ਬਲਿ ਬਲਿ ਜਾਉ ॥੨॥ ਲੋਭਿ ਮੋਹਿ ਬਾਧੀ ਦੇਹ ॥ ਬਿਨੁ ਭਜਨ ਹੋਵਤ ਖੇਹ ॥ ਜਮਦੂਤ ਮਹਾ ਭਇਆਨ ॥ ਚਿਤ ਗੁਪਤ ਕਰਮਹਿ ਜਾਨ ॥ ਦਿਨੁ ਰੈਨਿ ਸਾਖਿ ਸੁਨਾਇ ॥ ਨਾਨਕਾ ਹਰਿ ਸਰਨਾਇ ॥੩॥ ਭੈ ਭੰਜਨਾ ਮੁਰਾਰਿ ॥ ਕਰਿ ਦਇਆ ਪਤਿਤ ਉਧਾਰਿ ॥ ਮੇਰੇ ਦੋਖ ਗਨੇ ਨ ਜਾਹਿ ॥ ਹਰਿ ਬਿਨਾ ਕਤਹਿ ਸਮਾਹਿ ॥ ਗਹਿ ਓਟ ਚਿਤਵੀ ਨਾਥ ॥ ਨਾਨਕਾ ਦੇ ਰਖੁ ਹਾਥ ॥੪॥ ਹਰਿ ਗੁਣ ਨਿਧੇ ਗੋਪਾਲ ॥ ਸਰਬ ਘਟ ਪ੍ਰਤਿਪਾਲ ॥ ਮਨਿ ਪ੍ਰੀਤਿ ਦਰਸਨ ਪਿਆਸ ॥ ਗੋਬਿੰਦ ਪੂਰਨ ਆਸ ॥ ਇਕ ਨਿਮਖ ਰਹਨੁ ਨ ਜਾਇ ॥ ਵਡ ਭਾਗਿ ਨਾਨਕ ਪਾਇ ॥੫॥ ਪ੍ਰਭ ਤੁਝ ਬਿਨਾ ਨਹੀ ਹੋਰ ॥ ਮਨਿ ਪ੍ਰੀਤਿ ਚੰਦ ਚਕੋਰ ॥ ਜਿਉ ਮੀਨ ਜਲ ਸਿਉ ਹੇਤੁ ॥ ਅਲਿ ਕਮਲ ਭਿੰਨੁ ਨ ਭੇਤੁ ॥ ਜਿਉ ਚਕਵੀ ਸੂਰਜ ਆਸ ॥ ਨਾਨਕ ਚਰਨ ਪਿਆਸ ॥੬॥ ਜਿਉ ਤਰੁਨਿ ਭਰਤ ਪਰਾਨ ॥ ਜਿਉ ਲੋਭੀਐ ਧਨੁ ਦਾਨੁ ॥ ਜਿਉ ਦੂਧ ਜਲਹਿ ਸੰਜੋਗੁ ॥ ਜਿਉ ਮਹਾ ਖੁਧਿਆਰਥ ਭੋਗੁ ॥ ਜਿਉ ਮਾਤ ਪੂਤਹਿ ਹੇਤੁ ॥ ਹਰਿ ਸਿਮਰਿ ਨਾਨਕ ਨੇਤ ॥੭॥ ਜਿਉ ਦੀਪ ਪਤਨ ਪਤੰਗ ॥ ਜਿਉ ਚੋਰੁ ਹਿਰਤ ਨਿਸੰਗ ॥ ਮੈਗਲਹਿ ਕਾਮੈ ਬੰਧੁ ॥ ਜਿਉ ਗ੍ਰਸਤ ਬਿਖਈ ਧੰਧੁ ॥ ਜਿਉ ਜੂਆਰ ਬਿਸਨੁ ਨ ਜਾਇ ॥ ਹਰਿ ਨਾਨਕ ਇਹੁ ਮਨੁ ਲਾਇ ॥੮॥ ਕੁਰੰਕ ਨਾਦੈ ਨੇਹੁ ॥ ਚਾਤ੍ਰਿਕੁ ਚਾਹਤ ਮੇਹੁ ॥ ਜਨ ਜੀਵਨਾ ਸਤਸੰਗਿ ॥ ਗੋਬਿਦੁ ਭਜਨਾ ਰੰਗਿ ॥ ਰਸਨਾ ਬਖਾਨੈ ਨਾਮੁ ॥ ਨਾਨਕ ਦਰਸਨ ਦਾਨੁ ॥੯॥ ਗੁਨ ਗਾਇ ਸੁਨਿ ਲਿਖਿ ਦੇਇ ॥ ਸੋ ਸਰਬ ਫਲ ਹਰਿ ਲੇਇ ॥ ਕੁਲ ਸਮੂਹ ਕਰਤ ਉਧਾਰੁ ॥ ਸੰਸਾਰੁ ਉਤਰਸਿ ਪਾਰਿ ॥ ਹਰਿ ਚਰਨ ਬੋਹਿਥ ਤਾਹਿ ॥ ਮਿਲਿ ਸਾਧਸੰਗਿ ਜਸੁ ਗਾਹਿ ॥ ਹਰਿ ਪੈਜ ਰਖੈ ਮੁਰਾਰਿ ॥ ਹਰਿ ਨਾਨਕ ਸਰਨਿ ਦੁਆਰਿ ॥੧੦॥੨॥

ਬਿਲਾਵਲੁ ਮਹਲਾ ੧ ਥਿਤੀ ਘਰੁ ੧੦ ਜਤਿ ੴ ਸਤਿਗੁਰ ਪ੍ਰਸਾਦਿ ॥

ਏਕਮ ਏਕੰਕਾਰੁ ਨਿਰਾਲਾ ॥ ਅਮਰੁ ਅਜੋਨੀ ਜਾਤਿ ਨ ਜਾਲਾ ॥ ਅਗਮ ਅਗੋਚਰੁ ਰੂਪੁ ਨ ਰੇਖਿਆ ॥ ਖੋਜਤ ਖੋਜਤ

ਘਟਿ ਘਟਿ ਦੇਖਿਆ ॥ ਜੋ ਦੇਖਿ ਦਿਖਾਵੈ ਤਿਸ ਕਉ ਬਲਿ ਜਾਈ ॥ ਗੁਰ ਪਰਸਾਦਿ ਪਰਮ ਪਦੁ ਪਾਈ ॥੧॥
ਕਿਆ ਜਪੁ ਜਾਪਉ ਬਿਨੁ ਜਗਦੀਸੈ ॥ ਗੁਰ ਕੈ ਸਬਦਿ ਮਹਲੁ ਘਰੁ ਦੀਸੈ ॥੧॥ ਰਹਾਉ ॥ ਦੂਜੈ ਭਾਇ ਲਗੇ
ਪਛੁਤਾਣੇ ॥ ਜਮ ਦਰਿ ਬਾਧੇ ਆਵਣ ਜਾਣੇ ॥ ਕਿਆ ਲੈ ਆਵਹਿ ਕਿਆ ਲੇ ਜਾਹਿ ॥ ਸਿਰਿ ਜਮਕਾਲੁ ਸਿ ਚੋਟਾ
ਖਾਹਿ ॥ ਬਿਨੁ ਗੁਰ ਸਬਦ ਨ ਛੂਟਸਿ ਕੋਇ ॥ ਪਾਖੰਡਿ ਕੀਨੑੈ ਮੁਕਤਿ ਨ ਹੋਇ ॥੨॥ ਆਪੇ ਸਚੁ ਕੀਆ ਕਰ ਜੋੜਿ ॥
ਅੰਡਜ ਫੋੜਿ ਜੋੜਿ ਵਿਛੋੜਿ ॥ ਧਰਤਿ ਅਕਾਸੁ ਕੀਏ ਬੈਸਣ ਕਉ ਥਾਉ ॥ ਰਾਤਿ ਦਿਨੰਤੁ ਕੀਏ ਭਉ ਭਾਉ ॥ ਜਿਨਿ
ਕੀਏ ਕਰਿ ਵੇਖਣਹਾਰਾ ॥ ਅਵਰੁ ਨ ਦੂਜਾ ਸਿਰਜਣਹਾਰਾ ॥੩॥ ਤ੍ਰਿਤੀਆ ਬ੍ਰਹਮਾ ਬਿਸਨੁ ਮਹੇਸਾ ॥ ਦੇਵੀ ਦੇਵ
ਉਪਾਏ ਵੇਸਾ ॥ ਜੋਤੀ ਜਾਤੀ ਗਣਤ ਨ ਆਵੈ ॥ ਜਿਨਿ ਸਾਜੀ ਸੋ ਕੀਮਤਿ ਪਾਵੈ ॥ ਕੀਮਤਿ ਪਾਇ ਰਹਿਆ ਭਰਪੂਰਿ ॥
ਕਿਸੁ ਨੇੜੈ ਕਿਸੁ ਆਖਾ ਦੂਰਿ ॥੪॥ ਚਉਥਿ ਉਪਾਏ ਚਾਰੇ ਬੇਦਾ ॥ ਖਾਣੀ ਚਾਰੇ ਬਾਣੀ ਭੇਦਾ ॥ ਅਸਟ ਦਸਾ ਖਟੁ
ਤੀਨਿ ਉਪਾਏ ॥ ਸੋ ਬੂਝੈ ਜਿਸੁ ਆਪਿ ਬੁਝਾਏ ॥ ਤੀਨਿ ਸਮਾਵੈ ਚਉਥੈ ਵਾਸਾ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ
॥੫॥ ਪੰਚਮੀ ਪੰਚ ਭੂਤ ਬੇਤਾਲਾ ॥ ਆਪਿ ਅਗੋਚਰੁ ਪੁਰਖੁ ਨਿਰਾਲਾ ॥ ਇਕਿ ਭ੍ਰਮਿ ਭੂਖੇ ਮੋਹ ਪਿਆਸੇ ॥ ਇਕਿ ਰਸੁ
ਚਾਖਿ ਸਬਦਿ ਤ੍ਰਿਪਤਾਸੇ ॥ ਇਕਿ ਰੰਗਿ ਰਾਤੇ ਇਕਿ ਮਰਿ ਧੂਰਿ ॥ ਇਕਿ ਦਰਿ ਘਰਿ ਸਾਚੈ ਦੇਖਿ ਹਦੂਰਿ ॥੬॥ ਝੂਠੇ
ਕਉ ਨਾਹੀ ਪਤਿ ਨਾਉ ॥ ਕਬਹੁ ਨ ਸੂਚਾ ਕਾਲਾ ਕਾਉ ॥ ਪਿੰਜਰਿ ਪੰਖੀ ਬੰਧਿਆ ਕੋਇ ॥ ਛੇਰੀਂ ਭਰਮੈ ਮੁਕਤਿ ਨ
ਹੋਇ ॥ ਤਉ ਛੂਟੈ ਜਾ ਖਸਮੁ ਛਡਾਏ ॥ ਗੁਰਮਤਿ ਮੇਲੇ ਭਗਤਿ ਦ੍ਰਿੜਾਏ ॥੭॥ ਖਸਟੀ ਖਟੁ ਦਰਸਨ ਪ੍ਰਭ ਸਾਜੇ ॥
ਅਨਹਦ ਸਬਦੁ ਨਿਰਾਲਾ ਵਾਜੇ ॥ ਜੇ ਪ੍ਰਭ ਭਾਵੈ ਤਾ ਮਹਲਿ ਬੁਲਾਵੈ ॥ ਸਬਦੇ ਭੇਦੇ ਤਉ ਪਤਿ ਪਾਵੈ ॥ ਕਰਿ ਕਰਿ
ਵੇਸ ਖਪਹਿ ਜਲਿ ਜਾਵਹਿ ॥ ਸਾਚੈ ਸਾਚੇ ਸਾਚਿ ਸਮਾਵਹਿ ॥੮॥ ਸਪਤਮੀ ਸਤੁ ਸੰਤੋਖੁ ਸਰੀਰਿ ॥ ਸਾਤ ਸਮੁੰਦ ਭਰੇ
ਨਿਰਮਲ ਨੀਰਿ ॥ ਮਜਨੁ ਸੀਲੁ ਸਚੁ ਰਿਦੈ ਵੀਚਾਰਿ ॥ ਗੁਰ ਕੈ ਸਬਦਿ ਪਾਵੈ ਸਭਿ ਪਾਰਿ ॥ ਮਨਿ ਸਾਚਾ ਮੁਖਿ
ਸਾਚਉ ਭਾਇ ॥ ਸਚੁ ਨੀਸਾਣੈ ਠਾਕ ਨ ਪਾਇ ॥੯॥ ਅਸਟਮੀ ਅਸਟ ਸਿਧਿ ਬੁਧਿ ਸਾਧੈ ॥ ਸਚੁ ਨਿਹਕੇਵਲੁ ਕਰਮਿ
ਅਰਾਧੈ ॥ ਪਉਣ ਪਾਣੀ ਅਗਨੀ ਬਿਸਰਾਉ ॥ ਤਹੀ ਨਿਰੰਜਨੁ ਸਾਚੋ ਨਾਉ ॥ ਤਿਸੁ ਮਹਿ ਮਨੂਆ ਰਹਿਆ
ਲਿਵ ਲਾਇ ॥ ਪ੍ਰਣਵਤਿ ਨਾਨਕੁ ਕਾਲੁ ਨ ਖਾਇ ॥੧੦॥ ਨਾਉ ਨਉਮੀ ਨਵੇ ਨਾਥ ਨਵ ਖੰਡਾ ॥ ਘਟਿ ਘਟਿ ਨਾਥੁ

ਮਹਾ ਬਲਵੰਡਾ ॥ ਆਈ ਪੂਤਾ ਇਹੁ ਜਗੁ ਸਾਰਾ ॥ ਪ੍ਰਭ ਆਦੇਸੁ ਆਦਿ ਰਖਵਾਰਾ ॥ ਆਦਿ ਜੁਗਾਦੀ ਹੈ ਭੀ ਹੋਗੁ ॥ ਓਹੁ ਅਪਰੰਪਰੁ ਕਰਣੈ ਜੋਗੁ ॥੧੧॥ ਦਸਮੀ ਨਾਮੁ ਦਾਨੁ ਇਸਨਾਨੁ ॥ ਅਨਦਿਨੁ ਮਜਨੁ ਸਚਾ ਗੁਣ ਗਿਆਨੁ ॥ ਸਚਿ ਮੈਲੁ ਨ ਲਾਗੈ ਭ੍ਰਮੁ ਭਉ ਭਾਗੈ ॥ ਬਿਲਮੁ ਨ ਤੂਟਸਿ ਕਾਚੈ ਤਾਗੈ ॥ ਜਿਉ ਤਾਗਾ ਜਗੁ ਏਵੈ ਜਾਣਹੁ ॥ ਅਸਥਿਰੁ ਚੀਤੁ ਸਾਚਿ ਰੰਗੁ ਮਾਣਹੁ ॥੧੨॥ ਏਕਾਦਸੀ ਇਕੁ ਰਿਦੈ ਵਸਾਵੈ ॥ ਹਿੰਸਾ ਮਮਤਾ ਮੋਹੁ ਚੁਕਾਵੈ ॥ ਫਲੁ ਪਾਵੈ ਬ੍ਰਤੁ ਆਤਮ ਚੀਨੈ ॥ ਪਾਖੰਡਿ ਰਾਚਿ ਤਤੁ ਨਹੀ ਬੀਨੈ ॥ ਨਿਰਮਲੁ ਨਿਰਾਹਾਰੁ ਨਿਹਕੇਵਲੁ ॥ ਸੂਚੈ ਸਾਚੇ ਨਾ ਲਾਗੈ ਮਲੁ ॥੧੩॥ ਜਹ ਦੇਖਉ ਤਹ ਏਕੋ ਏਕਾ ॥ ਹੋਰਿ ਜੀਅ ਉਪਾਏ ਵੇਕੋ ਵੇਕਾ ॥ ਫਲੋਹਾਰ ਕੀਏ ਫਲੁ ਜਾਇ ॥ ਰਸ ਕਸ ਖਾਏ ਸਾਦੁ ਗਵਾਇ ॥ ਕੂੜੈ ਲਾਲਚਿ ਲਪਟੈ ਲਪਟਾਇ ॥ ਛੂਟੈ ਗੁਰਮੁਖਿ ਸਾਚੁ ਕਮਾਇ ॥੧੪॥ ਦੁਆਦਸਿ ਮੁਦ੍ਰਾ ਮਨੁ ਅਉਧੂਤਾ ॥ ਅਹਿਨਿਸਿ ਜਾਗਹਿ ਕਬਹਿ ਨ ਸੂਤਾ ॥ ਜਾਗਤੁ ਜਾਗਿ ਰਹੈ ਲਿਵ ਲਾਇ ॥ ਗੁਰ ਪਰਚੈ ਤਿਸੁ ਕਾਲੁ ਨ ਖਾਇ ॥ ਅਤੀਤ ਭਏ ਮਾਰੇ ਬੈਰਾਈ ॥ ਪ੍ਰਣਵਤਿ ਨਾਨਕ ਤਹ ਲਿਵ ਲਾਈ ॥੧੫॥ ਦੁਆਦਸੀ ਦਇਆ ਦਾਨੁ ਕਰਿ ਜਾਣੈ ॥ ਬਾਹਰਿ ਜਾਤੋ ਭੀਤਰਿ ਆਣੈ ॥ ਬਰਤੀ ਬਰਤ ਰਹੈ ਨਿਹਕਾਮ ॥ ਅਜਪਾ ਜਾਪੁ ਜਪੈ ਮੁਖਿ ਨਾਮ ॥ ਤੀਨਿ ਭਵਣ ਮਹਿ ਏਕੋ ਜਾਣੈ ॥ ਸਭਿ ਸੁਚਿ ਸੰਜਮ ਸਾਚੁ ਪਛਾਣੈ ॥੧੬॥ ਤੇਰਸਿ ਤਰਵਰ ਸਮੁਦ ਕਨਾਰੈ ॥ ਅੰਮ੍ਰਿਤੁ ਮੂਲੁ ਸਿਖਰਿ ਲਿਵ ਤਾਰੈ ॥ ਡਰ ਡਰਿ ਮਰੈ ਨ ਬੂਡੈ ਕੋਇ ॥ ਨਿਡਰੁ ਬੂਡਿ ਮਰੈ ਪਤਿ ਖੋਇ ॥ ਡਰ ਮਹਿ ਘਰੁ ਘਰ ਮਹਿ ਡਰੁ ਜਾਣੈ ॥ ਤਖਤਿ ਨਿਵਾਸੁ ਸਚੁ ਮਨਿ ਭਾਣੈ ॥੧੭॥ ਚਉਦਸਿ ਚਉਥੇ ਥਾਵਹਿ ਲਹਿ ਪਾਵੈ ॥ ਰਾਜਸ ਤਾਮਸ ਸਤ ਕਾਲ ਸਮਾਵੈ ॥ ਸਸੀਅਰ ਕੈ ਘਰਿ ਸੂਰੁ ਸਮਾਵੈ ॥ ਜੋਗ ਜੁਗਤਿ ਕੀ ਕੀਮਤਿ ਪਾਵੈ ॥ ਚਉਦਸਿ ਭਵਨ ਪਾਤਾਲ ਸਮਾਏ ॥ ਖੰਡ ਬ੍ਰਹਮੰਡ ਰਹਿਆ ਲਿਵ ਲਾਏ ॥੧੮॥ ਅਮਾਵਸਿਆ ਚੰਦੁ ਗੁਪਤੁ ਗੈਣਾਰਿ ॥ ਬੂਝਹੁ ਗਿਆਨੀ ਸਬਦੁ ਬੀਚਾਰਿ ॥ ਸਸੀਅਰੁ ਗਗਨਿ ਜੋਤਿ ਤਿਹੁ ਲੋਈ ॥ ਕਰਿ ਕਰਿ ਵੇਖੈ ਕਰਤਾ ਸੋਈ ॥ ਗੁਰ ਤੇ ਦੀਸੈ ਸੋ ਤਿਸ ਹੀ ਮਾਹਿ ॥ ਮਨਮੁਖਿ ਭੂਲੇ ਆਵਹਿ ਜਾਹਿ ॥੧੯॥ ਘਰੁ ਦਰੁ ਥਾਪਿ ਥਿਰੁ ਥਾਨਿ ਸੁਹਾਵੈ ॥ ਆਪੁ ਪਛਾਣੈ ਜਾ ਸਤਿਗੁਰੁ ਪਾਵੈ ॥ ਜਹ ਆਸਾ ਤਹ ਬਿਨਸਿ ਬਿਨਾਸਾ ॥ ਫੂਟੈ ਖਪਰੁ ਦੁਬਿਧਾ ਮਨਸਾ ॥ ਮਮਤਾ ਜਾਲ ਤੇ ਰਹੈ ਉਦਾਸਾ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ ॥੨੦॥੧॥

ਬਿਲਾਵਲੁ ਮਹਲਾ ੩ ਵਾਰ ਸਤ ਘਰੁ ੧੦ ੴ ਸਤਿਗੁਰ ਪ੍ਰਸਾਦਿ ॥

ਆਦਿਤ ਵਾਰਿ ਆਦਿ ਪੁਰਖੁ ਹੈ ਸੋਈ ॥ ਆਪੇ ਵਰਤੈ ਅਵਰੁ ਨ ਕੋਈ ॥ ਓਤਿ ਪੋਤਿ ਜਗੁ ਰਹਿਆ ਪਰੋਈ ॥ ਆਪੇ ਕਰਤਾ ਕਰੈ ਸੁ ਹੋਈ ॥ ਨਾਮਿ ਰਤੇ ਸਦਾ ਸੁਖੁ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥੧॥ ਹਿਰਦੈ ਜਪਨੀ ਜਪਉ ਗੁਣਤਾਸਾ ॥ ਹਰਿ ਅਗਮ ਅਗੋਚਰੁ ਅਪਰੰਪਰ ਸੁਆਮੀ ਜਨ ਪਗਿ ਲਗਿ ਧਿਆਵਉ ਹੋਇ ਦਾਸਨਿ ਦਾਸਾ ॥੧॥ ਰਹਾਉ ॥ ਸੋਮਵਾਰਿ ਸਚਿ ਰਹਿਆ ਸਮਾਇ ॥ ਤਿਸ ਕੀ ਕੀਮਤਿ ਕਹੀ ਨ ਜਾਇ ॥ ਆਖਿ ਆਖਿ ਰਹੇ ਸਭਿ ਲਿਵ ਲਾਇ ॥ ਜਿਸੁ ਦੇਵੈ ਤਿਸੁ ਪਲੈ ਪਾਇ ॥ ਅਗਮ ਅਗੋਚਰੁ ਲਖਿਆ ਨ ਜਾਇ ॥ ਗੁਰ ਕੈ ਸਬਦਿ ਹਰਿ ਰਹਿਆ ਸਮਾਇ ॥੨॥ ਮੰਗਲਿ ਮਾਇਆ ਮੋਹੁ ਉਪਾਇਆ ॥ ਆਪੇ ਸਿਰਿ ਸਿਰਿ ਧੰਧੈ ਲਾਇਆ ॥ ਆਪਿ ਬੁਝਾਏ ਸੋਈ ਬੂਝੈ ॥ ਗੁਰ ਕੈ ਸਬਦਿ ਦਰੁ ਘਰੁ ਸੂਝੈ ॥ ਪ੍ਰੇਮ ਭਗਤਿ ਕਰੇ ਲਿਵ ਲਾਇ ॥ ਹਉਮੈ ਮਮਤਾ ਸਬਦਿ ਜਲਾਇ ॥੩॥ ਬੁਧਵਾਰਿ ਆਪੇ ਬੁਧਿ ਸਾਰੁ ॥ ਗੁਰਮੁਖਿ ਕਰਣੀ ਸਬਦੁ ਵੀਚਾਰੁ ॥ ਨਾਮਿ ਰਤੇ ਮਨੁ ਨਿਰਮਲੁ ਹੋਇ ॥ ਹਰਿ ਗੁਣ ਗਾਵੈ ਹਉਮੈ ਮਲੁ ਖੋਇ ॥ ਦਰਿ ਸਚੈ ਸਦ ਸੋਭਾ ਪਾਏ ॥ ਨਾਮਿ ਰਤੇ ਗੁਰ ਸਬਦਿ ਸੁਹਾਏ ॥੪॥ ਲਾਹਾ ਨਾਮੁ ਪਾਏ ਗੁਰ ਦੁਆਰਿ ॥ ਆਪੇ ਦੇਵੈ ਦੇਵਣਹਾਰੁ ॥ ਜੋ ਦੇਵੈ ਤਿਸ ਕਉ ਬਲਿ ਜਾਈਐ ॥ ਗੁਰ ਪਰਸਾਦੀ ਆਪੁ ਗਵਾਈਐ ॥ ਨਾਨਕ ਨਾਮੁ ਰਖਹੁ ਉਰ ਧਾਰਿ ॥ ਦੇਵਣਹਾਰੇ ਕਉ ਜੈਕਾਰੁ ॥੫॥ ਵੀਰਵਾਰਿ ਵੀਰ ਭਰਮਿ ਭੁਲਾਏ ॥ ਪ੍ਰੇਤ ਭੂਤ ਸਭਿ ਦੂਜੈ ਲਾਏ ॥ ਆਪਿ ਉਪਾਏ ਕਰਿ ਵੇਖੈ ਵੇਕਾ ॥ ਸਭਨਾ ਕਰਤੇ ਤੇਰੀ ਟੇਕਾ ॥ ਜੀਅ ਜੰਤ ਤੇਰੀ ਸਰਣਾਈ ॥ ਸੋ ਮਿਲੈ ਜਿਸੁ ਲੈਹਿ ਮਿਲਾਈ ॥੬॥ ਸੁਕ੍ਰਵਾਰਿ ਪ੍ਰਭੁ ਰਹਿਆ ਸਮਾਈ ॥ ਆਪਿ ਉਪਾਇ ਸਭ ਕੀਮਤਿ ਪਾਈ ॥ ਗੁਰਮੁਖਿ ਹੋਵੈ ਸੁ ਕਰੈ ਬੀਚਾਰੁ ॥ ਸਚੁ ਸੰਜਮੁ ਕਰਣੀ ਹੈ ਕਾਰ ॥ ਵਰਤੁ ਨੇਮੁ ਨਿਤਾਪ੍ਰਤਿ ਪੂਜਾ ॥ ਬਿਨੁ ਬੂਝੇ ਸਭੁ ਭਾਉ ਹੈ ਦੂਜਾ ॥੭॥ ਛਨਿਛਰਵਾਰਿ ਸਉਣ ਸਾਸਤ ਬੀਚਾਰੁ ॥ ਹਉਮੈ ਮੇਰਾ ਭਰਮੈ ਸੰਸਾਰੁ ॥ ਮਨਮੁਖੁ ਅੰਧਾ ਦੂਜੈ ਭਾਇ ॥ ਜਮ ਦਰਿ ਬਾਧਾ ਚੋਟਾ ਖਾਇ ॥ ਗੁਰ ਪਰਸਾਦੀ ਸਦਾ ਸੁਖੁ ਪਾਏ ॥ ਸਚੁ ਕਰਣੀ ਸਾਚਿ ਲਿਵ ਲਾਏ ॥੮॥ ਸਤਿਗੁਰੁ ਸੇਵਹਿ ਸੇ ਵਡਭਾਗੀ ॥ ਹਉਮੈ ਮਾਰਿ ਸਚਿ ਲਿਵ ਲਾਗੀ ॥ ਤੇਰੈ ਰੰਗਿ ਰਾਤੇ ਸਹਜਿ ਸੁਭਾਇ ॥

ਤੂ ਸੁਖਦਾਤਾ ਲੈਹਿ ਮਿਲਾਇ ॥ ਏਕਸ ਤੇ ਦੂਜਾ ਨਾਹੀ ਕੋਇ ॥ ਗੁਰਮੁਖਿ ਬੂਝੈ ਸੋਝੀ ਹੋਇ ॥੯॥ ਪੰਦ੍ਰਹ ਥਿਤੀਂ ਤੈ ਸਤ ਵਾਰ ॥ ਮਾਹਾ ਰੁਤੀ ਆਵਹਿ ਵਾਰ ਵਾਰ ॥ ਦਿਨਸੁ ਰੈਣਿ ਤਿਵੈ ਸੰਸਾਰੁ ॥ ਆਵਾ ਗਉਣੁ ਕੀਆ ਕਰਤਾਰਿ ॥ ਨਿਹਚਲੁ ਸਾਚੁ ਰਹਿਆ ਕਲ ਧਾਰਿ ॥ ਨਾਨਕ ਗੁਰਮੁਖਿ ਬੂਝੈ ਕੋ ਸਬਦੁ ਵੀਚਾਰਿ ॥੧੦॥੧॥ ਬਿਲਾਵਲੁ ਮਹਲਾ ੩ ॥ ਆਦਿ ਪੁਰਖੁ ਆਪੇ ਸ੍ਰਿਸਟਿ ਸਾਜੇ ॥ ਜੀਅ ਜੰਤ ਮਾਇਆ ਮੋਹਿ ਪਾਜੇ ॥ ਦੂਜੈ ਭਾਇ ਪਰਪੰਚਿ ਲਾਗੇ ॥ ਆਵਹਿ ਜਾਵਹਿ ਮਰਹਿ ਅਭਾਗੇ ॥ ਸਤਿਗੁਰਿ ਭੇਟਿਐ ਸੋਝੀ ਪਾਇ ॥ ਪਰਪੰਚੁ ਚੂਕੈ ਸਚਿ ਸਮਾਇ ॥੧॥ ਜਾ ਕੈ ਮਸਤਕਿ ਲਿਖਿਆ ਲੇਖੁ ॥ ਤਾ ਕੈ ਮਨਿ ਵਸਿਆ ਪ੍ਰਭੁ ਏਕੁ ॥੧॥ ਰਹਾਉ ॥ ਸ੍ਰਿਸਟਿ ਉਪਾਇ ਆਪੇ ਸਭੁ ਵੇਖੈ ॥ ਕੋਇ ਨ ਮੇਟੈ ਤੇਰੈ ਲੇਖੈ ॥ ਸਿਧ ਸਾਧਿਕ ਜੇ ਕੋ ਕਹੈ ਕਹਾਏ ॥ ਭਰਮੇ ਭੂਲਾ ਆਵੈ ਜਾਏ ॥ ਸਤਿਗੁਰੁ ਸੇਵੈ ਸੋ ਜਨੁ ਬੂਝੈ ॥ ਹਉਮੈ ਮਾਰੇ ਤਾ ਦਰੁ ਸੂਝੈ ॥੨॥ ਏਕਸੁ ਤੇ ਸਭੁ ਦੂਜਾ ਹੂਆ ॥ ਏਕੋ ਵਰਤੈ ਅਵਰੁ ਨ ਬੀਆ ॥ ਦੂਜੇ ਤੇ ਜੇ ਏਕੋ ਜਾਣੈ ॥ ਗੁਰ ਕੈ ਸਬਦਿ ਹਰਿ ਦਰਿ ਨੀਸਾਣੈ ॥ ਸਤਿਗੁਰੁ ਭੇਟੇ ਤਾ ਏਕੋ ਪਾਏ ॥ ਵਿਚਹੁ ਦੂਜਾ ਠਾਕਿ ਰਹਾਏ ॥੩॥ ਜਿਸ ਦਾ ਸਾਹਿਬੁ ਡਾਢਾ ਹੋਇ ॥ ਤਿਸ ਨੋ ਮਾਰਿ ਨ ਸਾਕੈ ਕੋਇ ॥ ਸਾਹਿਬ ਕੀ ਸੇਵਕੁ ਰਹੈ ਸਰਣਾਈ ॥ ਆਪੇ ਬਖਸੇ ਦੇ ਵਡਿਆਈ ॥ ਤਿਸ ਤੇ ਊਪਰਿ ਨਾਹੀ ਕੋਇ ॥ ਕਉਣੁ ਡਰੈ ਡਰੁ ਕਿਸ ਕਾ ਹੋਇ ॥੪॥ ਗੁਰਮਤੀ ਸਾਂਤਿ ਵਸੈ ਸਰੀਰ ॥ ਸਬਦੁ ਚੀਨਿ੍ ਫਿਰਿ ਲਗੈ ਨ ਪੀਰ ॥ ਆਵੈ ਨ ਜਾਇ ਨਾ ਦੁਖੁ ਪਾਏ ॥ ਨਾਮੇ ਰਾਤੇ ਸਹਜਿ ਸਮਾਏ ॥ ਨਾਨਕ ਗੁਰਮੁਖਿ ਵੇਖੈ ਹਦੂਰਿ ॥ ਮੇਰਾ ਪ੍ਰਭੁ ਸਦ ਰਹਿਆ ਭਰਪੂਰਿ ॥੫॥ ਇਕਿ ਸੇਵਕ ਇਕਿ ਭਰਮਿ ਭੁਲਾਏ ॥ ਆਪੇ ਕਰੇ ਹਰਿ ਆਪਿ ਕਰਾਏ ॥ ਏਕੋ ਵਰਤੈ ਅਵਰੁ ਨ ਕੋਇ ॥ ਮਨਿ ਰੋਸੁ ਕੀਜੈ ਜੇ ਦੂਜਾ ਹੋਇ ॥ ਸਤਿਗੁਰੁ ਸੇਵੇ ਕਰਣੀ ਸਾਰੀ ॥ ਦਰਿ ਸਾਚੈ ਸਾਚੇ ਵੀਚਾਰੀ ॥੬॥ ਥਿਤੀ ਵਾਰ ਸਭਿ ਸਬਦਿ ਸੁਹਾਏ ॥ ਸਤਿਗੁਰੁ ਸੇਵੇ ਤਾ ਫਲੁ ਪਾਏ ॥ ਥਿਤੀ ਵਾਰ ਸਭਿ ਆਵਹਿ ਜਾਹਿ ॥ ਗੁਰ ਸਬਦੁ ਨਿਹਚਲੁ ਸਦਾ ਸਚਿ ਸਮਾਹਿ ॥ ਥਿਤੀ ਵਾਰ ਤਾ ਜਾ ਸਚਿ ਰਾਤੇ ॥ ਬਿਨੁ ਨਾਵੈ ਸਭਿ ਭਰਮਹਿ ਕਾਚੇ ॥੭॥ ਮਨਮੁਖ ਮਰਹਿ ਮਰਿ ਬਿਗਤੀ ਜਾਹਿ ॥ ਏਕੁ ਨ ਚੇਤਹਿ ਦੂਜੈ ਲੋਭਾਹਿ ॥ ਅਚੇਤ ਪਿੰਡੀ ਅਗਿਆਨ ਅੰਧਾਰੁ ॥ ਬਿਨੁ ਸਬਦੈ ਕਿਉ ਪਾਏ ਪਾਰੁ ॥ ਆਪਿ ਉਪਾਏ ਉਪਾਵਣਹਾਰੁ ॥ ਆਪੇ ਕੀਤੋਨੁ ਗੁਰ ਵੀਚਾਰੁ ॥੮॥ ਬਹੁਤੇ ਭੇਖ ਕਰਹਿ ਭੇਖਧਾਰੀ ॥ ਭਵਿ ਭਵਿ ਭਰਮਹਿ ਕਾਚੀ ਸਾਰੀ ॥ ਐਥੈ

ਸੁਖੁ ਨ ਆਗੈ ਹੋਇ ॥ ਮਨਮੁਖ ਮੁਏ ਅਪਣਾ ਜਨਮੁ ਖੋਇ ॥ ਸਤਿਗੁਰੁ ਸੇਵੇ ਭਰਮੁ ਚੁਕਾਏ ॥ ਘਰ ਹੀ ਅੰਦਰਿ ਸਚੁ ਮਹਲੁ ਪਾਏ ॥੯॥ ਆਪੇ ਪੂਰਾ ਕਰੇ ਸੁ ਹੋਇ ॥ ਏਹਿ ਥਿਤੀ ਵਾਰ ਦੂਜਾ ਦੋਇ ॥ ਸਤਿਗੁਰ ਬਾਝਹੁ ਅੰਧੁ ਗੁਬਾਰੁ ॥ ਥਿਤੀ ਵਾਰ ਸੇਵਹਿ ਮੁਗਧ ਗਵਾਰ ॥ ਨਾਨਕ ਗੁਰਮੁਖਿ ਬੂਝੈ ਸੋਝੀ ਪਾਇ ॥ ਇਕਤੁ ਨਾਮਿ ਸਦਾ ਰਹਿਆ ਸਮਾਇ ॥੧੦॥੨॥

ਬਿਲਾਵਲੁ ਮਹਲਾ ੧ ਛੰਤ ਦਖਣੀ ੴ ਸਤਿਗੁਰ ਪ੍ਰਸਾਦਿ ॥

ਮੁੰਧ ਨਵੇਲੜੀਆ ਗੋਇਲਿ ਆਈ ਰਾਮ ॥ ਮਟੁਕੀ ਡਾਰਿ ਧਰੀ ਹਰਿ ਲਿਵ ਲਾਈ ਰਾਮ ॥ ਲਿਵ ਲਾਇ ਹਰਿ ਸਿਉ ਰਹੀ ਗੋਇਲਿ ਸਹਜਿ ਸਬਦਿ ਸੀਗਾਰੀਆ ॥ ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਮਿਲਹੁ ਸਾਚਿ ਪਿਆਰੀਆ ॥ ਧਨ ਭਾਇ ਭਗਤੀ ਦੇਖਿ ਪ੍ਰੀਤਮ ਕਾਮ ਕ੍ਰੋਧੁ ਨਿਵਾਰਿਆ ॥ ਨਾਨਕ ਮੁੰਧ ਨਵੇਲ ਸੁੰਦਰਿ ਦੇਖਿ ਪਿਰੁ ਸਾਧਾਰਿਆ ॥੧॥ ਸਚਿ ਨਵੇਲੜੀਏ ਜੋਬਨਿ ਬਾਲੀ ਰਾਮ ॥ ਆਉ ਨ ਜਾਉ ਕਹੀ ਅਪਨੇ ਸਹ ਨਾਲੀ ਰਾਮ ॥ ਨਾਹ ਅਪਨੇ ਸੰਗਿ ਦਾਸੀ ਮੈ ਭਗਤਿ ਹਰਿ ਕੀ ਭਾਵਏ ॥ ਅਗਾਧਿ ਬੋਧਿ ਅਕਥੁ ਕਥੀਐ ਸਹਜਿ ਪ੍ਰਭ ਗੁਣ ਗਾਵਏ ॥ ਰਾਮ ਨਾਮ ਰਸਾਲ ਰਸੀਆ ਰਵੈ ਸਾਚਿ ਪਿਆਰੀਆ ॥ ਗੁਰਿ ਸਬਦੁ ਦੀਆ ਦਾਨੁ ਕੀਆ ਨਾਨਕਾ ਵੀਚਾਰੀਆ ॥੨॥ ਸ੍ਰੀਧਰ ਮੋਹਿਅੜੀ ਪਿਰ ਸੰਗਿ ਸੂਤੀ ਰਾਮ ॥ ਗੁਰ ਕੈ ਭਾਇ ਚਲੋ ਸਾਚਿ ਸੰਗੂਤੀ ਰਾਮ ॥ ਧਨ ਸਾਚਿ ਸੰਗੂਤੀ ਹਰਿ ਸੰਗਿ ਸੂਤੀ ਸੰਗਿ ਸਖੀ ਸਹੇਲੀਆ ॥ ਇਕ ਭਾਇ ਇਕ ਮਨਿ ਨਾਮੁ ਵਸਿਆ ਸਤਿਗੁਰੂ ਹਮ ਮੇਲੀਆ ॥ ਦਿਨੁ ਰੈਣਿ ਘੜੀ ਨ ਚਸਾ ਵਿਸਰੈ ਸਾਸਿ ਸਾਸਿ ਨਿਰੰਜਨੋ ॥ ਸਬਦਿ ਜੋਤਿ ਜਗਾਇ ਦੀਪਕੁ ਨਾਨਕਾ ਭਉ ਭੰਜਨੋ ॥੩॥ ਜੋਤਿ ਸਬਾਇੜੀਏ ਤ੍ਰਿਭਵਣ ਸਾਰੇ ਰਾਮ ॥ ਘਟਿ ਘਟਿ ਰਵਿ ਰਹਿਆ ਅਲਖ ਅਪਾਰੇ ਰਾਮ ॥ ਅਲਖ ਅਪਾਰ ਅਪਾਰੁ ਸਾਚਾ ਆਪੁ ਮਾਰਿ ਮਿਲਾਈਐ ॥ ਹਉਮੈ ਮਮਤਾ ਲੋਭੁ ਜਾਲਹੁ ਸਬਦਿ ਮੈਲੁ ਚੁਕਾਈਐ ॥ ਦਰਿ ਜਾਇ ਦਰਸਨੁ ਕਰੀ ਭਾਣੈ ਤਾਰਿ ਤਾਰਣਹਾਰਿਆ ॥ ਹਰਿ ਨਾਮੁ ਅੰਮ੍ਰਿਤੁ ਚਾਖਿ ਤ੍ਰਿਪਤੀ ਨਾਨਕਾ ਉਰ ਧਾਰਿਆ ॥੪॥੧॥ ਬਿਲਾਵਲੁ ਮਹਲਾ ੧ ॥ ਮੈ ਮਨਿ ਚਾਉ ਘਣਾ ਸਾਚਿ ਵਿਗਾਸੀ ਰਾਮ ॥ ਮੋਹੀ ਪ੍ਰੇਮ ਪਿਰੇ ਪ੍ਰਭਿ ਅਬਿਨਾਸੀ ਰਾਮ ॥ ਅਵਿਗਤੋ ਹਰਿ ਨਾਥੁ ਨਾਥਹ ਤਿਸੈ ਭਾਵੈ ਸੋ ਥੀਐ ॥ ਕਿਰਪਾਲੁ ਸਦਾ ਦਇਆਲੁ ਦਾਤਾ

ਜੀਆ ਅੰਦਰਿ ਤੂੰ ਜੀਐ ॥ ਮੈ ਅਵਰੁ ਗਿਆਨੁ ਨ ਧਿਆਨੁ ਪੂਜਾ ਹਰਿ ਨਾਮੁ ਅੰਤਰਿ ਵਸਿ ਰਹੇ ॥ ਭੇਖੁ ਭਵਨੀ ਹਠੁ ਨ ਜਾਨਾ ਨਾਨਕਾ ਸਚੁ ਗਹਿ ਰਹੇ ॥੧॥ ਭਿੰਨੜੀ ਰੈਣਿ ਭਲੀ ਦਿਨਸ ਸੁਹਾਏ ਰਾਮ ॥ ਨਿਜ ਘਰਿ ਸੂਤੜੀਏ ਪਿਰਮੁ ਜਗਾਏ ਰਾਮ ॥ ਨਵ ਹਾਣਿ ਨਵ ਧਨ ਸਬਦਿ ਜਾਗੀ ਆਪਣੇ ਪਿਰ ਭਾਣੀਆ ॥ ਤਜਿ ਕੂੜੁ ਕਪਟੁ ਸੁਭਾਉ ਦੂਜਾ ਚਾਕਰੀ ਲੋਕਾਣੀਆ ॥ ਮੈ ਨਾਮੁ ਹਰਿ ਕਾ ਹਾਰੁ ਕੰਠੇ ਸਾਚ ਸਬਦੁ ਨੀਸਾਣਿਆ ॥ ਕਰ ਜੋੜਿ ਨਾਨਕੁ ਸਾਚੁ ਮਾਗੈ ਨਦਰਿ ਕਰਿ ਤੁਧੁ ਭਾਣਿਆ ॥੨॥ ਜਾਗੁ ਸਲੋਨੜੀਏ ਬੋਲੈ ਗੁਰਬਾਣੀ ਰਾਮ ॥ ਜਿਨਿ ਸੁਣਿ ਮੰਨਿਅੜੀ ਅਕਥ ਕਹਾਣੀ ਰਾਮ ॥ ਅਕਥ ਕਹਾਣੀ ਪਦੁ ਨਿਰਬਾਣੀ ਕੋ ਵਿਰਲਾ ਗੁਰਮੁਖਿ ਬੂਝਏ ॥ ਓਹੁ ਸਬਦਿ ਸਮਾਏ ਆਪੁ ਗਵਾਏ ਤ੍ਰਿਭਵਣ ਸੋਝੀ ਸੂਝਏ ॥ ਰਹੈ ਅਤੀਤੁ ਅਪਰੰਪਰਿ ਰਾਤਾ ਸਾਚੁ ਮਨਿ ਗੁਣ ਸਾਰਿਆ ॥ ਓਹੁ ਪੂਰਿ ਰਹਿਆ ਸਰਬ ਠਾਈ ਨਾਨਕਾ ਉਰਿ ਧਾਰਿਆ ॥੩॥ ਮਹਲਿ ਬੁਲਾਇੜੀਏ ਭਗਤਿ ਸਨੇਹੀ ਰਾਮ ॥ ਗੁਰਮਤਿ ਮਨਿ ਰਹਸੀ ਸੀਝਸਿ ਦੇਹੀ ਰਾਮ ॥ ਮਨੁ ਮਾਰਿ ਰੀਝੈ ਸਬਦਿ ਸੀਝੈ ਤ੍ਰੈ ਲੋਕ ਨਾਥੁ ਪਛਾਣਏ ॥ ਮਨੁ ਡੀਗਿ ਡੋਲਿ ਨ ਜਾਇ ਕਤ ਹੀ ਆਪਣਾ ਪਿਰੁ ਜਾਣਏ ॥ ਮੈ ਆਧਾਰੁ ਤੇਰਾ ਤੂ ਖਸਮੁ ਮੇਰਾ ਮੈ ਤਾਣੁ ਤਕੀਆ ਤੇਰਓ ॥ ਸਾਚਿ ਸੂਚਾ ਸਦਾ ਨਾਨਕ ਗੁਰ ਸਬਦਿ ਝਗਰੁ ਨਿਬੇਰਓ ॥੪॥੨॥

ਛੰਤ ਬਿਲਾਵਲੁ ਮਹਲਾ ੪ ਮੰਗਲ ੴ ਸਤਿਗੁਰ ਪ੍ਰਸਾਦਿ ॥

ਮੇਰਾ ਹਰਿ ਪ੍ਰਭੁ ਸੇਜੈ ਆਇਆ ਮਨੁ ਸੁਖਿ ਸਮਾਣਾ ਰਾਮ ॥ ਗੁਰਿ ਤੁਠੈ ਹਰਿ ਪ੍ਰਭੁ ਪਾਇਆ ਰੰਗਿ ਰਲੀਆ ਮਾਣਾ ਰਾਮ ॥ ਵਡਭਾਗੀਆ ਸੋਹਾਗਣੀ ਹਰਿ ਮਸਤਕਿ ਮਾਣਾ ਰਾਮ ॥ ਹਰਿ ਪ੍ਰਭੁ ਹਰਿ ਸੋਹਾਗੁ ਹੈ ਨਾਨਕ ਮਨਿ ਭਾਣਾ ਰਾਮ ॥੧॥ ਨਿੰਮਾਣਿਆ ਹਰਿ ਮਾਣੁ ਹੈ ਹਰਿ ਪ੍ਰਭੁ ਹਰਿ ਆਪੈ ਰਾਮ ॥ ਗੁਰਮੁਖਿ ਆਪੁ ਗਵਾਇਆ ਨਿਤ ਹਰਿ ਹਰਿ ਜਾਪੈ ਰਾਮ ॥ ਮੇਰੇ ਹਰਿ ਪ੍ਰਭ ਭਾਵੈ ਸੋ ਕਰੈ ਹਰਿ ਰੰਗਿ ਹਰਿ ਰਾਪੈ ਰਾਮ ॥ ਜਨੁ ਨਾਨਕੁ ਸਹਜਿ ਮਿਲਾਇਆ ਹਰਿ ਰਸਿ ਹਰਿ ਧ੍ਰਾਪੈ ਰਾਮ ॥੨॥ ਮਾਣਸ ਜਨਮਿ ਹਰਿ ਪਾਈਐ ਹਰਿ ਰਾਵਣ ਵੇਰਾ ਰਾਮ ॥ ਗੁਰਮੁਖਿ ਮਿਲੁ ਸੋਹਾਗਣੀ ਰੰਗੁ ਹੋਇ ਘਣੇਰਾ ਰਾਮ ॥ ਜਿਨ ਮਾਣਸ ਜਨਮਿ ਨ ਪਾਇਆ ਤਿਨ੍ ਭਾਗੁ ਮੰਦੇਰਾ ਰਾਮ ॥ ਹਰਿ ਹਰਿ ਹਰਿ ਹਰਿ ਰਾਖੁ ਪ੍ਰਭ ਨਾਨਕੁ ਜਨੁ ਤੇਰਾ ਰਾਮ ॥੩॥ ਗੁਰਿ ਹਰਿ ਪ੍ਰਭੁ ਅਗਮੁ ਦ੍ਰਿੜਾਇਆ ਮਨੁ ਤਨੁ ਰੰਗਿ ਭੀਨਾ ਰਾਮ ॥

ਭਗਤਿ ਵਛਲੁ ਹਰਿ ਨਾਮੁ ਹੈ ਗੁਰਮੁਖਿ ਹਰਿ ਲੀਨਾ ਰਾਮ ॥ ਬਿਨੁ ਹਰਿ ਨਾਮ ਨ ਜੀਵਦੇ ਜਿਉ ਜਲ ਬਿਨੁ ਮੀਨਾ ਰਾਮ ॥ ਸਫਲ ਜਨਮੁ ਹਰਿ ਪਾਇਆ ਨਾਨਕ ਪ੍ਰਭਿ ਕੀਨਾ ਰਾਮ ॥੪॥੧॥੩॥ ਬਿਲਾਵਲੁ ਮਹਲਾ ੪ ਸਲੋਕੁ ॥ ਹਰਿ ਪ੍ਰਭੁ ਸਜਣੁ ਲੋੜਿ ਲਹੁ ਮਨਿ ਵਸੈ ਵਡਭਾਗੁ ॥ ਗੁਰਿ ਪੂਰੈ ਵੇਖਾਲਿਆ ਨਾਨਕ ਹਰਿ ਲਿਵ ਲਾਗੁ ॥੧॥ ਛੰਤ ॥ ਮੇਰਾ ਹਰਿ ਪ੍ਰਭੁ ਰਾਵਣਿ ਆਈਆ ਹਉਮੈ ਬਿਖੁ ਝਾਗੇ ਰਾਮ ॥ ਗੁਰਮਤਿ ਆਪੁ ਮਿਟਾਇਆ ਹਰਿ ਹਰਿ ਲਿਵ ਲਾਗੇ ਰਾਮ ॥ ਅੰਤਰਿ ਕਮਲੁ ਪਰਗਾਸਿਆ ਗੁਰ ਗਿਆਨੀ ਜਾਗੇ ਰਾਮ ॥ ਜਨ ਨਾਨਕ ਹਰਿ ਪ੍ਰਭੁ ਪਾਇਆ ਪੂਰੈ ਵਡਭਾਗੇ ਰਾਮ ॥੧॥ ਹਰਿ ਪ੍ਰਭੁ ਹਰਿ ਮਨਿ ਭਾਇਆ ਹਰਿ ਨਾਮਿ ਵਧਾਈ ਰਾਮ ॥ ਗੁਰਿ ਪੂਰੈ ਪ੍ਰਭੁ ਪਾਇਆ ਹਰਿ ਹਰਿ ਲਿਵ ਲਾਈ ਰਾਮ ॥ ਅਗਿਆਨੁ ਅੰਧੇਰਾ ਕਟਿਆ ਜੋਤਿ ਪਰਗਟਿਆਈ ਰਾਮ ॥ ਜਨ ਨਾਨਕ ਨਾਮੁ ਅਧਾਰੁ ਹੈ ਹਰਿ ਨਾਮਿ ਸਮਾਈ ਰਾਮ ॥੨॥ ਧਨ ਹਰਿ ਪ੍ਰਭਿ ਪਿਆਰੈ ਰਾਵੀਆ ਜਾਂ ਹਰਿ ਪ੍ਰਭ ਭਾਈ ਰਾਮ ॥ ਅਖੀ ਪ੍ਰੇਮ ਕਸਾਈਆ ਜਿਉ ਬਿਲਕ ਮਸਾਈ ਰਾਮ ॥ ਗੁਰਿ ਪੂਰੈ ਹਰਿ ਮੇਲਿਆ ਹਰਿ ਰਸਿ ਆਘਾਈ ਰਾਮ ॥ ਜਨ ਨਾਨਕ ਨਾਮਿ ਵਿਗਸਿਆ ਹਰਿ ਹਰਿ ਲਿਵ ਲਾਈ ਰਾਮ ॥੩॥ ਹਮ ਮੂਰਖ ਮੁਗਧ ਮਿਲਾਇਆ ਹਰਿ ਕਿਰਪਾ ਧਾਰੀ ਰਾਮ ॥ ਧਨੁ ਧੰਨੁ ਗੁਰੂ ਸਾਬਾਸਿ ਹੈ ਜਿਨਿ ਹਉਮੈ ਮਾਰੀ ਰਾਮ ॥ ਜਿਨ੍ ਵਡਭਾਗੀਆ ਵਡਭਾਗੁ ਹੈ ਹਰਿ ਹਰਿ ਉਰ ਧਾਰੀ ਰਾਮ ॥ ਜਨ ਨਾਨਕ ਨਾਮੁ ਸਲਾਹਿ ਤੂ ਨਾਮੇ ਬਲਿਹਾਰੀ ਰਾਮ ॥੪॥੨॥੪॥

ਬਿਲਾਵਲੁ ਮਹਲਾ ੫ ਛੰਤ ੴ ਸਤਿਗੁਰ ਪ੍ਰਸਾਦਿ ॥

ਮੰਗਲ ਸਾਜੁ ਭਇਆ ਪ੍ਰਭੁ ਅਪਨਾ ਗਾਇਆ ਰਾਮ ॥ ਅਬਿਨਾਸੀ ਵਰੁ ਸੁਣਿਆ ਮਨਿ ਉਪਜਿਆ ਚਾਇਆ ਰਾਮ ॥ ਮਨਿ ਪ੍ਰੀਤਿ ਲਾਗੈ ਵਡੈ ਭਾਗੈ ਕਬ ਮਿਲੀਐ ਪੂਰਨ ਪਤੇ ॥ ਸਹਜੇ ਸਮਾਈਐ ਗੋਵਿੰਦੁ ਪਾਈਐ ਦੇਹੁ ਸਖੀਏ ਮੋਹਿ ਮਤੇ ॥ ਦਿਨੁ ਰੈਣਿ ਠਾਢੀ ਕਰਉ ਸੇਵਾ ਪ੍ਰਭੁ ਕਵਨ ਜੁਗਤੀ ਪਾਇਆ ॥ ਬਿਨਵੰਤਿ ਨਾਨਕ ਕਰਹੁ ਕਿਰਪਾ ਲੈਹੁ ਮੋਹਿ ਲੜਿ ਲਾਇਆ ॥੧॥ ਭਇਆ ਸਮਾਹੜਾ ਹਰਿ ਰਤਨੁ ਵਿਸਾਹਾ ਰਾਮ ॥ ਖੋਜੀ ਖੋਜਿ ਲਧਾ ਹਰਿ ਸੰਤਨ ਪਾਹਾ ਰਾਮ ॥ ਮਿਲੇ ਸੰਤ ਪਿਆਰੇ ਦਇਆ ਧਾਰੇ ਕਥਹਿ ਅਕਥ ਬੀਚਾਰੋ ॥ ਇਕ ਚਿਤਿ ਇਕ ਮਨਿ ਧਿਆਇ ਸੁਆਮੀ ਲਾਇ ਪ੍ਰੀਤਿ ਪਿਆਰੋ ॥ ਕਰ ਜੋੜਿ ਪ੍ਰਭ ਪਹਿ ਕਰਿ ਬਿਨੰਤੀ ਮਿਲੈ ਹਰਿ ਜਸੁ ਲਾਹਾ ॥ ਬਿਨਵੰਤਿ ਨਾਨਕ ਦਾਸੁ ਤੇਰਾ

ਮੇਰਾ ਪ੍ਰਭੁ ਅਗਮ ਅਥਾਹਾ ॥੨॥ ਸਾਹਾ ਅਟਲੁ ਗਣਿਆ ਪੂਰਨ ਸੰਜੋਗੋ ਰਾਮ ॥ ਸੁਖਹ ਸਮੂਹ ਭਇਆ ਗਇਆ ਵਿਜੋਗੋ ਰਾਮ ॥ ਮਿਲਿ ਸੰਤ ਆਏ ਪ੍ਰਭ ਧਿਆਏ ਬਣੇ ਅਚਰਜ ਜਾਞੀਆਂ ॥ ਮਿਲਿ ਇਕਤ੍ਰ ਹੋਏ ਸਹਜਿ ਢੋਏ ਮਨਿ ਪ੍ਰੀਤਿ ਉਪਜੀ ਮਾਞੀਆ ॥ ਮਿਲਿ ਜੋਤਿ ਜੋਤੀ ਓਤਿ ਪੋਤੀ ਹਰਿ ਨਾਮੁ ਸਭਿ ਰਸ ਭੋਗੋ ॥ ਬਿਨਵੰਤਿ ਨਾਨਕ ਸਭ ਸੰਤਿ ਮੇਲੀ ਪ੍ਰਭੁ ਕਰਣ ਕਾਰਣ ਜੋਗੋ ॥੩॥ ਭਵਨੁ ਸੁਹਾਵੜਾ ਧਰਤਿ ਸਭਾਗੀ ਰਾਮ ॥ ਪ੍ਰਭੁ ਘਰਿ ਆਇਅੜਾ ਗੁਰ ਚਰਣੀ ਲਾਗੀ ਰਾਮ ॥ ਗੁਰ ਚਰਣ ਲਾਗੀ ਸਹਜਿ ਜਾਗੀ ਸਗਲ ਇਛਾ ਪੁੰਨੀਆ ॥ ਮੇਰੀ ਆਸ ਪੂਰੀ ਸੰਤ ਧੂਰੀ ਹਰਿ ਮਿਲੇ ਕੰਤ ਵਿਛੁੰਨਿਆ ॥ ਆਨੰਦ ਅਨਦਿਨੁ ਵਜਹਿ ਵਾਜੇ ਅਹੰ ਮਤਿ ਮਨ ਕੀ ਤਿਆਗੀ ॥ ਬਿਨਵੰਤਿ ਨਾਨਕ ਸਰਣਿ ਸੁਆਮੀ ਸੰਤਸੰਗਿ ਲਿਵ ਲਾਗੀ ॥੪॥੧॥ ਬਿਲਾਵਲੁ ਮਹਲਾ ੫ ॥ ਭਾਗ ਸੁਲਖਣਾ ਹਰਿ ਕੰਤੁ ਹਮਾਰਾ ਰਾਮ ॥ ਅਨਹਦ ਬਾਜਿਤ੍ਰਾ ਤਿਸੁ ਧੁਨਿ ਦਰਬਾਰਾ ਰਾਮ ॥ ਆਨੰਦ ਅਨਦਿਨੁ ਵਜਹਿ ਵਾਜੇ ਦਿਨਸੁ ਰੈਣਿ ਉਮਾਹਾ ॥ ਤਹ ਰੋਗ ਸੋਗ ਨ ਦੂਖੁ ਬਿਆਪੈ ਜਨਮ ਮਰਣੁ ਨ ਤਾਹਾ ॥ ਰਿਧਿ ਸਿਧਿ ਸੁਧਾ ਰਸੁ ਅੰਮ੍ਰਿਤੁ ਭਗਤਿ ਭਰੇ ਭੰਡਾਰਾ ॥ ਬਿਨਵੰਤਿ ਨਾਨਕ ਬਲਿਹਾਰਿ ਵੰਞਾ ਪਾਰਬ੍ਰਹਮ ਪ੍ਰਾਨ ਅਧਾਰਾ ॥੧॥ ਸੁਣਿ ਸਖੀਅ ਸਹੇਲੜੀਹੋ ਮਿਲਿ ਮੰਗਲੁ ਗਾਵਹ ਰਾਮ ॥ ਮਨਿ ਤਨਿ ਪ੍ਰੇਮੁ ਕਰੇ ਤਿਸੁ ਪ੍ਰਭ ਕਉ ਰਾਵਹ ਰਾਮ ॥ ਕਰਿ ਪ੍ਰੇਮੁ ਰਾਵਹ ਤਿਸੈ ਭਾਵਹ ਇਕ ਨਿਮਖ ਪਲਕ ਨ ਤਿਆਗੀਐ ॥ ਗਹਿ ਕੰਠਿ ਲਾਈਐ ਨਹ ਲਜਾਈਐ ਚਰਨ ਰਜ ਮਨੁ ਪਾਗੀਐ ॥ ਭਗਤਿ ਠਗਉਰੀ ਪਾਇ ਮੋਹਹ ਅਨਤ ਕਤਹੂ ਨ ਧਾਵਹ ॥ ਬਿਨਵੰਤਿ ਨਾਨਕ ਮਿਲਿ ਸੰਗਿ ਸਾਜਨ ਅਮਰ ਪਦਵੀ ਪਾਵਹ ॥੨॥ ਬਿਸਮਨ ਬਿਸਮ ਭਈ ਪੇਖਿ ਗੁਣ ਅਬਿਨਾਸੀ ਰਾਮ ॥ ਕਰੁ ਗਹਿ ਭੁਜਾ ਗਹੀ ਕਟਿ ਜਮ ਕੀ ਫਾਸੀ ਰਾਮ ॥ ਗਹਿ ਭੁਜਾ ਲੀਨ੍ਹ੍ਹੀ ਦਾਸਿ ਕੀਨ੍ਹ੍ਹੀ ਅੰਕੁਰਿ ਉਦੋਤੁ ਜਣਾਇਆ ॥ ਮਲਨ ਮੋਹ ਬਿਕਾਰ ਨਾਠੇ ਦਿਵਸ ਨਿਰਮਲ ਆਇਆ ॥ ਦ੍ਰਿਸਟਿ ਧਾਰੀ ਮਨਿ ਪਿਆਰੀ ਮਹਾ ਦੁਰਮਤਿ ਨਾਸੀ ॥ ਬਿਨਵੰਤਿ ਨਾਨਕ ਭਈ ਨਿਰਮਲ ਪ੍ਰਭ ਮਿਲੇ ਅਬਿਨਾਸੀ ॥੩॥ ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ ॥ ਜੋਤੀ ਜੋਤਿ ਰਲੀ ਸੰਪੂਰਨੁ ਥੀਆ ਰਾਮ ॥ ਬ੍ਰਹਮੁ ਦੀਸੈ ਬ੍ਰਹਮੁ ਸੁਣੀਐ ਏਕੁ ਏਕੁ ਵਖਾਣੀਐ ॥ ਆਤਮ ਪਸਾਰਾ ਕਰਣਹਾਰਾ ਪ੍ਰਭ ਬਿਨਾ ਨਹੀ ਜਾਣੀਐ ॥ ਆਪਿ ਕਰਤਾ ਆਪਿ ਭੁਗਤਾ ਆਪਿ ਕਾਰਣੁ ਕੀਆ ॥ ਬਿਨਵੰਤਿ ਨਾਨਕ ਸੇਈ ਜਾਣਹਿ ਜਿਨ੍ਹ੍ਹੀ ਹਰਿ ਰਸੁ ਪੀਆ ॥੪॥੨॥

ਬਿਲਾਵਲੁ ਮਹਲਾ ੫ ਛੰਤ ੴ ਸਤਿਗੁਰ ਪ੍ਰਸਾਦਿ ॥

ਸਖੀ ਆਉ ਸਖੀ ਵਸਿ ਆਉ ਸਖੀ ਅਸੀ ਪਿਰ ਕਾ ਮੰਗਲੁ ਗਾਵਹ ॥ ਤਜਿ ਮਾਨੁ ਸਖੀ ਤਜਿ ਮਾਨੁ ਸਖੀ ਮਤੁ
ਆਪਣੇ ਪ੍ਰੀਤਮ ਭਾਵਹ ॥ ਤਜਿ ਮਾਨੁ ਮੋਹੁ ਬਿਕਾਰੁ ਦੂਜਾ ਸੇਵਿ ਏਕੁ ਨਿਰੰਜਨੋ ॥ ਲਗੁ ਚਰਣ ਸਰਣ ਦਇਆਲ
ਪ੍ਰੀਤਮ ਸਗਲ ਦੁਰਤ ਬਿਖੰਡਨੋ ॥ ਹੋਇ ਦਾਸ ਦਾਸੀ ਤਜਿ ਉਦਾਸੀ ਬਹੁੜਿ ਬਿਧੀ ਨ ਧਾਵਾ ॥ ਨਾਨਕੁ ਪਇਅੰਪੈ
ਕਰਹੁ ਕਿਰਪਾ ਤਾਮਿ ਮੰਗਲੁ ਗਾਵਾ ॥੧॥ ਅੰਮ੍ਰਿਤੁ ਪ੍ਰਿਅ ਕਾ ਨਾਮੁ ਮੈ ਅੰਧੁਲੇ ਟੋਹਨੀ ॥ ਓਹ ਜੋਹੈ ਬਹੁ ਪਰਕਾਰ
ਸੁੰਦਰਿ ਮੋਹਨੀ ॥ ਮੋਹਨੀ ਮਹਾ ਬਚਿਤ੍ਰਿ ਚੰਚਲਿ ਅਨਿਕ ਭਾਵ ਦਿਖਾਵਏ ॥ ਹੋਇ ਢੀਠ ਮੀਠੀ ਮਨਹਿ ਲਾਗੈ ਨਾਮੁ
ਲੈਣ ਨ ਆਵਏ ॥ ਗ੍ਰਿਹ ਬਨਹਿ ਤੀਰੈ ਬਰਤ ਪੂਜਾ ਬਾਟ ਘਾਟੈ ਜੋਹਨੀ ॥ ਨਾਨਕੁ ਪਇਅੰਪੈ ਦਇਆ ਧਾਰਹੁ ਮੈ
ਨਾਮੁ ਅੰਧੁਲੇ ਟੋਹਨੀ ॥੨॥ ਮੋਹਿ ਅਨਾਥ ਪ੍ਰਿਅ ਨਾਥ ਜਿਉ ਜਾਨਹੁ ਤਿਉ ਰਖਹੁ ॥ ਚਤੁਰਾਈ ਮੋਹਿ ਨਾਹਿ ਰੀਝਾਵਉ
ਕਹਿ ਮੁਖਹੁ ॥ ਨਹ ਚਤੁਰਿ ਸੁਘਰਿ ਸੁਜਾਨ ਬੇਤੀ ਮੋਹਿ ਨਿਰਗੁਨਿ ਗੁਨੁ ਨਹੀ ॥ ਨਹ ਰੂਪ ਧੂਪ ਨ ਨੈਣ ਬੰਕੇ ਜਹ ਭਾਵੈ
ਤਹ ਰਖੁ ਤੁਹੀ ॥ ਜੈ ਜੈ ਜਇਅੰਪਹਿ ਸਗਲ ਜਾ ਕਉ ਕਰੁਣਾਪਤਿ ਗਤਿ ਕਿਨਿ ਲਖਹੁ ॥ ਨਾਨਕੁ ਪਇਅੰਪੈ ਸੇਵ
ਸੇਵਕੁ ਜਿਉ ਜਾਨਹੁ ਤਿਉ ਮੋਹਿ ਰਖਹੁ ॥੩॥ ਮੋਹਿ ਮਛੁਲੀ ਤੁਮ ਨੀਰ ਤੁਝ ਬਿਨੁ ਕਿਉ ਸਰੈ ॥ ਮੋਹਿ ਚਾਤ੍ਰਿਕ
ਤੁਮ੍ ਬੂੰਦ ਤ੍ਰਿਪਤਉ ਮੁਖਿ ਪਰੈ ॥ ਮੁਖਿ ਪਰੈ ਹਰੈ ਪਿਆਸ ਮੇਰੀ ਜੀਅ ਹੀਆ ਪ੍ਰਾਨਪਤੇ ॥ ਲਾਡਿਲੇ ਲਾਡ ਲਡਾਇ
ਸਭ ਮਹਿ ਮਿਲੁ ਹਮਾਰੀ ਹੋਇ ਗਤੇ ॥ ਚੀਤਿ ਚਿਤਵਉ ਮਿਟੁ ਅੰਧਾਰੇ ਜਿਉ ਆਸ ਚਕਵੀ ਦਿਨੁ ਚਰੈ ॥ ਨਾਨਕੁ
ਪਇਅੰਪੈ ਪ੍ਰਿਅ ਸੰਗਿ ਮੇਲੀ ਮਛੁਲੀ ਨੀਰੁ ਨ ਵੀਸਰੈ ॥੪॥ ਧਨਿ ਧੰਨਿ ਹਮਾਰੇ ਭਾਗ ਘਰਿ ਆਇਆ ਪਿਰੁ ਮੇਰਾ ॥
ਸੋਹੇ ਬੰਕ ਦੁਆਰ ਸਗਲਾ ਬਨੁ ਹਰਾ ॥ ਹਰ ਹਰਾ ਸੁਆਮੀ ਸੁਖਹ ਗਾਮੀ ਅਨਦ ਮੰਗਲ ਰਸੁ ਘਣਾ ॥ ਨਵਲ
ਨਵਤਨ ਨਾਹੁ ਬਾਲਾ ਕਵਨ ਰਸਨਾ ਗੁਨ ਭਣਾ ॥ ਮੇਰੀ ਸੇਜ ਸੋਹੀ ਦੇਖਿ ਮੋਹੀ ਸਗਲ ਸਹਸਾ ਦੁਖੁ ਹਰਾ ॥ ਨਾਨਕੁ
ਪਇਅੰਪੈ ਮੇਰੀ ਆਸ ਪੂਰੀ ਮਿਲੇ ਸੁਆਮੀ ਅਪਰੰਪਰਾ ॥੫॥੧॥੩॥

ਬਿਲਾਵਲੁ ਮਹਲਾ ੫ ਛੰਤ ਮੰਗਲ ੴ ਸਤਿਗੁਰ ਪ੍ਰਸਾਦਿ ॥ ਸਲੋਕੁ ॥ ਸੁੰਦਰ ਸਾਂਤਿ

ਦਇਆਲ ਪ੍ਰਭ ਸਰਬ ਸੁਖਾ ਨਿਧਿ ਪੀਉ ॥ ਸੁਖ ਸਾਗਰ ਪ੍ਰਭ ਭੇਟਿਐ ਨਾਨਕ ਸੁਖੀ ਹੋਤ ਇਹੁ ਜੀਉ ॥੧॥ ਛੰਤ ॥ ਸੁਖ ਸਾਗਰ ਪ੍ਰਭੁ ਪਾਈਐ ਜਬ ਹੋਵੈ ਭਾਗੋ ਰਾਮ ॥ ਮਾਨਨਿ ਮਾਨੁ ਵਞਾਈਐ ਹਰਿ ਚਰਣੀ ਲਾਗੋ ਰਾਮ ॥ ਛੋਡਿ ਸਿਆਨਪ ਚਾਤੁਰੀ ਦੁਰਮਤਿ ਬੁਧਿ ਤਿਆਗੋ ਰਾਮ ॥ ਨਾਨਕ ਪਉ ਸਰਣਾਈ ਰਾਮ ਰਾਇ ਥਿਰੁ ਹੋਇ ਸੁਹਾਗੋ ਰਾਮ ॥੧॥ ਸੋ ਪ੍ਰਭੁ ਤਜਿ ਕਤ ਲਾਗੀਐ ਜਿਸੁ ਬਿਨੁ ਮਰਿ ਜਾਈਐ ਰਾਮ ॥ ਲਾਜ ਨ ਆਵੈ ਅਗਿਆਨ ਮਤੀ ਦੁਰਜਨ ਬਿਰਮਾਈਐ ਰਾਮ ॥ ਪਤਿਤ ਪਾਵਨ ਪ੍ਰਭੁ ਤਿਆਗਿ ਕਰੇ ਕਹੁ ਕਤ ਠਹਰਾਈਐ ਰਾਮ ॥ ਨਾਨਕ ਭਗਤਿ ਭਾਉ ਕਰਿ ਦਇਆਲ ਕੀ ਜੀਵਨ ਪਦੁ ਪਾਈਐ ਰਾਮ ॥੨॥ ਸ੍ਰੀ ਗੋਪਾਲੁ ਨ ਉਚਰਹਿ ਬਲਿ ਗਈਏ ਦੁਹਚਾਰਣਿ ਰਸਨਾ ਰਾਮ ॥ ਪ੍ਰਭੁ ਭਗਤਿ ਵਛਲੁ ਨਹ ਸੇਵਹੀ ਕਾਇਆ ਕਾਕ ਗ੍ਰਸਨਾ ਰਾਮ ॥ ਭ੍ਰਮਿ ਮੋਹੀ ਦੂਖ ਨ ਜਾਣਹੀ ਕੋਟਿ ਜੋਨੀ ਬਸਨਾ ਰਾਮ ॥ ਨਾਨਕ ਬਿਨੁ ਹਰਿ ਅਵਰੁ ਜਿ ਚਾਹਨਾ ਬਿਸਟਾ ਕ੍ਰਿਮ ਭਸਮਾ ਰਾਮ ॥੩॥ ਲਾਇ ਬਿਰਹੁ ਭਗਵੰਤ ਸੰਗੇ ਹੋਇ ਮਿਲੁ ਬੈਰਾਗਨਿ ਰਾਮ ॥ ਚੰਦਨ ਚੀਰ ਸੁਗੰਧ ਰਸਾ ਹਉਮੈ ਬਿਖੁ ਤਿਆਗਨਿ ਰਾਮ ॥ ਈਤ ਊਤ ਨਹ ਡੋਲੀਐ ਹਰਿ ਸੇਵਾ ਜਾਗਨਿ ਰਾਮ ॥ ਨਾਨਕ ਜਿਨਿ ਪ੍ਰਭੁ ਪਾਇਆ ਆਪਣਾ ਸਾ ਅਟਲ ਸੁਹਾਗਨਿ ਰਾਮ ॥੪॥੧॥੪॥ ਬਿਲਾਵਲੁ ਮਹਲਾ ੫ ॥ ਹਰਿ ਖੋਜਹੁ ਵਡਭਾਗੀਹੋ ਮਿਲਿ ਸਾਧੂ ਸੰਗੇ ਰਾਮ ॥ ਗੁਨ ਗੋਵਿਦ ਸਦ ਗਾਈਅਹਿ ਪਾਰਬ੍ਰਹਮ ਕੈ ਰੰਗੇ ਰਾਮ ॥ ਸੋ ਪ੍ਰਭੁ ਸਦ ਹੀ ਸੇਵੀਐ ਪਾਈਅਹਿ ਫਲ ਮੰਗੇ ਰਾਮ ॥ ਨਾਨਕ ਪ੍ਰਭ ਸਰਣਾਗਤੀ ਜਪਿ ਅਨਤ ਤਰੰਗੇ ਰਾਮ ॥੧॥ ਇਕੁ ਤਿਲੁ ਪ੍ਰਭੂ ਨ ਵੀਸਰੈ ਜਿਨਿ ਸਭੁ ਕਿਛੁ ਦੀਨਾ ਰਾਮ ॥ ਵਡਭਾਗੀ ਮੇਲਾਵੜਾ ਗੁਰਮੁਖਿ ਪਿਰੁ ਚੀਨ੍ਹ੍ਹਾ ਰਾਮ ॥ ਬਾਹ ਪਕੜਿ ਤਮ ਤੇ ਕਾਢਿਆ ਕਰਿ ਅਪੁਨਾ ਲੀਨਾ ਰਾਮ ॥ ਨਾਮੁ ਜਪਤ ਨਾਨਕ ਜੀਵੈ ਸੀਤਲੁ ਮਨੁ ਸੀਨਾ ਰਾਮ ॥੨॥ ਕਿਆ ਗੁਣ ਤੇਰੇ ਕਹਿ ਸਕਉ ਪ੍ਰਭ ਅੰਤਰਜਾਮੀ ਰਾਮ ॥ ਸਿਮਰਿ ਸਿਮਰਿ ਨਾਰਾਇਣੈ ਭਏ ਪਾਰਗਰਾਮੀ ਰਾਮ ॥ ਗੁਨ ਗਾਵਤ ਗੋਵਿੰਦ ਕੇ ਸਭ ਇਛ ਪੁਜਾਮੀ ਰਾਮ ॥ ਨਾਨਕ ਉਧਰੇ ਜਪਿ ਹਰੇ ਸਭਹੂ ਕਾ ਸੁਆਮੀ ਰਾਮ ॥੩॥ ਰਸ ਭਿੰਨਿਅੜੇ ਅਪੁਨੇ ਰਾਮ ਸੰਗੇ ਸੇ ਲੋਇਣ ਨੀਕੇ ਰਾਮ ॥ ਪ੍ਰਭ ਪੇਖਤ ਇਛਾ ਪੁੰਨੀਆ ਮਿਲਿ ਸਾਜਨ ਜੀ ਕੇ ਰਾਮ ॥ ਅੰਮ੍ਰਿਤ ਰਸੁ ਹਰਿ ਪਾਇਆ ਬਿਖਿਆ ਰਸ ਫੀਕੇ ਰਾਮ ॥ ਨਾਨਕ ਜਲੁ ਜਲਹਿ ਸਮਾਇਆ ਜੋਤੀ ਜੋਤਿ ਮੀਕੇ ਰਾਮ ॥੪॥੨॥੫॥੯॥

ਬਿਲਾਵਲ ਕੀ ਵਾਰ ਮਹਲਾ ੪ ੴ ਸਤਿਗੁਰ ਪ੍ਰਸਾਦਿ ॥

ਸਲੋਕ ਮਃ ੪ ॥ ਹਰਿ ਉਤਮੁ ਹਰਿ ਪ੍ਰਭੁ ਗਾਵਿਆ ਕਰਿ ਨਾਦੁ ਬਿਲਾਵਲੁ ਰਾਗੁ ॥ ਉਪਦੇਸੁ ਗੁਰੂ ਸੁਣਿ ਮੰਨਿਆ ਧੁਰਿ ਮਸਤਕਿ ਪੂਰਾ ਭਾਗੁ ॥ ਸਭ ਦਿਨਸੁ ਰੈਣਿ ਗੁਣ ਉਚਰੈ ਹਰਿ ਹਰਿ ਹਰਿ ਉਰਿ ਲਿਵ ਲਾਗੁ ॥ ਸਭੁ ਤਨੁ ਮਨੁ ਹਰਿਆ ਹੋਇਆ ਮਨੁ ਖਿੜਿਆ ਹਰਿਆ ਬਾਗੁ ॥ ਅਗਿਆਨੁ ਅੰਧੇਰਾ ਮਿਟਿ ਗਇਆ ਗੁਰ ਚਾਨਣੁ ਗਿਆਨੁ ਚਰਾਗੁ ॥ ਜਨੁ ਨਾਨਕੁ ਜੀਵੈ ਦੇਖਿ ਹਰਿ ਇਕ ਨਿਮਖ ਘੜੀ ਮੁਖਿ ਲਾਗੁ ॥੧॥ ਮਃ ੩ ॥ ਬਿਲਾਵਲੁ ਤਬ ਹੀ ਕੀਜੀਐ ਜਬ ਮੁਖਿ ਹੋਵੈ ਨਾਮੁ ॥ ਰਾਗ ਨਾਦ ਸਬਦਿ ਸੋਹਣੇ ਜਾ ਲਾਗੈ ਸਹਜਿ ਧਿਆਨੁ ॥ ਰਾਗ ਨਾਦ ਛੋਡਿ ਹਰਿ ਸੇਵੀਐ ਤਾ ਦਰਗਹ ਪਾਈਐ ਮਾਨੁ ॥ ਨਾਨਕ ਗੁਰਮੁਖਿ ਬ੍ਰਹਮੁ ਬੀਚਾਰੀਐ ਚੂਕੈ ਮਨਿ ਅਭਿਮਾਨੁ ॥੨॥ ਪਉੜੀ ॥ ਤੂ ਹਰਿ ਪ੍ਰਭੁ ਆਪਿ ਅਗੰਮੁ ਹੈ ਸਭਿ ਤੁਧੁ ਉਪਾਇਆ ॥ ਤੂ ਆਪੇ ਆਪਿ ਵਰਤਦਾ ਸਭੁ ਜਗਤੁ ਸਬਾਇਆ ॥ ਤੁਧੁ ਆਪੇ ਤਾੜੀ ਲਾਈਐ ਆਪੇ ਗੁਣ ਗਾਇਆ ॥ ਹਰਿ ਧਿਆਵਹੁ ਭਗਤਹੁ ਦਿਨਸੁ ਰਾਤਿ ਅੰਤਿ ਲਏ ਛਡਾਇਆ ॥ ਜਿਨਿ ਸੇਵਿਆ ਤਿਨਿ ਸੁਖੁ ਪਾਇਆ ਹਰਿ ਨਾਮਿ ਸਮਾਇਆ ॥੧॥ ਸਲੋਕ ਮਃ ੩ ॥ ਦੂਜੈ ਭਾਇ ਬਿਲਾਵਲੁ ਨ ਹੋਵਈ ਮਨਮੁਖਿ ਥਾਇ ਨ ਪਾਇ ॥ ਪਾਖੰਡਿ ਭਗਤਿ ਨ ਹੋਵਈ ਪਾਰਬ੍ਰਹਮੁ ਨ ਪਾਇਆ ਜਾਇ ॥ ਮਨਹਠਿ ਕਰਮ ਕਮਾਵਣੇ ਥਾਇ ਨ ਕੋਈ ਪਾਇ ॥ ਨਾਨਕ ਗੁਰਮੁਖਿ ਆਪੁ ਬੀਚਾਰੀਐ ਵਿਚਹੁ ਆਪੁ ਗਵਾਇ ॥ ਆਪੇ ਆਪਿ ਪਾਰਬ੍ਰਹਮੁ ਹੈ ਪਾਰਬ੍ਰਹਮੁ ਵਸਿਆ ਮਨਿ ਆਇ ॥ ਜੰਮਣੁ ਮਰਣਾ ਕਟਿਆ ਜੋਤੀ ਜੋਤਿ ਮਿਲਾਇ ॥੧॥ ਮਃ ੩ ॥ ਬਿਲਾਵਲੁ ਕਰਿਹੁ ਤੁਮ੍ ਪਿਆਰਿਹੋ ਏਕਸੁ ਸਿਉ ਲਿਵ ਲਾਇ ॥ ਜਨਮ ਮਰਣ ਦੁਖੁ ਕਟੀਐ ਸਚੇ ਰਹੈ ਸਮਾਇ ॥ ਸਦਾ ਬਿਲਾਵਲੁ ਅਨੰਦੁ ਹੈ ਜੇ ਚਲਹਿ ਸਤਿਗੁਰ ਭਾਇ ॥ ਸਤਸੰਗਤੀ ਬਹਿ ਭਾਉ ਕਰਿ ਸਦਾ ਹਰਿ ਕੇ ਗੁਣ ਗਾਇ ॥ ਨਾਨਕ ਸੇ ਜਨ ਸੋਹਣੇ ਜਿ ਗੁਰਮੁਖਿ ਮੇਲਿ ਮਿਲਾਇ ॥੨॥ ਪਉੜੀ ॥ ਸਭਨਾ ਜੀਆ ਵਿਚਿ ਹਰਿ ਆਪਿ ਸੋ ਭਗਤਾ ਕਾ ਮਿਤੁ ਹਰਿ ॥ ਸਭੁ ਕੋਈ ਹਰਿ ਕੈ ਵਸਿ ਭਗਤਾ ਕੈ ਅਨੰਦੁ ਘਰਿ ॥ ਹਰਿ ਭਗਤਾ ਕਾ ਮੇਲੀ ਸਰਬਤ ਸਉ ਨਿਸੁਲ ਜਨ ਟੰਗ ਧਰਿ ॥ ਹਰਿ ਸਭਨਾ ਕਾ ਹੈ ਖਸਮੁ ਸੋ ਭਗਤ ਜਨ ਚਿਤਿ ਕਰਿ ॥ ਤੁਧੁ ਅਪੜਿ ਕੋਇ ਨ ਸਕੈ ਸਭ

ਝਖਿ ਝਖਿ ਪਵੈ ਝੜਿ ॥੨॥ ਸਲੋਕ ਮਃ ੩ ॥ ਬ੍ਰਹਮੁ ਬਿੰਦਹਿ ਤੇ ਬ੍ਰਾਹਮਣਾ ਜੇ ਚਲਹਿ ਸਤਿਗੁਰ ਭਾਇ ॥ ਜਿਨ ਕੈ ਹਿਰਦੈ ਹਰਿ ਵਸੈ ਹਉਮੈ ਰੋਗੁ ਗਵਾਇ ॥ ਗੁਣ ਰਵਹਿ ਗੁਣ ਸੰਗ੍ਰਹਹਿ ਜੋਤੀ ਜੋਤਿ ਮਿਲਾਇ ॥ ਇਸੁ ਜੁਗ ਮਹਿ ਵਿਰਲੇ ਬ੍ਰਾਹਮਣ ਬ੍ਰਹਮੁ ਬਿੰਦਹਿ ਚਿਤੁ ਲਾਇ ॥ ਨਾਨਕ ਜਿਨ੍ ਕਉ ਨਦਰਿ ਕਰੇ ਹਰਿ ਸਚਾ ਸੇ ਨਾਮਿ ਰਹੇ ਲਿਵ ਲਾਇ ॥੧॥ ਮਃ ੩ ॥ ਸਤਿਗੁਰ ਕੀ ਸੇਵ ਨ ਕੀਤੀਆ ਸਬਦਿ ਨ ਲਗੋ ਭਾਉ ॥ ਹਉਮੈ ਰੋਗੁ ਕਮਾਵਣਾ ਅਤਿ ਦੀਰਘੁ ਬਹੁ ਸੁਆਉ ॥ ਮਨਹਠਿ ਕਰਮ ਕਮਾਵਣੇ ਫਿਰਿ ਫਿਰਿ ਜੋਨੀ ਪਾਇ ॥ ਗੁਰਮੁਖਿ ਜਨਮੁ ਸਫਲੁ ਹੈ ਜਿਸ ਨੋ ਆਪੇ ਲਏ ਮਿਲਾਇ ॥ ਨਾਨਕ ਨਦਰੀ ਨਦਰਿ ਕਰੇ ਤਾ ਨਾਮ ਧਨੁ ਪਲੈ ਪਾਇ ॥੨॥ ਪਉੜੀ ॥ ਸਭ ਵਡਿਆਈਆ ਹਰਿ ਨਾਮ ਵਿਚਿ ਹਰਿ ਗੁਰਮੁਖਿ ਧਿਆਈਐ ॥ ਜਿ ਵਸਤੁ ਮੰਗੀਐ ਸਾਈ ਪਾਈਐ ਜੇ ਨਾਮਿ ਚਿਤੁ ਲਾਈਐ ॥ ਗੁਹਜ ਗਲ ਜੀਅ ਕੀ ਕੀਚੈ ਸਤਿਗੁਰੂ ਪਾਸਿ ਤਾ ਸਰਬ ਸੁਖੁ ਪਾਈਐ ॥ ਗੁਰੁ ਪੂਰਾ ਹਰਿ ਉਪਦੇਸੁ ਦੇਇ ਸਭ ਭੁਖ ਲਹਿ ਜਾਈਐ ॥ ਜਿਸੁ ਪੂਰਬਿ ਹੋਵੈ ਲਿਖਿਆ ਸੋ ਹਰਿ ਗੁਣ ਗਾਈਐ ॥੩॥ ਸਲੋਕ ਮਃ ੩ ॥ ਸਤਿਗੁਰ ਤੇ ਖਾਲੀ ਕੋ ਨਹੀ ਮੇਰੈ ਪ੍ਰਭਿ ਮੇਲਿ ਮਿਲਾਏ ॥ ਸਤਿਗੁਰ ਕਾ ਦਰਸਨੁ ਸਫਲੁ ਹੈ ਜੇਹਾ ਕੋ ਇਛੇ ਤੇਹਾ ਫਲੁ ਪਾਏ ॥ ਗੁਰ ਕਾ ਸਬਦੁ ਅੰਮ੍ਰਿਤੁ ਹੈ ਸਭ ਤ੍ਰਿਸਨਾ ਭੁਖ ਗਵਾਏ ॥ ਹਰਿ ਰਸੁ ਪੀ ਸੰਤੋਖੁ ਹੋਆ ਸਚੁ ਵਸਿਆ ਮਨਿ ਆਏ ॥ ਸਚੁ ਧਿਆਇ ਅਮਰਾ ਪਦੁ ਪਾਇਆ ਅਨਹਦ ਸਬਦ ਵਜਾਏ ॥ ਸਚੋ ਦਹ ਦਿਸਿ ਪਸਰਿਆ ਗੁਰ ਕੈ ਸਹਜਿ ਸੁਭਾਏ ॥ ਨਾਨਕ ਜਿਨ ਅੰਦਰਿ ਸਚੁ ਹੈ ਸੇ ਜਨ ਛਪਹਿ ਨ ਕਿਸੈ ਦੇ ਛਪਾਏ ॥੧॥ ਮਃ ੩ ॥ ਗੁਰ ਸੇਵਾ ਤੇ ਹਰਿ ਪਾਈਐ ਜਾ ਕਉ ਨਦਰਿ ਕਰੇਇ ॥ ਮਾਨਸ ਤੇ ਦੇਵਤੇ ਭਏ ਸਚੀ ਭਗਤਿ ਜਿਸੁ ਦੇਇ ॥ ਹਉਮੈ ਮਾਰਿ ਮਿਲਾਇਅਨੁ ਗੁਰ ਕੈ ਸਬਦਿ ਸੁਚੇਇ ॥ ਨਾਨਕ ਸਹਜੇ ਮਿਲਿ ਰਹੇ ਨਾਮੁ ਵਡਿਆਈ ਦੇਇ ॥੨॥ ਪਉੜੀ ॥ ਗੁਰ ਸਤਿਗੁਰ ਵਿਚਿ ਨਾਵੈ ਕੀ ਵਡੀ ਵਡਿਆਈ ਹਰਿ ਕਰਤੈ ਆਪਿ ਵਧਾਈ ॥ ਸੇਵਕ ਸਿਖ ਸਭਿ ਵੇਖਿ ਵੇਖਿ ਜੀਵਨਿ੍ ਓਨ੍ਾ ਅੰਦਰਿ ਹਿਰਦੈ ਭਾਈ ॥ ਨਿੰਦਕ ਦੁਸਟ ਵਡਿਆਈ ਵੇਖਿ ਨ ਸਕਨਿ ਓਨ੍ਾ ਪਰਾਇਆ ਭਲਾ ਨ ਸੁਖਾਈ ॥ ਕਿਆ ਹੋਵੈ ਕਿਸ ਹੀ ਕੀ ਝਖ ਮਾਰੀ ਜਾ ਸਚੇ ਸਿਉ ਬਣਿ ਆਈ ॥ ਜਿ ਗਲ ਕਰਤੇ ਭਾਵੈ ਸਾ ਨਿਤ ਨਿਤ ਚੜੈ ਸਵਾਈ ਸਭ ਝਖਿ ਝਖਿ ਮਰੈ ਲੋਕਾਈ ॥੪॥ ਸਲੋਕ ਮਃ ੩ ॥ ਧ੍ਰਿਗੁ ਏਹ ਆਸਾ ਦੂਜੇ ਭਾਵ ਕੀ ਜੋ ਮੋਹਿ ਮਾਇਆ ਚਿਤੁ ਲਾਏ ॥ ਹਰਿ ਸੁਖੁ

ਪਲ੍ਰਿ ਤਿਆਗਿਆ ਨਾਮੁ ਵਿਸਾਰਿ ਦੁਖੁ ਪਾਏ ॥ ਮਨਮੁਖ ਅਗਿਆਨੀ ਅੰਧੁਲੇ ਜਨਮਿ ਮਰਹਿ ਫਿਰਿ ਆਵੈ ਜਾਏ ॥ ਕਾਰਜ ਸਿਧਿ ਨ ਹੋਵਨੀ ਅੰਤਿ ਗਇਆ ਪਛੁਤਾਏ ॥ ਜਿਸੁ ਕਰਮੁ ਹੋਵੈ ਤਿਸੁ ਸਤਿਗੁਰੁ ਮਿਲੈ ਸੋ ਹਰਿ ਹਰਿ ਨਾਮੁ ਧਿਆਏ ॥ ਨਾਮਿ ਰਤੇ ਜਨ ਸਦਾ ਸੁਖੁ ਪਾਇਨਿ੍ ਜਨ ਨਾਨਕ ਤਿਨ ਬਲਿ ਜਾਏ ॥੧॥ ਮਃ ੩ ॥ ਆਸਾ ਮਨਸਾ ਜਗਿ ਮੋਹਣੀ ਜਿਨਿ ਮੋਹਿਆ ਸੰਸਾਰੁ ॥ ਸਭੁ ਕੋ ਜਮ ਕੇ ਚੀਰੇ ਵਿਚਿ ਹੈ ਜੇਤਾ ਸਭੁ ਆਕਾਰੁ ॥ ਹੁਕਮੀ ਹੀ ਜਮੁ ਲਗਦਾ ਸੋ ਉਬਰੈ ਜਿਸੁ ਬਖਸੈ ਕਰਤਾਰੁ ॥ ਨਾਨਕ ਗੁਰ ਪਰਸਾਦੀ ਏਹੁ ਮਨੁ ਤਾਂ ਤਰੈ ਜਾ ਛੋਡੈ ਅਹੰਕਾਰੁ ॥ ਆਸਾ ਮਨਸਾ ਮਾਰੇ ਨਿਰਾਸੁ ਹੋਇ ਗੁਰ ਸਬਦੀ ਵੀਚਾਰੁ ॥੨॥ ਪਉੜੀ ॥ ਜਿਥੈ ਜਾਈਐ ਜਗਤ ਮਹਿ ਤਿਥੈ ਹਰਿ ਸਾਈ ॥ ਅਗੈ ਸਭੁ ਆਪੇ ਵਰਤਦਾ ਹਰਿ ਸਚਾ ਨਿਆਈ ॥ ਕੂੜਿਆਰਾ ਕੇ ਮੁਹ ਫਿਟਕੀਅਹਿ ਸਚੁ ਭਗਤਿ ਵਡਿਆਈ ॥ ਸਚੁ ਸਾਹਿਬੁ ਸਚਾ ਨਿਆਉ ਹੈ ਸਿਰਿ ਨਿੰਦਕ ਛਾਈ ॥ ਜਨ ਨਾਨਕ ਸਚੁ ਅਰਾਧਿਆ ਗੁਰਮੁਖਿ ਸੁਖੁ ਪਾਈ ॥੫॥ ਸਲੋਕ ਮਃ ੩ ॥ ਪੂਰੈ ਭਾਗਿ ਸਤਿਗੁਰੁ ਪਾਈਐ ਜੇ ਹਰਿ ਪ੍ਰਭੁ ਬਖਸ ਕਰੇਇ ॥ ਓਪਾਵਾ ਸਿਰਿ ਓਪਾਉ ਹੈ ਨਾਉ ਪਰਾਪਤਿ ਹੋਇ ॥ ਅੰਦਰੁ ਸੀਤਲੁ ਸਾਂਤਿ ਹੈ ਹਿਰਦੈ ਸਦਾ ਸੁਖੁ ਹੋਇ ॥ ਅੰਮ੍ਰਿਤੁ ਖਾਣਾ ਪੈਨ੍ਣਾ ਨਾਨਕ ਨਾਇ ਵਡਿਆਈ ਹੋਇ ॥੧॥ ਮਃ ੩ ॥ ਏ ਮਨ ਗੁਰ ਕੀ ਸਿਖ ਸੁਣਿ ਪਾਇਹਿ ਗੁਣੀ ਨਿਧਾਨੁ ॥ ਸੁਖਦਾਤਾ ਤੇਰੈ ਮਨਿ ਵਸੈ ਹਉਮੈ ਜਾਇ ਅਭਿਮਾਨੁ ॥ ਨਾਨਕ ਨਦਰੀ ਪਾਈਐ ਅੰਮ੍ਰਿਤੁ ਗੁਣੀ ਨਿਧਾਨੁ ॥੨॥ ਪਉੜੀ ॥ ਜਿਤਨੇ ਪਾਤਿਸਾਹ ਸਾਹ ਰਾਜੇ ਖਾਨ ਉਮਰਾਵ ਸਿਕਦਾਰ ਹਹਿ ਤਿਤਨੇ ਸਭਿ ਹਰਿ ਕੇ ਕੀਏ ॥ ਜੋ ਕਿਛੁ ਹਰਿ ਕਰਾਵੈ ਸੁ ਓਇ ਕਰਹਿ ਸਭਿ ਹਰਿ ਕੇ ਅਰਥੀਏ ॥ ਸੋ ਐਸਾ ਹਰਿ ਸਭਨਾ ਕਾ ਪ੍ਰਭੁ ਸਤਿਗੁਰ ਕੈ ਵਲਿ ਹੈ ਤਿਨਿ ਸਭਿ ਵਰਨ ਚਾਰੇ ਖਾਣੀ ਸਭ ਸ੍ਰਿਸਟਿ ਗੋਲੇ ਕਰਿ ਸਤਿਗੁਰ ਅਗੈ ਕਾਰ ਕਮਾਵਣ ਕਉ ਦੀਏ ॥ ਹਰਿ ਸੇਵੇ ਕੀ ਐਸੀ ਵਡਿਆਈ ਦੇਖਹੁ ਹਰਿ ਸੰਤਹੁ ਜਿਨਿ ਵਿਚਹੁ ਕਾਇਆ ਨਗਰੀ ਦੁਸਮਨ ਦੂਤ ਸਭਿ ਮਾਰਿ ਕਢੀਏ ॥ ਹਰਿ ਹਰਿ ਕਿਰਪਾਲੁ ਹੋਆ ਭਗਤ ਜਨਾ ਉਪਰਿ ਹਰਿ ਆਪਣੀ ਕਿਰਪਾ ਕਰਿ ਹਰਿ ਆਪਿ ਰਖਿ ਲੀਏ ॥੬॥ ਸਲੋਕ ਮਃ ੩ ॥ ਅੰਦਰਿ ਕਪਟੁ ਸਦਾ ਦੁਖੁ ਹੈ ਮਨਮੁਖ ਧਿਆਨੁ ਨ ਲਾਗੈ ॥ ਦੁਖ ਵਿਚਿ ਕਾਰ ਕਮਾਵਣੀ ਦੁਖੁ ਵਰਤੈ ਦੁਖੁ ਆਗੈ ॥ ਕਰਮੀ ਸਤਿਗੁਰੁ ਭੇਟੀਐ ਤਾ ਸਚਿ ਨਾਮਿ ਲਿਵ ਲਾਗੈ ॥ ਨਾਨਕ ਸਹਜੇ ਸੁਖੁ ਹੋਇ ਅੰਦਰਹੁ ਭ੍ਰਮੁ ਭਉ ਭਾਗੈ ॥੧॥ ਮਃ ੩ ॥ ਗੁਰਮੁਖਿ ਸਦਾ

ਹਰਿ ਰੰਗੁ ਹੈ ਹਰਿ ਕਾ ਨਾਉ ਮਨਿ ਭਾਇਆ ॥ ਗੁਰਮੁਖਿ ਵੇਖਣੁ ਬੋਲਣਾ ਨਾਮੁ ਜਪਤ ਸੁਖੁ ਪਾਇਆ ॥ ਨਾਨਕ ਗੁਰਮੁਖਿ ਗਿਆਨੁ ਪ੍ਰਗਾਸਿਆ ਤਿਮਰ ਅਗਿਆਨੁ ਅੰਧੇਰੁ ਚੁਕਾਇਆ ॥੨॥ ਮਃ ੩ ॥ ਮਨਮੁਖ ਮੈਲੇ ਮਰਹਿ ਗਵਾਰ ॥ ਗੁਰਮੁਖਿ ਨਿਰਮਲ ਹਰਿ ਰਾਖਿਆ ਉਰ ਧਾਰਿ ॥ ਭਨਤਿ ਨਾਨਕੁ ਸੁਣਹੁ ਜਨ ਭਾਈ ॥ ਸਤਿਗੁਰੁ ਸੇਵਿਹੁ ਹਉਮੈ ਮਲੁ ਜਾਈ ॥ ਅੰਦਰਿ ਸੰਸਾ ਦੂਖੁ ਵਿਆਪੇ ਸਿਰਿ ਧੰਧਾ ਨਿਤ ਮਾਰ ॥ ਦੂਜੈ ਭਾਇ ਸੂਤੇ ਕਬਹੁ ਨ ਜਾਗਹਿ ਮਾਇਆ ਮੋਹ ਪਿਆਰ ॥ ਨਾਮੁ ਨ ਚੇਤਹਿ ਸਬਦੁ ਨ ਵੀਚਾਰਹਿ ਇਹੁ ਮਨਮੁਖ ਕਾ ਬੀਚਾਰ ॥ ਹਰਿ ਨਾਮੁ ਨ ਭਾਇਆ ਬਿਰਥਾ ਜਨਮੁ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ ॥੩॥ ਪਉੜੀ ॥ ਜਿਸ ਨੋ ਹਰਿ ਭਗਤਿ ਸਚੁ ਬਖਸੀਅਨੁ ਸੋ ਸਚਾ ਸਾਹੁ ॥ ਤਿਸ ਕੀ ਮੁਹਤਾਜੀ ਲੋਕੁ ਕਢਦਾ ਹੋਰਤੁ ਹਟਿ ਨ ਵਥੁ ਨ ਵੇਸਾਹੁ ॥ ਭਗਤ ਜਨਾ ਕਉ ਸਨਮੁਖੁ ਹੋਵੈ ਸੁ ਹਰਿ ਰਾਸਿ ਲਏ ਵੇਮੁਖ ਭਸੁ ਪਾਹੁ ॥ ਹਰਿ ਕੇ ਨਾਮ ਕੇ ਵਾਪਾਰੀ ਹਰਿ ਭਗਤ ਹਹਿ ਜਮੁ ਜਾਗਾਤੀ ਤਿਨਾ ਨੇੜਿ ਨ ਜਾਹੁ ॥ ਜਨ ਨਾਨਕਿ ਹਰਿ ਨਾਮ ਧਨੁ ਲਦਿਆ ਸਦਾ ਵੇਪਰਵਾਹੁ ॥੭॥ ਸਲੋਕ ਮਃ ੩ ॥ ਇਸੁ ਜੁਗ ਮਹਿ ਭਗਤੀ ਹਰਿ ਧਨੁ ਖਟਿਆ ਹੋਰੁ ਸਭੁ ਜਗਤੁ ਭਰਮਿ ਭੁਲਾਇਆ ॥ ਗੁਰ ਪਰਸਾਦੀ ਨਾਮੁ ਮਨਿ ਵਸਿਆ ਅਨਦਿਨੁ ਨਾਮੁ ਧਿਆਇਆ ॥ ਬਿਖਿਆ ਮਾਹਿ ਉਦਾਸ ਹੈ ਹਉਮੈ ਸਬਦਿ ਜਲਾਇਆ ॥ ਆਪਿ ਤਰਿਆ ਕੁਲ ਉਧਰੇ ਧੰਨੁ ਜਣੇਦੀ ਮਾਇਆ ॥ ਸਦਾ ਸਹਜੁ ਸੁਖੁ ਮਨਿ ਵਸਿਆ ਸਚੇ ਸਿਉ ਲਿਵ ਲਾਇਆ ॥ ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਭੁਲੇ ਹਉਮੈ ਮੋਹੁ ਵਧਾਇਆ ॥ ਪੰਡਿਤ ਪੜਿ ਪੜਿ ਮੋਨੀ ਭੁਲੇ ਦੂਜੈ ਭਾਇ ਚਿਤੁ ਲਾਇਆ ॥ ਜੋਗੀ ਜੰਗਮ ਸੰਨਿਆਸੀ ਭੁਲੇ ਵਿਣੁ ਗੁਰ ਤਤੁ ਨ ਪਾਇਆ ॥ ਮਨਮੁਖ ਦੁਖੀਏ ਸਦਾ ਭ੍ਰਮਿ ਭੁਲੇ ਤਿਨ੍ਹ੍ਹੀ ਬਿਰਥਾ ਜਨਮੁ ਗਵਾਇਆ ॥ ਨਾਨਕ ਨਾਮਿ ਰਤੇ ਸੇਈ ਜਨ ਸਮਧੇ ਜਿ ਆਪੇ ਬਖਸਿ ਮਿਲਾਇਆ ॥੧॥ ਮਃ ੩ ॥ ਨਾਨਕ ਸੋ ਸਾਲਾਹੀਐ ਜਿਸੁ ਵਸਿ ਸਭੁ ਕਿਛੁ ਹੋਇ ॥ ਤਿਸਹਿ ਸਰੇਵਹੁ ਪ੍ਰਾਣੀਹੋ ਤਿਸੁ ਬਿਨੁ ਅਵਰੁ ਨ ਕੋਇ ॥ ਗੁਰਮੁਖਿ ਅੰਤਰਿ ਮਨਿ ਵਸੈ ਸਦਾ ਸਦਾ ਸੁਖੁ ਹੋਇ ॥੨॥ ਪਉੜੀ ॥ ਜਿਨੀ ਗੁਰਮੁਖਿ ਹਰਿ ਨਾਮ ਧਨੁ ਨ ਖਟਿਓ ਸੇ ਦੇਵਾਲੀਏ ਜੁਗ ਮਾਹਿ ॥ ਓਇ ਮੰਗਦੇ ਫਿਰਹਿ ਸਭ ਜਗਤ ਮਹਿ ਕੋਈ ਮੁਹਿ ਥੁਕ ਨ ਤਿਨ ਕਉ ਪਾਹਿ ॥ ਪਰਾਈ ਬਖੀਲੀ ਕਰਹਿ ਆਪਣੀ ਪਰਤੀਤਿ ਖੋਵਨਿ ਸਗਵਾ ਭੀ ਆਪੁ ਲਖਾਹਿ ॥ ਜਿਸੁ ਧਨ ਕਾਰਣਿ ਚੁਗਲੀ ਕਰਹਿ ਸੋ ਧਨੁ

ਚੁਗਲੀ ਹਥਿ ਨ ਆਵੈ ਓਇ ਭਾਵੈ ਤਿਥੈ ਜਾਹਿ ॥ ਗੁਰਮੁਖਿ ਸੇਵਕ ਭਾਇ ਹਰਿ ਧਨੁ ਮਿਲੈ ਤਿਥਹੁ ਕਰਮਹੀਣ ਲੈ ਨ ਸਕਹਿ ਹੋਰ ਥੈ ਦੇਸ ਦਿਸੰਤਰਿ ਹਰਿ ਧਨੁ ਨਾਹਿ ॥੮॥ ਸਲੋਕ ਮਃ ੩ ॥ ਗੁਰਮੁਖਿ ਸੰਸਾ ਮੂਲਿ ਨ ਹੋਵਈ ਚਿੰਤਾ ਵਿਚਹੁ ਜਾਇ ॥ ਜੋ ਕਿਛੁ ਹੋਇ ਸੁ ਸਹਜੇ ਹੋਇ ਕਹਣਾ ਕਿਛੂ ਨ ਜਾਇ ॥ ਨਾਨਕ ਤਿਨ ਕਾ ਆਖਿਆ ਆਪਿ ਸੁਣੇ ਜਿ ਲਇਅਨੁ ਪੰਨੈ ਪਾਇ ॥੧॥ ਮਃ ੩ ॥ ਕਾਲੁ ਮਾਰਿ ਮਨਸਾ ਮਨਹਿ ਸਮਾਣੀ ਅੰਤਰਿ ਨਿਰਮਲੁ ਨਾਉ ॥ ਅਨਦਿਨੁ ਜਾਗੈ ਕਦੇ ਨ ਸੋਵੈ ਸਹਜੇ ਅੰਮ੍ਰਿਤੁ ਪਿਆਉ ॥ ਮੀਠਾ ਬੋਲੇ ਅੰਮ੍ਰਿਤ ਬਾਣੀ ਅਨਦਿਨੁ ਹਰਿ ਗੁਣ ਗਾਉ ॥ ਨਿਜ ਘਰਿ ਵਾਸਾ ਸਦਾ ਸੋਹਦੇ ਨਾਨਕ ਤਿਨ ਮਿਲਿਆ ਸੁਖੁ ਪਾਉ ॥੨॥ ਪਉੜੀ ॥ ਹਰਿ ਧਨੁ ਰਤਨ ਜਵੇਹਰੀ ਸੋ ਗੁਰਿ ਹਰਿ ਧਨੁ ਹਰਿ ਪਾਸਹੁ ਦੇਵਾਇਆ ॥ ਜੇ ਕਿਸੈ ਕਿਹੁ ਦਿਸਿ ਆਵੈ ਤਾ ਕੋਈ ਕਿਹੁ ਮੰਗਿ ਲਏ ਅਕੈ ਕੋਈ ਕਿਹੁ ਦੇਵਾਏ ਏਹੁ ਹਰਿ ਧਨੁ ਜੋਰਿ ਕੀਤੈ ਕਿਸੈ ਨਾਲਿ ਨ ਜਾਇ ਵੰਡਾਇਆ ॥ ਜਿਸ ਨੋ ਸਤਿਗੁਰ ਨਾਲਿ ਹਰਿ ਸਰਧਾ ਲਾਏ ਤਿਸੁ ਹਰਿ ਧਨ ਕੀ ਵੰਡ ਹਥਿ ਆਵੈ ਜਿਸ ਨੋ ਕਰਤੈ ਧੁਰਿ ਲਿਖਿ ਪਾਇਆ ॥ ਇਸੁ ਹਰਿ ਧਨ ਕਾ ਕੋਈ ਸਰੀਕੁ ਨਾਹੀ ਕਿਸੈ ਕਾ ਖਤੁ ਨਾਹੀ ਕਿਸੈ ਕੈ ਸੀਵ ਬੰਨੈ ਰੋਲੁ ਨਾਹੀ ਜੇ ਕੋ ਹਰਿ ਧਨ ਕੀ ਬਖੀਲੀ ਕਰੇ ਤਿਸ ਕਾ ਮੁਹੁ ਹਰਿ ਚਹੁ ਕੁੰਡਾ ਵਿਚਿ ਕਾਲਾ ਕਰਾਇਆ ॥ ਹਰਿ ਕੇ ਦਿਤੇ ਨਾਲਿ ਕਿਸੈ ਜੋਰੁ ਬਖੀਲੀ ਨ ਚਲਈ ਦਿਹੁ ਦਿਹੁ ਨਿਤ ਨਿਤ ਚੜੈ ਸਵਾਇਆ ॥੯॥ ਸਲੋਕ ਮਃ ੩ ॥ ਜਗਤੁ ਜਲੰਦਾ ਰਖਿ ਲੈ ਆਪਣੀ ਕਿਰਪਾ ਧਾਰਿ ॥ ਜਿਤੁ ਦੁਆਰੈ ਉਬਰੈ ਤਿਤੈ ਲੈਹੁ ਉਬਾਰਿ ॥ ਸਤਿਗੁਰਿ ਸੁਖੁ ਵੇਖਾਲਿਆ ਸਚਾ ਸਬਦੁ ਬੀਚਾਰਿ ॥ ਨਾਨਕ ਅਵਰੁ ਨ ਸੁਝਈ ਹਰਿ ਬਿਨੁ ਬਖਸਣਹਾਰੁ ॥੧॥ ਮਃ ੩ ॥ ਹਉਮੈ ਮਾਇਆ ਮੋਹਣੀ ਦੂਜੈ ਲਗੈ ਜਾਇ ॥ ਨਾ ਇਹ ਮਾਰੀ ਨ ਮਰੈ ਨਾ ਇਹ ਹਟਿ ਵਿਕਾਇ ॥ ਗੁਰ ਕੈ ਸਬਦਿ ਪਰਜਾਲੀਐ ਤਾ ਇਹ ਵਿਚਹੁ ਜਾਇ ॥ ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ ॥ ਨਾਨਕ ਮਾਇਆ ਕਾ ਮਾਰਣੁ ਸਬਦੁ ਹੈ ਗੁਰਮੁਖਿ ਪਾਇਆ ਜਾਇ ॥੨॥ ਪਉੜੀ ॥ ਸਤਿਗੁਰ ਕੀ ਵਡਿਆਈ ਸਤਿਗੁਰਿ ਦਿਤੀ ਧੁਰਹੁ ਹੁਕਮੁ ਬੁਝਿ ਨੀਸਾਣੁ ॥ ਪੁਤੀ ਭਾਤੀਈ ਜਾਵਾਈ ਸਕੀ ਅਗਹੁ ਪਿਛਹੁ ਟੋਲਿ ਡਿਠਾ ਲਾਹਿਓਨੁ ਸਭਨਾ ਕਾ ਅਭਿਮਾਨੁ ॥ ਜਿਥੈ ਕੋ ਵੇਖੈ ਤਿਥੈ ਮੇਰਾ ਸਤਿਗੁਰੂ ਹਰਿ ਬਖਸਿਓਸੁ ਸਭੁ ਜਹਾਨੁ ॥ ਜਿ ਸਤਿਗੁਰ ਨੋ ਮਿਲਿ ਮੰਨੇ ਸੁ ਹਲਤਿ ਪਲਤਿ ਸਿਝੈ ਜਿ ਵੇਮੁਖੁ ਹੋਵੈ ਸੁ ਫਿਰੈ ਭਰਿਸਟ ਥਾਨੁ ॥

ਜਨ ਨਾਨਕ ਕੈ ਵਲਿ ਹੋਆ ਮੇਰਾ ਸੁਆਮੀ ਹਰਿ ਸਜਣ ਪੁਰਖੁ ਸੁਜਾਨੁ ॥ ਪਉਦੀ ਭਿਤਿ ਦੇਖਿ ਕੈ ਸਭਿ ਆਇ ਪਏ ਸਤਿਗੁਰ ਕੀ ਪੈਰੀ ਲਾਹਿਓਨੁ ਸਭਨਾ ਕਿਅਹੁ ਮਨਹੁ ਗੁਮਾਨੁ ॥੧੦॥ ਸਲੋਕ ਮਃ ੧ ॥ ਕੋਈ ਵਾਹੇ ਕੋ ਲੁਣੈ ਕੋ ਪਾਏ ਖਲਿਹਾਨਿ ॥ ਨਾਨਕ ਏਵ ਨ ਜਾਪਈ ਕੋਈ ਖਾਇ ਨਿਦਾਨਿ ॥੧॥ ਮਃ ੧ ॥ ਜਿਸੁ ਮਨਿ ਵਸਿਆ ਤਰਿਆ ਸੋਇ ॥ ਨਾਨਕ ਜੋ ਭਾਵੈ ਸੋ ਹੋਇ ॥੨॥ ਪਉੜੀ ॥ ਪਾਰਬ੍ਰਹਮਿ ਦਇਆਲਿ ਸਾਗਰੁ ਤਾਰਿਆ ॥ ਗੁਰਿ ਪੂਰੈ ਮਿਹਰਵਾਨਿ ਭਰਮੁ ਭਉ ਮਾਰਿਆ ॥ ਕਾਮ ਕ੍ਰੋਧੁ ਬਿਕਰਾਲੁ ਦੂਤ ਸਭਿ ਹਾਰਿਆ ॥ ਅੰਮ੍ਰਿਤ ਨਾਮੁ ਨਿਧਾਨੁ ਕੰਠਿ ਉਰਿ ਧਾਰਿਆ ॥ ਨਾਨਕ ਸਾਧੂ ਸੰਗਿ ਜਨਮੁ ਮਰਣੁ ਸਵਾਰਿਆ ॥੧੧॥ ਸਲੋਕ ਮਃ ੩ ॥ ਜਿਨ੍ੀ ਨਾਮੁ ਵਿਸਾਰਿਆ ਕੂੜੇ ਕਹਣ ਕਹੰਨਿ੍ ॥ ਪੰਚ ਚੋਰ ਤਿਨਾ ਘਰੁ ਮੁਹਨਿ੍ ਹਉਮੈ ਅੰਦਰਿ ਸੰਨਿ੍ ॥ ਸਾਕਤ ਮੁਠੇ ਦੁਰਮਤੀ ਹਰਿ ਰਸੁ ਨ ਜਾਣੰਨਿ੍ ॥ ਜਿਨ੍ੀ ਅੰਮ੍ਰਿਤੁ ਭਰਮਿ ਲੁਟਾਇਆ ਬਿਖੁ ਸਿਉ ਰਚਹਿ ਰਚੰਨਿ੍ ॥ ਦੁਸਟਾ ਸੇਤੀ ਪਿਰਹੜੀ ਜਨ ਸਿਉ ਵਾਦੁ ਕਰੰਨਿ੍ ॥ ਨਾਨਕ ਸਾਕਤ ਨਰਕ ਮਹਿ ਜਮਿ ਬਧੇ ਦੁਖ ਸਹੰਨਿ੍ ॥ ਪਇਐ ਕਿਰਤਿ ਕਮਾਵਦੇ ਜਿਵ ਰਾਖਹਿ ਤਿਵੈ ਰਹੰਨਿ੍ ॥੧॥ ਮਃ ੩ ॥ ਜਿਨ੍ੀ ਸਤਿਗੁਰੁ ਸੇਵਿਆ ਤਾਣੁ ਨਿਤਾਣੇ ਤਿਸੁ ॥ ਸਾਸਿ ਗਿਰਾਸਿ ਸਦਾ ਮਨਿ ਵਸੈ ਜਮੁ ਜੋਹਿ ਨ ਸਕੈ ਤਿਸੁ ॥ ਹਿਰਦੈ ਹਰਿ ਹਰਿ ਨਾਮ ਰਸੁ ਕਵਲਾ ਸੇਵਕਿ ਤਿਸੁ ॥ ਹਰਿ ਦਾਸਾ ਕਾ ਦਾਸੁ ਹੋਇ ਪਰਮ ਪਦਾਰਥੁ ਤਿਸੁ ॥ ਨਾਨਕ ਮਨਿ ਤਨਿ ਜਿਸੁ ਪ੍ਰਭੁ ਵਸੈ ਹਉ ਸਦ ਕੁਰਬਾਣੈ ਤਿਸੁ ॥ ਜਿਨ੍ ਕਉ ਪੂਰਬਿ ਲਿਖਿਆ ਰਸੁ ਸੰਤ ਜਨਾ ਸਿਉ ਤਿਸੁ ॥੨॥ ਪਉੜੀ ॥ ਜੋ ਬੋਲੇ ਪੂਰਾ ਸਤਿਗੁਰੂ ਸੋ ਪਰਮੇਸਰਿ ਸੁਣਿਆ ॥ ਸੋਈ ਵਰਤਿਆ ਜਗਤ ਮਹਿ ਘਟਿ ਘਟਿ ਮੁਖਿ ਭਣਿਆ ॥ ਬਹੁਤੁ ਵਡਿਆਈਆ ਸਾਹਿਬੈ ਨਹ ਜਾਹੀ ਗਣੀਆ ॥ ਸਚੁ ਸਹਜੁ ਅਨਦੁ ਸਤਿਗੁਰੂ ਪਾਸਿ ਸਚੀ ਗੁਰ ਮਣੀਆ ॥ ਨਾਨਕ ਸੰਤ ਸਵਾਰੇ ਪਾਰਬ੍ਰਹਮਿ ਸਚੇ ਜਿਉ ਬਣਿਆ ॥੧੨॥ ਸਲੋਕ ਮਃ ੩ ॥ ਅਪਣਾ ਆਪੁ ਨ ਪਛਾਣਈ ਹਰਿ ਪ੍ਰਭੁ ਜਾਤਾ ਦੂਰਿ ॥ ਗੁਰ ਕੀ ਸੇਵਾ ਵਿਸਰੀ ਕਿਉ ਮਨੁ ਰਹੈ ਹਜੂਰਿ ॥ ਮਨਮੁਖਿ ਜਨਮੁ ਗਵਾਇਆ ਝੂਠੈ ਲਾਲਚਿ ਕੂਰਿ ॥ ਨਾਨਕ ਬਖਸਿ ਮਿਲਾਇਅਨੁ ਸਚੈ ਸਬਦਿ ਹਦੂਰਿ ॥੧॥ ਮਃ ੩ ॥ ਹਰਿ ਪ੍ਰਭੁ ਸਚਾ ਸੋਹਿਲਾ ਗੁਰਮੁਖਿ ਨਾਮੁ ਗੋਵਿੰਦੁ ॥ ਅਨਦਿਨੁ ਨਾਮੁ ਸਲਾਹਣਾ ਹਰਿ ਜਪਿਆ ਮਨਿ ਆਨੰਦੁ ॥ ਵਡਭਾਗੀ ਹਰਿ ਪਾਇਆ ਪੂਰਨੁ ਪਰਮਾਨੰਦੁ ॥ ਜਨ ਨਾਨਕ ਨਾਮੁ ਸਲਾਹਿਆ ਬਹੁੜਿ ਨ ਮਨਿ ਤਨਿ ਭੰਗੁ ॥੨॥

ਪਉੜੀ ॥ ਕੋਈ ਨਿੰਦਕੁ ਹੋਵੈ ਸਤਿਗੁਰੂ ਕਾ ਫਿਰਿ ਸਰਣਿ ਗੁਰ ਆਵੈ ॥ ਪਿਛਲੇ ਗੁਨਹ ਸਤਿਗੁਰੁ ਬਖਸਿ ਲਏ ਸਤਸੰਗਤਿ ਨਾਲਿ ਰਲਾਵੈ ॥ ਜਿਉ ਮੀਹਿ ਵੁਠੈ ਗਲੀਆ ਨਾਲਿਆ ਟੋਭਿਆ ਕਾ ਜਲੁ ਜਾਇ ਪਵੈ ਵਿਚਿ ਸੁਰਸਰੀ ਸੁਰਸਰੀ ਮਿਲਤ ਪਵਿਤ੍ਰੁ ਪਾਵਨੁ ਹੋਇ ਜਾਵੈ ॥ ਏਹ ਵਡਿਆਈ ਸਤਿਗੁਰ ਨਿਰਵੈਰ ਵਿਚਿ ਜਿਤੁ ਮਿਲਿਐ ਤਿਸਨਾ ਭੁਖ ਉਤਰੈ ਹਰਿ ਸਾਂਤਿ ਤੜ ਆਵੈ ॥ ਨਾਨਕ ਇਹੁ ਅਚਰਜੁ ਦੇਖਹੁ ਮੇਰੇ ਹਰਿ ਸਚੇ ਸਾਹ ਕਾ ਜਿ ਸਤਿਗੁਰੂ ਨੋ ਮੰਨੈ ਸੁ ਸਭਨਾਂ ਭਾਵੈ ॥੧੩॥੧॥ ਸੁਧੁ ॥

ਬਿਲਾਵਲੁ ਬਾਣੀ ਭਗਤਾ ਕੀ ॥ ਕਬੀਰ ਜੀਉ ਕੀ ੴ ਸਤਿ ਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

ਐਸੋ ਇਹੁ ਸੰਸਾਰੁ ਪੇਖਨਾ ਰਹਨੁ ਨ ਕੋਊ ਪਈਹੈ ਰੇ ॥ ਸੂਧੇ ਸੂਧੇ ਰੇਗਿ ਚਲਹੁ ਤੁਮ ਨਤਰ ਕੁਧਕਾ ਦਿਵਈਹੈ ਰੇ ॥੧॥ ਰਹਾਉ ॥ ਬਾਰੇ ਬੂਢੇ ਤਰੁਨੇ ਭਈਆ ਸਭਹੂ ਜਮੁ ਲੈ ਜਈਹੈ ਰੇ ॥ ਮਾਨਸੁ ਬਪੁਰਾ ਮੂਸਾ ਕੀਨੋ ਮੀਚੁ ਬਿਲਈਆ ਖਈਹੈ ਰੇ ॥੧॥ ਧਨਵੰਤਾ ਅਰੁ ਨਿਰਧਨ ਮਨਈ ਤਾ ਕੀ ਕਛੂ ਨ ਕਾਨੀ ਰੇ ॥ ਰਾਜਾ ਪਰਜਾ ਸਮ ਕਰਿ ਮਾਰੈ ਐਸੋ ਕਾਲੁ ਬਡਾਨੀ ਰੇ ॥੨॥ ਹਰਿ ਕੇ ਸੇਵਕ ਜੋ ਹਰਿ ਭਾਏ ਤਿਨ੍ ਕੀ ਕਥਾ ਨਿਰਾਰੀ ਰੇ ॥ ਆਵਹਿ ਨ ਜਾਹਿ ਨ ਕਬਹੂ ਮਰਤੇ ਪਾਰਬ੍ਰਹਮ ਸੰਗਾਰੀ ਰੇ ॥੩॥ ਪੁਤ੍ਰ ਕਲਤ੍ਰ ਲਛਿਮੀ ਮਾਇਆ ਇਹੈ ਤਜਹੁ ਜੀਅ ਜਾਨੀ ਰੇ ॥ ਕਹਤ ਕਬੀਰੁ ਸੁਨਹੁ ਰੇ ਸੰਤਹੁ ਮਿਲਿਹੈ ਸਾਰਿਗਪਾਨੀ ਰੇ ॥੪॥੧॥ ਬਿਲਾਵਲੁ ॥ ਬਿਦਿਆ ਨ ਪਰਉ ਬਾਦੁ ਨਹੀ ਜਾਨਉ ॥ ਹਰਿ ਗੁਨ ਕਥਤ ਸੁਨਤ ਬਉਰਾਨੋ ॥੧॥ ਮੇਰੇ ਬਾਬਾ ਮੈ ਬਉਰਾ ਸਭ ਖਲਕ ਸੈਆਨੀ ਮੈ ਬਉਰਾ ॥ ਮੈ ਬਿਗਰਿਓ ਬਿਗਰੈ ਮਤਿ ਅਉਰਾ ॥੧॥ ਰਹਾਉ ॥ ਆਪਿ ਨ ਬਉਰਾ ਰਾਮ ਕੀਓ ਬਉਰਾ ॥ ਸਤਿਗੁਰੁ ਜਾਰਿ ਗਇਓ ਭ੍ਰਮੁ ਮੋਰਾ ॥੨॥ ਮੈ ਬਿਗਰੇ ਅਪਨੀ ਮਤਿ ਖੋਈ ॥ ਮੇਰੇ ਭਰਮਿ ਭੂਲਉ ਮਤਿ ਕੋਈ ॥੩॥ ਸੋ ਬਉਰਾ ਜੋ ਆਪੁ ਨ ਪਛਾਨੈ ॥ ਆਪੁ ਪਛਾਨੈ ਤ ਏਕੈ ਜਾਨੈ ॥੪॥ ਅਬਹਿ ਨ ਮਾਤਾ ਸੁ ਕਬਹੁ ਨ ਮਾਤਾ ॥ ਕਹਿ ਕਬੀਰ ਰਾਮੈ ਰੰਗਿ ਰਾਤਾ ॥੫॥੨॥ ਬਿਲਾਵਲੁ ॥ ਗ੍ਰਿਹੁ ਤਜਿ ਬਨ ਖੰਡ ਜਾਈਐ ਚੁਨਿ ਖਾਈਐ ਕੰਦਾ ॥ ਅਜਹੁ ਬਿਕਾਰ ਨ ਛੋਡਈ ਪਾਪੀ ਮਨੁ ਮੰਦਾ ॥੧॥ ਕਿਉ ਛੂਟਉ ਕੈਸੇ ਤਰਉ ਭਵਜਲ ਨਿਧਿ ਭਾਰੀ ॥ ਰਾਖੁ ਰਾਖੁ ਮੇਰੇ ਬੀਠੁਲਾ ਜਨੁ ਸਰਨਿ ਤੁਮ੍ਾਰੀ ॥੧॥ ਰਹਾਉ ॥ ਬਿਖੈ ਬਿਖੈ ਕੀ ਬਾਸਨਾ ਤਜੀਅ ਨਹ ਜਾਈ ॥ ਅਨਿਕ ਜਤਨ ਕਰਿ

ਰਾਖੀਐ ਫਿਰਿ ਫਿਰਿ ਲਪਟਾਈ ॥੨॥ ਜਰਾ ਜੀਵਨ ਜੋਬਨੁ ਗਇਆ ਕਿਛੁ ਕੀਆ ਨ ਨੀਕਾ ॥ ਇਹੁ ਜੀਅਰਾ ਨਿਰਮੋਲਕੋ ਕਉਡੀ ਲਗਿ ਮੀਕਾ ॥੩॥ ਕਹੁ ਕਬੀਰ ਮੇਰੇ ਮਾਧਵਾ ਤੂ ਸਰਬ ਬਿਆਪੀ ॥ ਤੁਮ ਸਮਸਰਿ ਨਾਹੀ ਦਇਆਲੁ ਮੋਹਿ ਸਮਸਰਿ ਪਾਪੀ ॥੪॥੩॥ ਬਿਲਾਵਲੁ ॥ ਨਿਤ ਉਠਿ ਕੋਰੀ ਗਾਗਰਿ ਆਨੈ ਲੀਪਤ ਜੀਉ ਗਇਓ ॥ ਤਾਨਾ ਬਾਨਾ ਕਛੂ ਨ ਸੂਝੈ ਹਰਿ ਹਰਿ ਰਸਿ ਲਪਟਿਓ ॥੧॥ ਹਮਾਰੇ ਕੁਲ ਕਉਨੇ ਰਾਮੁ ਕਹਿਓ ॥ ਜਬ ਕੀ ਮਾਲਾ ਲਈ ਨਿਪੂਤੇ ਤਬ ਤੇ ਸੁਖੁ ਨ ਭਇਓ ॥੧॥ ਰਹਾਉ ॥ ਸੁਨਹੁ ਜਿਠਾਨੀ ਸੁਨਹੁ ਦਿਰਾਨੀ ਅਚਰਜੁ ਏਕੁ ਭਇਓ ॥ ਸਾਤ ਸੂਤ ਇਨਿ ਮੁਡੀਂਏ ਖੋਏ ਇਹੁ ਮੁਡੀਆ ਕਿਉ ਨ ਮੁਇਓ ॥੨॥ ਸਰਬ ਸੁਖਾ ਕਾ ਏਕੁ ਹਰਿ ਸੁਆਮੀ ਸੋ ਗੁਰਿ ਨਾਮੁ ਦਇਓ ॥ ਸੰਤ ਪ੍ਰਹਲਾਦ ਕੀ ਪੈਜ ਜਿਨਿ ਰਾਖੀ ਹਰਨਾਖਸੁ ਨਖ ਬਿਦਰਿਓ ॥੩॥ ਘਰ ਕੇ ਦੇਵ ਪਿਤਰ ਕੀ ਛੋਡੀ ਗੁਰ ਕੋ ਸਬਦੁ ਲਇਓ ॥ ਕਹਤ ਕਬੀਰੁ ਸਗਲ ਪਾਪ ਖੰਡਨੁ ਸੰਤਹ ਲੈ ਉਧਰਿਓ ॥੪॥੪॥ ਬਿਲਾਵਲੁ ॥ ਕੋਊ ਹਰਿ ਸਮਾਨਿ ਨਹੀ ਰਾਜਾ ॥ ਏ ਭੂਪਤਿ ਸਭ ਦਿਵਸ ਚਾਰਿ ਕੇ ਝੂਠੇ ਕਰਤ ਦਿਵਾਜਾ ॥੧॥ ਰਹਾਉ ॥ ਤੇਰੋ ਜਨੁ ਹੋਇ ਸੋਇ ਕਤ ਡੋਲੈ ਤੀਨਿ ਭਵਨ ਪਰ ਛਾਜਾ ॥ ਹਾਥੁ ਪਸਾਰਿ ਸਕੈ ਕੋ ਜਨ ਕਉ ਬੋਲਿ ਸਕੈ ਨ ਅੰਦਾਜਾ ॥੧॥ ਚੇਤਿ ਅਚੇਤ ਮੂੜ ਮਨ ਮੇਰੇ ਬਾਜੇ ਅਨਹਦ ਬਾਜਾ ॥ ਕਹਿ ਕਬੀਰ ਸੰਸਾ ਭ੍ਰਮੁ ਚੂਕੋ ਧ੍ਰੂ ਪ੍ਰਹਿਲਾਦ ਨਿਵਾਜਾ ॥੨॥੫॥ ਬਿਲਾਵਲੁ ॥ ਰਾਖਿ ਲੇਹੁ ਹਮ ਤੇ ਬਿਗਰੀ ॥ ਸੀਲੁ ਧਰਮੁ ਜਪੁ ਭਗਤਿ ਨ ਕੀਨੀ ਹਉ ਅਭਿਮਾਨ ਟੇਢ ਪਗਰੀ ॥੧॥ ਰਹਾਉ ॥ ਅਮਰ ਜਾਨਿ ਸੰਚੀ ਇਹ ਕਾਇਆ ਇਹ ਮਿਥਿਆ ਕਾਚੀ ਗਗਰੀ ॥ ਜਿਨਹਿ ਨਿਵਾਜਿ ਸਾਜਿ ਹਮ ਕੀਏ ਤਿਸਹਿ ਬਿਸਾਰਿ ਅਵਰ ਲਗਰੀ ॥੧॥ ਸੰਧਿਕ ਤੋਹਿ ਸਾਧ ਨਹੀ ਕਹੀਅਉ ਸਰਨਿ ਪਰੇ ਤੁਮਰੀ ਪਗਰੀ ॥ ਕਹਿ ਕਬੀਰ ਇਹ ਬਿਨਤੀ ਸੁਨੀਅਹੁ ਮਤ ਘਾਲਹੁ ਜਮ ਕੀ ਖਬਰੀ ॥੨॥੬॥ ਬਿਲਾਵਲੁ ॥ ਦਰਮਾਦੇ ਠਾਢੇ ਦਰਬਾਰਿ ॥ ਤੁਝ ਬਿਨੁ ਸੁਰਤਿ ਕਰੈ ਕੋ ਮੇਰੀ ਦਰਸਨੁ ਦੀਜੈ ਖੋਲ੍ਹਿ ਕਿਵਾਰ ॥੧॥ ਰਹਾਉ ॥ ਤੁਮ ਧਨ ਧਨੀ ਉਦਾਰ ਤਿਆਗੀ ਸ੍ਰਵਨਨ੍ਹ ਸੁਨੀਅਤੁ ਸੁਜਸੁ ਤੁਮ੍ਹਾਰ ॥ ਮਾਗਉ ਕਾਹਿ ਰੰਕ ਸਭ ਦੇਖਉ ਤੁਮ੍ਹ ਹੀ ਤੇ ਮੇਰੋ ਨਿਸਤਾਰੁ ॥੧॥ ਜੈਦੇਉ ਨਾਮਾ ਬਿਪ ਸੁਦਾਮਾ ਤਿਨ ਕਉ ਕ੍ਰਿਪਾ ਭਈ ਹੈ ਅਪਾਰ ॥ ਕਹਿ ਕਬੀਰ ਤੁਮ ਸੰਮ੍ਰਥ ਦਾਤੇ ਚਾਰਿ ਪਦਾਰਥ ਦੇਤ ਨ ਬਾਰ ॥੨॥੭॥ ਬਿਲਾਵਲੁ ॥ ਡੰਡਾ ਮੁੰਦ੍ਰਾ ਖਿੰਥਾ ਆਧਾਰੀ ॥ ਭ੍ਰਮ ਕੈ

ਭਾਇ ਭਵੈ ਭੇਖਧਾਰੀ ॥੧॥ ਆਸਨੁ ਪਵਨ ਦੂਰਿ ਕਰਿ ਬਵਰੇ ॥ ਛੋਡਿ ਕਪਟੁ ਨਿਤ ਹਰਿ ਭਜੁ ਬਵਰੇ ॥੧॥ ਰਹਾਉ ॥ ਜਿਹ ਤੂ ਜਾਚਹਿ ਸੋ ਤ੍ਰਿਭਵਨ ਭੋਗੀ ॥ ਕਹਿ ਕਬੀਰ ਕੇਸੌ ਜਗਿ ਜੋਗੀ ॥੨॥੮॥ ਬਿਲਾਵਲੁ ॥ ਇਨਿ੍ ਮਾਇਆ ਜਗਦੀਸ ਗੁਸਾਈ ਤੁਮ੍ਰੇ ਚਰਨ ਬਿਸਾਰੇ ॥ ਕਿੰਚਤ ਪ੍ਰੀਤਿ ਨ ਉਪਜੈ ਜਨ ਕਉ ਜਨ ਕਹਾ ਕਰਹਿ ਬੇਚਾਰੇ ॥੧॥ ਰਹਾਉ ॥ ਧ੍ਰਿਗੁ ਤਨੁ ਧ੍ਰਿਗੁ ਧਨੁ ਧ੍ਰਿਗੁ ਇਹ ਮਾਇਆ ਧ੍ਰਿਗੁ ਧ੍ਰਿਗੁ ਮਤਿ ਬੁਧਿ ਫੰਨੀ ॥ ਇਸ ਮਾਇਆ ਕਉ ਦ੍ਰਿੜੁ ਕਰਿ ਰਾਖਹੁ ਬਾਂਧੇ ਆਪ ਬਚੰਨੀ ॥੧॥ ਕਿਆ ਖੇਤੀ ਕਿਆ ਲੇਵਾ ਦੇਈ ਪਰਪੰਚ ਝੂਠੁ ਗੁਮਾਨਾ ॥ ਕਹਿ ਕਬੀਰ ਤੇ ਅੰਤਿ ਬਿਗੂਤੇ ਆਇਆ ਕਾਲੁ ਨਿਦਾਨਾ ॥੨॥੯॥ ਬਿਲਾਵਲੁ ॥ ਸਰੀਰ ਸਰੋਵਰ ਭੀਤਰੇ ਆਛੈ ਕਮਲ ਅਨੂਪ ॥ ਪਰਮ ਜੋਤਿ ਪੁਰਖੋਤਮੋ ਜਾ ਕੈ ਰੇਖ ਨ ਰੂਪ ॥੧॥ ਰੇ ਮਨ ਹਰਿ ਭਜੁ ਭ੍ਰਮੁ ਤਜਹੁ ਜਗਜੀਵਨ ਰਾਮ ॥੧॥ ਰਹਾਉ ॥ ਆਵਤ ਕਛੂ ਨ ਦੀਸਈ ਨਹ ਦੀਸੈ ਜਾਤ ॥ ਜਹ ਉਪਜੈ ਬਿਨਸੈ ਤਹੀ ਜੈਸੇ ਪੁਰਿਵਨ ਪਾਤ ॥੨॥ ਮਿਥਿਆ ਕਰਿ ਮਾਇਆ ਤਜੀ ਸੁਖ ਸਹਜ ਬੀਚਾਰਿ ॥ ਕਹਿ ਕਬੀਰ ਸੇਵਾ ਕਰਹੁ ਮਨ ਮੰਝਿ ਮੁਰਾਰਿ ॥੩॥੧੦॥ ਬਿਲਾਵਲੁ ॥ ਜਨਮ ਮਰਨ ਕਾ ਭ੍ਰਮੁ ਗਇਆ ਗੋਬਿਦ ਲਿਵ ਲਾਗੀ ॥ ਜੀਵਤ ਸੁੰਨਿ ਸਮਾਨਿਆ ਗੁਰ ਸਾਖੀ ਜਾਗੀ ॥੧॥ ਰਹਾਉ ॥ ਕਾਸੀ ਤੇ ਧੁਨਿ ਊਪਜੈ ਧੁਨਿ ਕਾਸੀ ਜਾਈ ॥ ਕਾਸੀ ਫੂਟੀ ਪੰਡਿਤਾ ਧੁਨਿ ਕਹਾਂ ਸਮਾਈ ॥੧॥ ਤ੍ਰਿਕੁਟੀ ਸੰਧਿ ਮੈ ਪੇਖਿਆ ਘਟ ਹੂ ਘਟ ਜਾਗੀ ॥ ਐਸੀ ਬੁਧਿ ਸਮਾਚਰੀ ਘਟ ਮਾਹਿ ਤਿਆਗੀ ॥੨॥ ਆਪੁ ਆਪ ਤੇ ਜਾਨਿਆ ਤੇਜ ਤੇਜੁ ਸਮਾਨਾ ॥ ਕਹੁ ਕਬੀਰ ਅਬ ਜਾਨਿਆ ਗੋਬਿਦ ਮਨੁ ਮਾਨਾ ॥੩॥੧੧॥ ਬਿਲਾਵਲੁ ॥ ਚਰਨ ਕਮਲ ਜਾ ਕੈ ਰਿਦੈ ਬਸਹਿ ਸੋ ਜਨੁ ਕਿਉ ਡੋਲੈ ਦੇਵ ॥ ਮਾਨੌ ਸਭ ਸੁਖ ਨਉ ਨਿਧਿ ਤਾ ਕੈ ਸਹਜਿ ਸਹਜਿ ਜਸੁ ਬੋਲੈ ਦੇਵ ॥ ਰਹਾਉ ॥ ਤਬ ਇਹ ਮਤਿ ਜਉ ਸਭ ਮਹਿ ਪੇਖੈ ਕੁਟਿਲ ਗਾਂਠਿ ਜਬ ਖੋਲੈ ਦੇਵ ॥ ਬਾਰੰ ਬਾਰ ਮਾਇਆ ਤੇ ਅਟਕੈ ਲੈ ਨਰਜਾ ਮਨੁ ਤੋਲੈ ਦੇਵ ॥੧॥ ਜਹ ਉਹੁ ਜਾਇ ਤਹੀ ਸੁਖੁ ਪਾਵੈ ਮਾਇਆ ਤਾਸੁ ਨ ਝੋਲੈ ਦੇਵ ॥ ਕਹਿ ਕਬੀਰ ਮੇਰਾ ਮਨੁ ਮਾਨਿਆ ਰਾਮ ਪ੍ਰੀਤਿ ਕੀਓ ਲੈ ਦੇਵ ॥੨॥੧੨॥

ਬਿਲਾਵਲੁ ਬਾਣੀ ਭਗਤ ਨਾਮਦੇਵ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਸਫਲ ਜਨਮੁ ਮੋ ਕਉ ਗੁਰ ਕੀਨਾ ॥

ਦੂਖ ਬਿਸਾਰਿ ਸੁਖ ਅੰਤਰਿ ਲੀਨਾ ॥੧॥ ਗਿਆਨ ਅੰਜਨੁ ਮੋ ਕਉ ਗੁਰਿ ਦੀਨਾ ॥ ਰਾਮ ਨਾਮ ਬਿਨੁ ਜੀਵਨੁ ਮਨ ਹੀਨਾ ॥੧॥ ਰਹਾਉ ॥ ਨਾਮਦੇਇ ਸਿਮਰਨੁ ਕਰਿ ਜਾਨਾਂ ॥ ਜਗਜੀਵਨ ਸਿਉ ਜੀਉ ਸਮਾਨਾਂ ॥੨॥੧॥

### ਬਿਲਾਵਲੁ ਬਾਣੀ ਰਵਿਦਾਸ ਭਗਤ ਕੀ ੴ ਸਤਿਗੁਰ ਪ੍ਰਸਾਦਿ ॥

ਦਾਰਿਦੁ ਦੇਖਿ ਸਭ ਕੋ ਹਸੈ ਐਸੀ ਦਸਾ ਹਮਾਰੀ ॥ ਅਸਟ ਦਸਾ ਸਿਧਿ ਕਰ ਤਲੈ ਸਭ ਕ੍ਰਿਪਾ ਤੁਮਾਰੀ ॥੧॥ ਤੂ ਜਾਨਤ ਮੈ ਕਿਛੁ ਨਹੀ ਭਵ ਖੰਡਨ ਰਾਮ ॥ ਸਗਲ ਜੀਅ ਸਰਨਾਗਤੀ ਪ੍ਰਭ ਪੂਰਨ ਕਾਮ ॥੧॥ ਰਹਾਉ ॥ ਜੋ ਤੇਰੀ ਸਰਨਾਗਤਾ ਤਿਨ ਨਾਹੀ ਭਾਰੁ ॥ ਊਚ ਨੀਚ ਤੁਮ ਤੇ ਤਰੇ ਆਲਜੁ ਸੰਸਾਰੁ ॥੨॥ ਕਹਿ ਰਵਿਦਾਸ ਅਕਥ ਕਥਾ ਬਹੁ ਕਾਇ ਕਰੀਜੈ ॥ ਜੈਸਾ ਤੂ ਤੈਸਾ ਤੁਹੀ ਕਿਆ ਉਪਮਾ ਦੀਜੈ ॥੩॥੧॥ ਬਿਲਾਵਲੁ ॥ ਜਿਹ ਕੁਲ ਸਾਧੁ ਬੈਸਨੌ ਹੋਇ ॥ ਬਰਨ ਅਬਰਨ ਰੰਕੁ ਨਹੀ ਈਸੁਰੁ ਬਿਮਲ ਬਾਸੁ ਜਾਨੀਐ ਜਗਿ ਸੋਇ ॥੧॥ ਰਹਾਉ ॥ ਬ੍ਰਹਮਨ ਬੈਸ ਸੂਦ ਅਰੁ ਖੵਤ੍ਰੀ ਡੋਮ ਚੰਡਾਰ ਮਲੇਛ ਮਨ ਸੋਇ ॥ ਹੋਇ ਪੁਨੀਤ ਭਗਵੰਤ ਭਜਨ ਤੇ ਆਪੁ ਤਾਰਿ ਤਾਰੇ ਕੁਲ ਦੋਇ ॥੧॥ ਧੰਨਿ ਸੁ ਗਾਉ ਧੰਨਿ ਸੋ ਠਾਉ ਧੰਨਿ ਪੁਨੀਤ ਕੁਟੰਬ ਸਭ ਲੋਇ ॥ ਜਿਨਿ ਪੀਆ ਸਾਰ ਰਸੁ ਤਜੇ ਆਨ ਰਸ ਹੋਇ ਰਸ ਮਗਨ ਡਾਰੇ ਬਿਖੁ ਖੋਇ ॥੨॥ ਪੰਡਿਤ ਸੂਰ ਛਤ੍ਰਪਤਿ ਰਾਜਾ ਭਗਤ ਬਰਾਬਰਿ ਅਉਰੁ ਨ ਕੋਇ ॥ ਜੈਸੇ ਪੁਰੈਨ ਪਾਤ ਰਹੈ ਜਲ ਸਮੀਪ ਭਨਿ ਰਵਿਦਾਸ ਜਨਮੇ ਜਗਿ ਓਇ ॥੩॥੨॥

### ਬਾਣੀ ਸਧਨੇ ਕੀ ਰਾਗੁ ਬਿਲਾਵਲੁ ੴ ਸਤਿਗੁਰ ਪ੍ਰਸਾਦਿ ॥

ਨ੍ਰਿਪ ਕੰਨਿਆ ਕੇ ਕਾਰਨੈ ਇਕੁ ਭਇਆ ਭੇਖਧਾਰੀ ॥ ਕਾਮਾਰਥੀ ਸੁਆਰਥੀ ਵਾ ਕੀ ਪੈਜ ਸਵਾਰੀ ॥੧॥ ਤਵ ਗੁਨ ਕਹਾ ਜਗਤ ਗੁਰਾ ਜਉ ਕਰਮੁ ਨ ਨਾਸੈ ॥ ਸਿੰਘ ਸਰਨ ਕਤ ਜਾਈਐ ਜਉ ਜੰਬੁਕੁ ਗ੍ਰਾਸੈ ॥੧॥ ਰਹਾਉ ॥ ਏਕ ਬੂੰਦ ਜਲ ਕਾਰਨੇ ਚਾਤ੍ਰਿਕੁ ਦੁਖੁ ਪਾਵੈ ॥ ਪ੍ਰਾਨ ਗਏ ਸਾਗਰੁ ਮਿਲੈ ਫੁਨਿ ਕਾਮਿ ਨ ਆਵੈ ॥੨॥ ਪ੍ਰਾਨ ਜੁ ਥਾਕੇ ਥਿਰੁ ਨਹੀ ਕੈਸੇ ਬਿਰਮਾਵਉ ॥ ਬੂਡਿ ਮੂਏ ਨਉਕਾ ਮਿਲੈ ਕਹੁ ਕਾਹਿ ਚਢਾਵਉ ॥੩॥ ਮੈ ਨਾਹੀ ਕਛੁ ਹਉ ਨਹੀ ਕਿਛੁ ਆਹਿ ਨ ਮੋਰਾ ॥ ਅਉਸਰ ਲਜਾ ਰਾਖਿ ਲੇਹੁ ਸਧਨਾ ਜਨੁ ਤੋਰਾ ॥੪॥੧॥